ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ 'ਚ ਰਹੋ !! ਚੜ੍ਹਦੀਕਲਾ ਚੜ੍ਹਦੀਕਲਾ ਪੜ੍ਹੋ ! ਚੜ੍ਹਦੀਕਲਾ 'ਚ ਰਹੋ !!
ਬੀਤੀ ਅੱਧੀ ਸਦੀ ਤੋਂ ਧ੍ਰੂ ਤਾਰੇ ਵਾਂਗ ਚਮਕ ਰਿਹਾ ਰੋਸ਼ਨਾ 'ਚੜ੍ਹਦੀਕਲਾ' ਅਖ਼ਬਾਰ
- ਦੇਸ਼ ਦੇ ਸਭ ਤੋਂ ਸੀਨੀਅਰ ਪੱਤਰਕਾਰਾਂ ਵਿਚੋਂ ਇਕ ਸ੍ਰ. ਜਗਜੀਤ ਸਿੰਘ ਦਰਦੀ ਦੀ ਯੋਗ ਰਹਿਨੁਮਾਈ
- ਬਿਨਾਂ ਕਿਸੇ ਸਿਆਸੀ ਦਬਾਅ ਜਾਂ ਲਾਲਚ ਤੋਂ ਨਿਰਪੱਖਤਾ ਅਤੇ ਨਿਡਰਤਾ ਨਾਲ ਲੋਕ ਮੁੱਦਿਆਂ ਨੂੰ ਪੇਸ਼ ਕਰਨਾ
- ਧਾਰਮਿਕ ਕੱਟੜਤਾ ਅਤੇ ਵਪਾਰਕ ਲਾਭਾਂ ਜਿਹੀ ਸੋੜੀ ਸੋਚ ਤੋਂ ਕੋਹਾਂ ਦੂਰ, ਕੌਮੀ ਹਿਤਾਂ ਨੂੰ ਸਮਰਪਿਤ ਸੋਚ
- ਪੇਸ਼ੇ ਪ੍ਰਤੀ ਇਮਾਨਦਾਰ, ਸਮਰਪਿਤ ਅਤੇ ਸੰਵੇਦਨਸ਼ੀਲ ਪੱਤਰਕਾਰ ਅਤੇ ਸੰਪਾਦਕ ਸਟਾਫ਼
- ਹਰ ਵਰਗ ਦੇ ਪਾਠਕਾਂ ਲਈ ਉਸਾਰੂ ਸਮੱਗਰੀ ਦੀ ਭਰਮਾਰ
ਰਾਜਨੀਤਕ, ਸਮਾਜਿਕ, ਆਰਥਿਕ ਅਤੇ ਹਰ ਤਰ੍ਹਾਂ ਦੀਆਂ ਤਾਜ਼ਾ ਖ਼ਬਰਾਂ
ਪੰਜਾਬ ਦੇ ਹਰ ਪਿੰਡ ਹਰ ਸ਼ਹਿਰ 'ਚ ਮਿਲਦਾ ਹੈ
ਵੱਖ-ਵੱਖ ਵਿਸ਼ਿਆਂ ਅਤੇ ਚਲ੍ਹ ਮਾਮਲਿਆਂ ਬਾਰੇ ਜਾਣਕਾਰੀ ਭਰਪੂਰ ਸੰਪਾਦਕੀ ਲੇਖ, ਫੀਚਰ ਅਤੇ ਪੜ੍ਹਨਯੋਗ ਸਮੱਗਰੀ
ਆਪਣੇ ਅਖ਼ਬਾਰੀ ਏਜੰਟ ਤੋਂ 'ਚੜ੍ਹਦੀਕਲਾ' ਦੀ ਮੰਗ ਕਰੋ

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬੱਤ ਦਾ ਭਲਾ

# ਚੜ੍ਹਦੀਕਲਾ

charhdikala@gmail.com | chardikla.hr@gmail.com

Postal Regd No. PKL-234/2024-26

(ਕੁੱਲ ਸਫ਼ੇ 8 Pages 8)

ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ' | ਸੰਪਾਦਕ : ਡਾ. ਕੇ.ਕੇ. ਸੰਧੂ | ਪ੍ਰਬੰਧਕੀ ਸੰਪਾਦਕ : ਦੀਪਕ ਜੈਦਕਾ




ਸਾਲ (Year) 9, ਅੰਕ ਨੰਬਰ (Volume No.) 83 PRGI (RNI) Regd No. HARPUN/2017/74226 ਫੋਨ ਨੰ : 94164-06615, 74042-78000 DAILY CHARHDIKALA, KARNAL Thursday 26 March, 2026) ਵੀਰਵਾਰ 26 ਮਾਰਚ 2026 ਮੁੱਲ 2.00 ਰੁਪਏ

## ਮਿਡਲ ਈਸਟ ਦੇ ਹਾਲਾਤ ਤੇ ਕੇਂਦਰ ਨੇ ਬੁਲਾਈ ਸਰਵ-ਪਾਰਟੀ ਮੀਟਿੰਗ, TMC ਵੱਲੋਂ ਬੈਠਕ ਦਾ ਬਾਈਕਾਟ



ਨਵੀਂ ਦਿੱਲੀ 25 ਮਾਰਚ (ਜਸਕਿਰਤ ਸਿੰਘ) ਪੱਛਮੀ ਏਸ਼ੀਆ ਵਿੱਚ ਜਾਰੀ ਤਣਾਅ ਅਤੇ ਵਿਸ਼ਵਵਿਆਪੀ ਚਿੰਤਾਵਾਂ ਦੇ ਵਿਚਕਾਰ ਕੇਂਦਰ ਸਰਕਾਰ ਵੱਲੋਂ ਬੁਲਾਈ ਗਈ ਸਰਬ ਪਾਰਟੀ ਮੀਟਿੰਗ ਅੱਜ ਸ਼ੁਰੂ ਹੋ ਗਈ ਹੈ। ਇਸ ਅਹਿਮ ਬੈਠਕ ਦੀ ਪ੍ਰਧਾਨਗੀ ਰੱਖਿਆ ਮੰਤਰੀ ਰਾਜਨਾਥ ਸਿੰਘ ਕਰ ਰਹੇ ਹਨ। ਬੈਠਕ ਦਾ ਮੁੱਖ ਉਦੇਸ਼ ਮੱਧ ਪੂਰਬ ਦੇ ਮੌਜੂਦਾ ਹਾਲਾਤ 'ਤੇ ਚਰਚਾ ਕਰਨਾ ਅਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਸੁਝਾਅ ਲੈਣਾ ਹੈ।

ਤ੍ਰਿਣਮੂਲ ਕਾਂਗਰਸ ਨੇ ਇਸ ਸਰਬ ਪਾਰਟੀ ਮੀਟਿੰਗ ਦਾ ਪੂਰੀ ਤਰ੍ਹਾਂ ਬਾਈਕਾਟ ਕੀਤਾ ਹੈ। ਟੀਐਮਸੀ ਦੇ ਸਾਂਸਦ ਸੌਗਤ ਰਾਏ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀ ਲੜਾਈ ਭਾਜਪਾ ਨਾਲ ਹੈ, ਇਸ ਲਈ ਉਹ ਉਨ੍ਹਾਂ ਨਾਲ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਣਗੇ। ਦੂਜੇ ਪਾਸੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵੀ ਕੇਰਲ ਵਿੱਚ ਇੱਕ ਪੂਰਵ-ਨਿਰਧਾਰਤ ਪ੍ਰੋਗਰਾਮ ਕਾਰਨ ਇਸ ਬੈਠਕ ਵਿੱਚ ਸ਼ਾਮਲ ਨਹੀਂ ਹੋ ਸਕੇ। ਮੀਟਿੰਗ ਵਿੱਚ ਸ਼ਾਮਲ ਨਾ ਹੁੰਦਿਆਂ ਰਾਹੁਲ ਗਾਂਧੀ ਨੇ ਕੇਂਦਰ ਸਰਕਾਰ ਦੀ ਵਿਦੇਸ਼ ਨੀਤੀ 'ਤੇ ਸਖ਼ਤ ਨਿਸ਼ਾਨਾ ਸਾਧਿਆ। ਉਨ੍ਹਾਂ ਦੋਸ਼ ਲਾਇਆ ਕਿ ਦੇਸ਼ ਦੀ ਵਿਦੇਸ਼ ਨੀਤੀ ਹੁਣ ਸਰਕਾਰ ਦੀ ਨਿੱਜੀ ਪਾਲਿਸੀ ਬਣ ਗਈ ਹੈ ਅਤੇ ਇਹ ਇੱਕ ÷ਯੂਨੀਵਰਸਲ ਮਜ਼ਾਕ÷ ਵਾਂਗ ਜਾਪਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਅਮਰੀਕਾ ਅਤੇ ਇਜ਼ਰਾਈਲ ਦੇ ਕਹੇ ਅਨੁਸਾਰ ਚੱਲ ਰਹੇ ਹਨ, ਜਿਸ ਦਾ ਨੁਕਸਾਨ ਆਉਣ ਵਾਲੇ ਸਮੇਂ ਵਿੱਚ ਲੋਕਾਂ ਨੂੰ ਝੱਲਣਾ ਪਵੇਗਾ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਰਾਜ ਸਭਾ ਵਿੱਚ ਦੱਸਿਆ ਕਿ ਪੱਛਮੀ ਏਸ਼ੀਆ ਦੇ ਯੁੱਧ ਕਾਰਨ ਪੈਦਾ ਹੋਣ ਵਾਲੀਆਂ ਸਥਿਤੀਆਂ ਨਾਲ ਨਜਿੱਠਣ ਲਈ ਸੱਤ ਨਵੇਂ ਅਧਿਕਾਰ ਪ੍ਰਾਪਤ ਸਮੂਹਾਂ ਦਾ ਗਠਨ ਕੀਤਾ ਗਿਆ ਹੈ। ਇਹ ਸਮੂਹ ਐਲਪੀਜੀ, ਜ਼ਰੂਰੀ ਸੇਵਾਵਾਂ ਦੀ ਸਪਲਾਈ ਅਤੇ ਹੋਰ ਮਹੱਤਵਪੂਰਨ ਖੇਤਰਾਂ ਦੀ ਨਿਯਮਤ ਨਿਗਰਾਨੀ ਕਰਨਗੇ। ਸਰਕਾਰ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਦੇਸ਼ ਵਿੱਚ ਤੇਲ ਅਤੇ ਗੈਸ ਦੀ ਕੋਈ ਕਮੀ ਨਹੀਂ ਹੈ। ਇਸ ਬੈਠਕ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ, ਭਾਜਪਾ ਪ੍ਰਧਾਨ ਜੇਪੀ ਨੱਡਾ, ਵਿਦੇਸ਼ ਮੰਤਰੀ ਐਸ ਜੈਸ਼ੰਕਰ, ਪੈਟਰੋਲੀਅਮ ਮੰਤਰੀ ਹਰਦੀਪ ਪੁਰੀ ਅਤੇ ਵਿਦੇਸ਼ ਸਕੱਤਰ ਵਿਕਰਮ ਮਿਸਰੀ ਹਾਜ਼ਰ ਸਨ। ਵਿਰੋਧੀ ਧਿਰ ਵੱਲੋਂ ਕਾਂਗਰਸ ਦੇ ਤਾਰਿਕ ਅਨਵਰ ਅਤੇ ਮੁਕੁਲ ਵਾਸਨਿਕ, ਬੀਜੇਡੀ ਤੋਂ ਸਸਮਿਤ ਪਾਤਰਾ, ਜੇਡੀਯੂ ਤੋਂ ਲੱਲਨ ਸਿੰਘ ਅਤੇ ਸੰਜੇ ਝਾਅ, ਅਤੇ ਸੀਪੀਆਈਐਮ ਤੋਂ ਜਾਨ ਬ੍ਰਿਟਾਸ ਸਮੇਤ ਕਈ ਹੋਰ ਆਗੂਆਂ ਨੇ ਸ਼ਿਰਕਤ ਕੀਤੀ। ਐਨਡੀਏ ਨੇਤਾਵਾਂ ਨੇ ਪ੍ਰਧਾਨ ਮੰਤਰੀ ਦੇ ਫੈਸਲਿਆਂ ਨੂੰ ਜਨਤਕ ਹਿੱਤ ਵਿੱਚ ਦੱਸਿਆ ਹੈ।



## ਵੋਟ ਪਾਉਣ ਦਾ ਅਧਿਕਾਰ ਖੋਹਿਆ ਜਾ ਰਿਹਾ, ਅਗਲੀ ਵਾਰ ਨਾਗਰਿਕਤਾ ਖੋਹ ਲੈਣਗੇ : ਮਮਤਾ ਬੈਨਰਜੀ

ਮੈਨਾਗੁਰੀ (ਪੱਛਮੀ ਬੰਗਾਲ) 25 ਮਾਰਚ (ਚ.ਨ.ਸ.) ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਬੁੱਧਵਾਰ ਨੂੰ ਭਾਰਤੀ ਜਨਤਾ ਪਾਰਟੀ (ਭਾਜਪਾ), ਕੇਂਦਰ ਸਰਕਾਰ ਅਤੇ ਚੋਣ ਕਮਿਸ਼ਨ 'ਤੇ ਤਿੱਖਾ ਹਮਲਾ ਕਰਦੇ ਹੋਏ ਉਨ੍ਹਾਂ 'ਤੇ ਸੰਵਿਧਾਨਕ ਸੰਸਥਾਵਾਂ ਦੀ ਦੁਰਵਰਤੋਂ ਕਰਕੇ ਲੋਕਤੰਤਰ ਨੂੰ ਕਮਜ਼ੋਰ ਕਰਨ ਦਾ ਦੋਸ਼ ਲਗਾਇਆ। ਉੱਤਰੀ ਬੰਗਾਲ ਦੇ ਮੈਨਾਗੁਰੀ ਵਿੱਚ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਬੈਨਰਜੀ ਨੇ ਦੋਸ਼ ਲਾਇਆ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਅਤੇ ਚੋਣ ਕਮਿਸ਼ਨ -ਵੋਟ ਪਾਉਣ ਦਾ ਅਧਿਕਾਰ ਖੋਹ ਰਹੇ ਹਨ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਅਗਲਾ ਕਦਮ ਰਾਸ਼ਟਰੀ ਨਾਗਰਿਕ ਰਜਿਸਟਰ (NRC) ਲਾਗੂ ਕਰਕੇ ਨਾਗਰਿਕਤਾ ਖੋਹਣ ਦੀ ਕੋਸ਼ਿਸ਼ ਹੋ ਸਕਦੀ ਹੈ। ਬੈਨਰਜੀ ਨੇ ਇਹ ਵੀ ਦੋਸ਼ ਲਗਾਇਆ ਕਿ ਵੋਟਰ ਸੂਚੀਆਂ ਦੇ ਸਪੈਸ਼ਲ ਇੰਟੈਂਸਿਵ ਰਿਵੀਜ਼ਨ (SIR) ਰਾਹੀਂ ਕੁਝ ਭਾਈਚਾਰਿਆਂ ਨੂੰ ਚੋਣ ਪ੍ਰਕਿਰਿਆਵਾਂ ਤੋਂ ਬਾਹਰ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ, ÷ਰਾਜਬੰਸ਼ੀਆਂ ਦੇ ਨਾਮ ਐਸਆਈਆਰ ਰਾਹੀਂ ਹਟਾ ਦਿੱਤੇ ਗਏ ਹਨ। ਔਰਤਾਂ ਦੇ ਨਾਮ ਵੀ ਹਟਾਏ ਜਾ ਰਹੇ ਹਨ। ਜੇਕਰ ਐਸਆਈਆਰ ਕਾਰਨ ਮੌਤਾਂ ਹੁੰਦੀਆਂ ਹਨ, ਤਾਂ ਜ਼ਿੰਮੇਵਾਰੀ ਕੌਣ ਲਵੇਗਾ ?

ਤ੍ਰਿਣਮੂਲ ਕਾਂਗਰਸ ਮੁਖੀ ਨੇ ਕਿਹਾ, 'ਚੋਣ ਕਮਿਸ਼ਨ, ਭਾਜਪਾ ਅਤੇ ਕੇਂਦਰ ਸਰਕਾਰ ਸੰਵਿਧਾਨ ਦੀ ਪਾਲਣਾ ਨਹੀਂ ਕਰ ਰਹੇ ਹਨ ਅਤੇ ਵੋਟ ਪਾਉਣ ਦੇ ਅਧਿਕਾਰ ਨੂੰ ਖੋਹਣ ਦੀ ਕੋਸ਼ਿਸ਼ ਕਰ ਰਹੇ ਹਨ। ਅੱਜ ਉਹ ਵੋਟ ਪਾਉਣ ਦੇ ਅਧਿਕਾਰ ਨੂੰ ਖੋਹ ਰਹੇ ਹਨ; ਕੱਲ੍ਹ ਉਹ ਰਾਸ਼ਟਰੀ ਨਾਗਰਿਕ ਰਜਿਸਟਰ (ਐਨਆਰਸੀ) ਲਿਆ ਕੇ ਨਾਗਰਿਕਤਾ ਖੋਹ ਲੈਣਗੇ।÷ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਨਾਮ ਲਏ ਬਿਨਾਂ ਬੈਨਰਜੀ ਨੇ ਰੈਲੀ ਵਿੱਚ ਮੌਜੂਦ ਲੋਕਾਂ ਨੂੰ ÷ਇੱਥੇ ਮੌਜੂਦ ਸੱਜਣ ਅਤੇ ਦਿੱਲੀ ਦੇ ਦੋ ਸੱਜਣਾਂ ਨੂੰ ਅਲਵਿਦਾ ਕਹਿਣ÷ ਦੀ ਅਪੀਲ ਕੀਤੀ।

ਮੁੱਖ ਮੰਤਰੀ ਨੇ ਦੋਸ਼ ਲਾਇਆ ਕਿ ਸੱਤਾਧਾਰੀ ਤ੍ਰਿਣਮੂਲ ਕਾਂਗਰਸ ਨੂੰ ਉਸਦੇ ਅਧਿਕਾਰਾਂ ਤੋਂ ਵਾਂਝਾ ਕੀਤਾ ਜਾ ਰਿਹਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਤ੍ਰਿਣਮੂਲ ਕਾਂਗਰਸ ਦੀ ਸਭ ਤੋਂ ਵੱਡੀ ਤਾਕਤ ਸੂਬੇ ਦੇ ਲੋਕ ਹਨ। ਭਾਜਪਾ ਅਤੇ ਚੋਣ ਕਮਿਸ਼ਨ 'ਤੇ ਮਿਲੀਭੁਗਤ ਦਾ ਦੋਸ਼ ਲਗਾਉਂਦੇ ਹੋਏ, ਉਸਨੇ ਕਿਹਾ, 'ਉਨ੍ਹਾਂ ਨੇ ਸਾਡੇ ਤੋਂ ਸਭ ਕੁਝ ਖੋਹ ਲਿਆ ਹੈ। ਹੁਣ, ਮੇਰੇ ਕੋਲ ਸਿਰਫ਼ ਸਾਡੇ ਲੋਕ ਹਨ।' ਬੈਨਰਜੀ ਨੇ ਛੇ ਸਾਲ ਪੁਰਾਣੇ ਚੋਣ ਕਮਿਸ਼ਨ ਦੇ ਦਸਤਾਵੇਜ਼ ਦਾ ਹਵਾਲਾ ਦਿੰਦੇ ਉੱਤਰੀ ਬੰਗਾਲ ਲਈ ਰਵਾਨਾ ਹੋਣ ਤੋਂ ਪਹਿਲਾਂ ਕੋਲਕਾਤਾ ਹਵਾਈ ਅੱਡੇ 'ਤੇ ਇਸੇ ਤਰ੍ਹਾਂ ਦੇ ਦੋਸ਼ ਲਗਾਏ ਸਨ। ਇਸ ਦਸਤਾਵੇਜ਼ ਵਿੱਚ ਕਥਿਤ ਤੌਰ 'ਤੇ ਭਾਜਪਾ ਦਾ ਕਮਲ ਚਿੰਨ੍ਹ ਦਿਖਾਇਆ ਗਿਆ ਸੀ।

## ਗੁਰੂਗ੍ਰਾਮ ਮਾਸੂਮ ਬਲਾਤਕਾਰ ਮਾਮਲਾ: SC ਨੇ ਬਣਾਈ ਤਿੰਨ ਮਹਿਲਾ IPS ਅਫਸਰਾਂ ਦੀ SIT

### ➤ ਪੁਲੀਸ ਦੀ ਕਾਰਵਾਈ ਨੂੰ ਦੱਸਿਆ 'ਸ਼ਰਮਨਾਕ'; CJI ਸੂਰਿਆ ਕਾਂਤ ਨੇ ਅਫਸਰਾਂ ਤੇ ਡਾਕਟਰ ਨੂੰ ਪਾਈ ਝਾੜ




ਨਵੀਂ ਦਿੱਲੀ 25 ਮਾਰਚ (ਜਸਕਿਰਤ ਸਿੰਘ) ਸੁਪਰੀਮ ਕੋਰਟ ਨੇ ਗੁਰੂਗ੍ਰਾਮ ਵਿੱਚ ਚਾਰ ਸਾਲਾ ਮਾਸੂਮ ਬੱਚੀ ਨਾਲ ਹੋਏ ਜ਼ਬਰ-ਜਨਾਹ ਦੇ ਮਾਮਲੇ ਵਿੱਚ ਹਰਿਆਣਾ ਪੁਲੀਸ ਦੀ 'ਗੈਰ-ਸੰਵੇਦਨਸ਼ੀਲਤਾ' 'ਤੇ ਸਖ਼ਤ ਰੁਖ਼ ਅਖਤਿਆਰ ਕੀਤਾ ਹੈ। ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਵਾਲੇ ਤਿੰਨ ਜੱਜਾਂ ਦੇ ਬੈਂਚ ਨੇ ਅੱਜ ਇਸ ਮਾਮਲੇ ਦੀ ਜਾਂਚ ਲਈ ਤਿੰਨ ਮਹਿਲਾ IPS ਅਧਿਕਾਰੀਆਂ ਦੀ ਇੱਕ ਵਿਸ਼ੇਸ਼ ਜਾਂਚ ਟੀਮ (SIT) ਗਠਿਤ ਕਰਨ ਦੇ ਹੁਕਮ ਦਿੱਤੇ ਹਨ। ਅਦਾਲਤ ਨੇ ਗੁਰੂਗ੍ਰਾਮ ਪੁਲੀਸ ਨੂੰ ਹਦਾਇਤ ਕੀਤੀ ਹੈ ਕਿ ਕੇਸ ਦੀ ਸਾਰੀ ਫਾਈਲ ਵੀਰਵਾਰ ਤੱਕ SIT ਦੇ ਹਵਾਲੇ ਕੀਤੀ ਜਾਵੇ। ਬੈਂਚ, ਜਿਸ ਵਿੱਚ ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵਿਪੁਲ ਐਮ ਪੰਚੋਲੀ ਵੀ ਸ਼ਾਮਲ ਸਨ, ਨੇ ਪੁਲੀਸ ਦੀ ਕਾਰਵਾਈ ਨੂੰ 'ਸ਼ਰਮਨਾਕ' ਕਰਾਰ ਦਿੱਤਾ। ਅਦਾਲਤ ਨੇ ਨੋਟ ਕੀਤਾ ਕਿ ਪੁਲੀਸ ਨੇ ਪੋਕਸੋ (POCSO) ਐਕਟ ਦੀ ਗੰਭੀਰ ਧਾਰਾ 6 ਨੂੰ ਹਲਕੀ ਧਾਰਾ 10 ਵਿੱਚ ਬਦਲ ਦਿੱਤਾ ਸੀ। ਸੀ.ਜੇ.ਆਈ. ਨੇ ਸਖ਼ਤ ਲਹਿਜੇ ਵਿੱਚ ਪੁੱਛਿਆ, ਪੁਲਿਸ ਇੰਨੀ ਗੈਰ-ਸੰਵੇਦਨਸ਼ੀਲ ਕਿਵੇਂ ਹੋ ਸਕਦੀ ਹੈ ? ਕੀ ਇੱਕ ਮੈਟਰੋਪੋਲੀਟਨ ਸ਼ਹਿਰ ਵਿੱਚ ਅਜਿਹਾ ਹੋ ਰਿਹਾ ਹੈ ? ਪੁਲੀਸ ਇੰਸਪੈਕਟਰ ਮਾਪਿਆਂ ਨੂੰ ਪੁੱਛ ਰਿਹਾ ਸੀ ਕਿ ਉਹ ਕੀ ਚਾਹੁੰਦੇ ਹਨ, ਜਦਕਿ ਤੁਰੰਤ FIR ਦਰਜ ਕਰਨਾ ਉਨ੍ਹਾਂ ਦਾ ਫਰਜ਼ ਸੀ। ਅਦਾਲਤ ਨੇ ਜਾਂਚ ਵਿੱਚ ਸ਼ਾਮਲ ਪੁਲੀਸ ਅਧਿਕਾਰੀਆਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰਦਿਆਂ ਪੁੱਛਿਆ ਹੈ ਕਿ ਉਨ੍ਹਾਂ ਖ਼ਿਲਾਫ਼ ਅਨੁਸ਼ਾਸਨੀ ਕਾਰਵਾਈ ਕਿਉਂ ਨਾ ਕੀਤੀ ਜਾਵੇ। ਇਸ ਦੇ ਨਾਲ ਹੀ, ਚਾਈਲਡ ਵੈਲਫੇਅਰ ਕਮੇਟੀ (3➟3) ਦੇ ਮੈਂਬਰਾਂ ਅਤੇ ਮੈਕਸ ਹਸਪਤਾਲ ਦੀ ਇੱਕ ਮਹਿਲਾ ਡਾਕਟਰ ਨੂੰ ਵੀ ਨੋਟਿਸ ਜਾਰੀ ਕੀਤਾ ਗਿਆ ਹੈ। ਡਾਕਟਰ ਤੋਂ ਪੁੱਛਿਆ ਗਿਆ ਹੈ ਕਿ ਅਦਾਲਤ ਵੱਲੋਂ ਮਾਮਲੇ ਦਾ ਨੋਟਿਸ ਲੈਣ ਤੋਂ ਬਾਅਦ ਉਸ ਨੇ ਆਪਣੀ ਰਿਪੋਰਟ ਕਿਉਂ ਬਦਲੀ।

ਸੁਪਰੀਮ ਕੋਰਟ ਨੇ ਬੱਚੀ ਦੀ ਪਛਾਣ ਸੁਰੱਖਿਅਤ ਰੱਖਣ ਲਈ ਉਸ ਦਾ, ਉਸ ਦੇ ਮਾਪਿਆਂ ਅਤੇ ਸਕੂਲ ਦਾ ਨਾਂ ਰਿਕਾਰਡ ਵਿੱਚੋਂ ਹਟਾਉਣ ਦੇ ਵੀ ਹੁਕਮ ਦਿੱਤੇ ਹਨ। ਮਾਮਲੇ ਦੀ ਅਗਲੀ ਸੁਣਵਾਈ 6 ਅਪਰੈਲ ਨੂੰ ਹੋਵੇਗੀ।

## ਮੋਦੀ ਕੈਬਨਿਟ ਦਾ ਵੱਡਾ ਤੋਹ.ਫਾ: ਹਵਾਈ ਸ.ਫਰ ਹੋਵੇਗਾ ਹੋਰ ਵੀ ਸਸਤਾ, ਦੇਸ਼ 'ਚ ਬਣਨਗੇ 100 ਨਵੇਂ ਹਵਾਈ ਅੱਡੇ

ਨਵੀਂ ਦਿੱਲੀ 25 ਮਾਰਚ (ਅੰਮ੍ਰਿਤਪਾਲ ਸਿੰਘ) ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਹੋਈ ਕੇਂਦਰੀ ਕੈਬਨਿਟ ਦੀ ਬੈਠਕ ਵਿੱਚ ਦੇਸ਼ ਦੇ ਹਵਾਬਾਜ਼ੀ ਖੇਤਰ ਅਤੇ ਬੁਨਿਆਦੀ ਢਾਂਚੇ ਨੂੰ ਲੈ ਕੇ ਕਈ ਅਹਿਮ ਫੈਸਲੇ ਲਏ ਗਏ ਹਨ। ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਦੱਸਿਆ ਕਿ ਸਰਕਾਰ ਨੇ ਦੇਸ਼ ਵਿੱਚ 100 ਨਵੇਂ ਏਅਰਪੋਰਟ ਬਣਾਉਣ ਨੂੰ ਮਨਜ਼ੂਰੀ ਦੇ ਦਿੱਤੀ ਹੈ, ਤਾਂ ਜੋ ਆਮ ਆਦਮੀ ਲਈ ਹਵਾਈ ਸਫ਼ਰ ਨੂੰ ਸਸਤਾ ਅਤੇ ਸੁਖਾਲਾ ਬਣਾਇਆ ਜਾ ਸਕੇ।



**ਏਅਰਪੋਰਟਾਂ ਲਈ 'ਚੈਲੇਂਜ ਮੋਡ' ਰਣਨੀਤੀ**

ਇਨ੍ਹਾਂ 100 ਨਵੇਂ ਹਵਾਈ ਅੱਡਿਆਂ ਦੇ ਨਿਰਮਾਣ ਲਈ ਸਰਕਾਰ ਨੇ 12,159 ਕਰੋੜ ਰੁਪਏ ਦਾ ਬਜਟ ਰੱਖਿਆ ਹੈ। ਖ਼ਾਸ ਗੱਲ ਇਹ ਹੈ ਕਿ ਇਹ ਪ੍ਰੋਜੈਕਟ 'ਚੈਲੇਂਜ ਮੋਡ' ਰਾਹੀਂ ਨੇਪਰੇ ਚਾੜ੍ਹੇ ਜਾਣਗੇ, ਜਿਸ ਦਾ ਮਤਲਬ ਹੈ ਕਿ ਸ਼ਹਿਰਾਂ ਅਤੇ ਰਾਜਾਂ ਵਿਚਕਾਰ ਮੁਕਾਬਲਾ ਹੋਵੇਗਾ। ਜਿਹੜਾ ਸ਼ਹਿਰ ਜ਼ਮੀਨ, ਸੁਰੱਖਿਆ ਅਤੇ ਹੋਰ ਸਹੂਲਤਾਂ ਸਭ ਤੋਂ ਪਹਿਲਾਂ ਮੁਹੱਈਆ ਕਰਵਾਏਗਾ, ਉੱਥੇ ਏਅਰਪੋਰਟ ਬਣਾਉਣ ਨੂੰ ਪਹਿਲ ਦਿੱਤੀ ਜਾਵੇਗੀ।

**'ਉਡਾਨ' ਯੋਜਨਾ ਦਾ 2036 ਤੱਕ ਵਿਸਥਾਰ**

ਕੈਬਨਿਟ ਨੇ ਛੋਟੇ ਸ਼ਹਿਰਾਂ ਨੂੰ ਹਵਾਈ ਮਾਰਗ ਨਾਲ ਜੋੜਨ ਵਾਲੀ 'ਉਡਾਨ' ("41©) ਯੋਜਨਾ ਨੂੰ ਅਗਲੇ 10 ਸਾਲਾਂ (2036 ਤੱਕ) ਲਈ ਵਧਾ ਦਿੱਤਾ ਹੈ। ਇਸ ਯੋਜਨਾ ਦੇ ਵਿਸਥਾਰ 'ਤੇ ਸਰਕਾਰ 28,840 ਕਰੋੜ ਰੁਪਏ ਖਰਚ ਕਰੇਗੀ। ਇਸ ਤੋਂ ਇਲਾਵਾ, ਪਹਾੜੀ ਇਲਾਕਿਆਂ, ਉੱਤਰ-ਪੂਰਬੀ ਰਾਜਾਂ ਅਤੇ ਟਾਪੂਆਂ ਵਿੱਚ ਆਵਾਜਾਈ ਨੂੰ ਬਿਹਤਰ ਬਣਾਉਣ ਲਈ 200 ਨਵੇਂ ਅਤੇ ਆਧੁਨਿਕ ਹੈਲੀਪੈਡ ਵੀ ਬਣਾਏ ਜਾਣਗੇ, ਜਿਸ ਲਈ 3,661 ਕਰੋੜ ਰੁਪਏ ਦਾ ਬਜਟ ਤੈਅ ਕੀਤਾ ਗਿਆ ਹੈ। ਸੁਰੱਖਿਆ ਅਤੇ ਇਮੀਗ੍ਰੇਸ਼ਨ ਪ੍ਰਕਿਰਿਆ ਨੂੰ ਮਜ਼ਬੂਤ ਕਰਨ ਲਈ ਸਰਕਾਰ ਨੇ IVFRT ਸਕੀਮ (ਵਿਦੇਸ਼ੀਆਂ ਦੀ ਵੀਜ਼ਾ ਰਜਿਸਟ੍ਰੇਸ਼ਨ ਅਤੇ ਟ੍ਰੈਕਿੰਗ) ਨੂੰ 31 ਮਾਰਚ 2031 ਤੱਕ ਵਧਾਉਣ ਦਾ ਫੈਸਲਾ ਕੀਤਾ ਹੈ। ਇਸ ਪ੍ਰੋਜੈਕਟ 'ਤੇ 1800 ਕਰੋੜ ਰੁਪਏ ਖਰਚੇ ਜਾਣਗੇ। ਬੈਠਕ ਵਿੱਚ ਵਾਤਾਵਰਣ ਸਬੰਧੀ ਵੀ ਵੱਡਾ ਫੈਸਲਾ ਲਿਆ ਗਿਆ, ਜਿਸ ਤਹਿਤ ਸਾਲ 2025 ਤੋਂ 2035 ਤੱਕ ਲਈ ਨਵੇਂ ਵਾਤਾਵਰਣ ਟੀਚੇ ਮਿਥੇ ਗਏ ਹਨ ਤਾਂ ਜੋ ਦੇਸ਼ ਵਿੱਚ ਪ੍ਰਦੂਸ਼ਣ ਨੂੰ ਘੱਟ ਕੀਤਾ ਜਾ ਸਕੇ। ਭਾਰਤ ਵਿੱਚ ਬਣੇ ਜਹਾਜ਼ਾਂ ਨੂੰ ਉਤਸ਼ਾਹਿਤ ਕਰਨ ਲਈ ਵੀ 400 ਕਰੋੜ ਰੁਪਏ ਦਾ ਵਿਸ਼ੇਸ਼ ਬਜਟ ਰੱਖਿਆ ਗਿਆ ਹੈ।

## ਸਵਾਮੀ ਅਵੀਮੁਕਤੇਸ਼ਵਰਾਨੰਦ ਨੂੰ ਵੱਡੀ ਰਾਹਤ

ਨਵੀਂ ਦਿੱਲੀ 25 ਮਾਰਚ (ਹਰਮਿਸਰਨ ਸਿੰਘ) ਇਲਾਹਾਬਾਦ ਹਾਈ ਕੋਰਟ ਨੇ ਜਿਨਸੀ ਸ਼ੋਸ਼ਣ ਦੇ ਇੱਕ ਮਾਮਲੇ ਵਿੱਚ ਫਸੇ ਸਵਾਮੀ ਅਵੀਮੁਕਤੇਸ਼ਵਰਾਨੰਦ ਸਰਸਵਤੀ ਅਤੇ ਉਨ੍ਹਾਂ ਦੇ ਚੇਲੇ ਸਵਾਮੀ ਮੁਕੁੰਦਾਨੰਦ ਗਿਰੀ ਨੂੰ ਵੱਡੀ ਰਾਹਤ ਦਿੱਤੀ ਹੈ।



ਅਦਾਲਤ ਨੇ ਦੋਵਾਂ ਦੀ ਅਗਾਊਂ ਜ਼ਮਾਨਤ ਪਟੀਸ਼ਨ ਸਵੀਕਾਰ ਕਰ ਲਈ ਹੈ, ਜਿਸ ਨਾਲ ਹੁਣ ਉਨ੍ਹਾਂ ਦੀ ਗ੍ਰਿਫਤਾਰੀ 'ਤੇ ਰੋਕ ਲੱਗ ਗਈ ਹੈ।

ਇਹ ਅਹਿਮ ਫੈਸਲਾ ਜਸਟਿਸ ਜਿਤੇਂਦਰ ਕੁਮਾਰ ਸਿਨਹਾ ਦੀ ਸਿੰਗਲ ਬੈਂਚ ਵੱਲੋਂ ਸੁਣਾਇਆ ਗਿਆ ਹੈ। ਜ਼ਿਕਰਯੋਗ ਹੈ ਕਿ ਅਦਾਲਤ ਨੇ 27 ਫਰਵਰੀ ਨੂੰ ਸੁਣਵਾਈ ਪੂਰੀ ਕਰਨ ਤੋਂ ਬਾਅਦ ਫੈਸਲਾ ਸੁਰੱਖਿਅਤ ਰੱਖ ਲਿਆ ਸੀ ਅਤੇ ਉਦੋਂ ਤੱਕ ਗ੍ਰਿਫਤਾਰੀ 'ਤੇ ਵੀ ਰੋਕ ਲਗਾਈ ਸੀ,। ਸਵਾਮੀ ਅਵੀਮੁਕਤੇਸ਼ਵਰਾਨੰਦ ਵਿਰੁੱਧ ਸਵਾਮੀ ਰਾਮਭਦਰਾਚਾਰੀਆ ਦੇ ਚੇਲੇ ਆਸ਼ੂਤੋਸ਼ ਬ੍ਰਹਮਚਾਰੀ ਅਤੇ ਇੱਕ ਨਾਬਾਲਗ ਸਮੇਤ ਦੋ ਹੋਰ ਲੋਕਾਂ ਨੇ ਸ਼ਿਕਾਇਤ ਦਰਜ ਕਰਵਾਈ ਸੀ। ਹਾਲਾਂਕਿ, ਰਾਜ ਸਰਕਾਰ ਅਤੇ ਸ਼ਿਕਾਇਤਕਰਤਾ ਦੇ ਵਕੀਲਾਂ ਨੇ ਇਸ ਜ਼ਮਾਨਤ ਅਰਜ਼ੀ ਦਾ ਸਖ਼ਤ ਵਿਰੋਧ ਕੀਤਾ ਸੀ।

## ਭਾਰਤ ਵੱਲੋਂ ਅੰਦਰਾਬੀ ਦੀ ਸਜ਼ਾ 'ਤੇ ਪਾਕਿਸਤਾਨ ਦੀਆਂ ਟਿੱਪਣੀਆਂ ਖਾਰਜ, ਅਤਿਵਾਦੀ ਸੰਗਠਨ ਦੀ ਹਮਾਇਤ ਕਰਨ 'ਤੇ ਪਾਈ ਝਾੜ



ਨਵੀਂ ਦਿੱਲੀ 25 ਮਾਰਚ (ਹਰਸਿਮਰਨ ਸਿੰਘ) ਭਾਰਤ ਨੇ ਬੁੱਧਵਾਰ ਨੂੰ ਕਸ਼ਮੀਰੀ ਵੱਖਵਾਦੀ ਆਗੂ ਆਸੀਆ ਅੰਦਰਾਬੀ ਦੀ ਸਜ਼ਾ ਬਾਰੇ ਪਾਕਿਸਤਾਨ ਦੀ ਆਲੋਚਨਾ ਨੂੰ ਸਖ਼ਤੀ ਨਾਲ ਖਾਰਜ ਕਰਦਿਆਂ ਕਿਹਾ ਕਿ ਇਸਲਾਮਾਬਾਦ ਕੋਲ ਭਾਰਤ ਦੇ ਅੰਦਰੂਨੀ ਨਿਆਂਇਕ ਮਾਮਲਿਆਂ 'ਤੇ ਟਿੱਪਣੀ ਕਰਨ ਦਾ ਕੋਈ ÷ਲੋਕਸ ਸਟੈਂਡੀ÷ (ਕਾਨੂੰਨੀ ਅਧਿਕਾਰ) ਨਹੀਂ ਹੈ ਅਤੇ ਉਸ 'ਤੇ ਅਤਿਵਾਦ ਦਾ ਸਮਰਥਨ ਕਰਨ ਦਾ ਦੋਸ਼ ਲਗਾਇਆ। ਪਾਕਿਸਤਾਨ ਦੇ ਬਿਆਨ ਬਾਰੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦਿਆਂ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਨਵੀਂ ਦਿੱਲੀ ਇੱਕ ਪਾਬੰਦੀਸ਼ੁਦਾ ਅਤਿਵਾਦੀ ਸੰਗਠਨ ਅਤੇ ਇਸ ਦੇ ਮੈਂਬਰਾਂ ਦੇ ਸਮਰਥਨ ਵਿੱਚ ਜਾਰੀ ਕੀਤੀਆਂ ਟਿੱਪਣੀਆਂ ਨੂੰ 'ਸਪੱਸ਼ਟ ਤੌਰ 'ਤੇ ਖਾਰਜ' ਕਰਦੀ ਹੈ।

ਉਨ੍ਹਾਂ ਕਿਹਾ, 'ਪਾਕਿਸਤਾਨ ਕੋਲ ਭਾਰਤ ਦੇ ਅੰਦਰੂਨੀ ਮਾਮਲਿਆਂ ਜਾਂ ਇਸ ਦੀ ਨਿਆਂਇਕ ਪ੍ਰਕਿਰਿਆਵਾਂ 'ਤੇ ਟਿੱਪਣੀ ਕਰਨ ਦਾ ਕੋਈ ਅਧਿਕਾਰ ਨਹੀਂ ਹੈ। ਹਾਲਾਂਕਿ, ਕੋਈ ਇਸ ਗੱਲ ਤੋਂ ਹੈਰਾਨ ਨਹੀਂ ਹੈ ਕਿ ਇੱਕ ਅਜਿਹਾ ਦੇਸ਼, ਜੋ ਲੰਬੇ ਸਮੇਂ ਤੋਂ ਅਤਿਵਾਦ ਨੂੰ ਸਪਾਂਸਰ ਕਰ ਰਿਹਾ ਹੈ, ਹਿੰਸਾ ਅਤੇ ਨਿਰਦੋਸ਼ ਲੋਕਾਂ ਦੀ ਹੱਤਿਆ ਦੀ ਵਕਾਲਤ ਕਰਨ ਵਾਲਾ ਅਜਿਹਾ ਬਿਆਨ ਲੈ ਕੇ ਆਇਆ ਹੈ।' ਇਹ ਤਿੱਖਾ ਜਵਾਬ ਦਿੱਲੀ ਦੀ ਇੱਕ ਅਦਾਲਤ ਵੱਲੋਂ ਪਾਬੰਦੀਸ਼ੁਦਾ ਜਥੇਬੰਦੀ 'ਦੁਖਤਰਾਨ-ਏ-ਮਿੱਲਤ' ਦੀ ਸੰਸਥਾਪਕ ਅੰਦ੍ਰਾਬੀ ਨੂੰ ਗੈਰ-ਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ (UAPA) ਤਹਿਤ ਉਮਰ ਕੈਦ ਦੀ ਸਜ਼ਾ ਸੁਣਾਏ ਜਾਣ ਦੇ ਇੱਕ ਦਿਨ ਬਾਅਦ ਆਇਆ ਹੈ। ਉਸਦੀਆਂ ਸਾਥਣਾਂ ਨਾਹਿਦਾ ਨਸਰੀਨ ਅਤੇ ਫਹਿਮੀਦਾ ਸੋਫੀ ਨੂੰ 30-30 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਗਈ। ਤਿੰਨਾਂ ਨੂੰ ਜਨਵਰੀ ਵਿੱਚ ਦੇਸ਼ ਵਿਰੋਧੀ ਗਤੀਵਿਧੀਆਂ ਨਾਲ ਸਬੰਧਤ ਇੱਕ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਗਿਆ ਸੀ, ਜਿਸ ਵਿੱਚ ਵੱਖਵਾਦੀ ਵਿਚਾਰਧਾਰਾ ਨੂੰ ਉਤਸ਼ਾਹਿਤ ਕਰਨਾ ਅਤੇ ਰਾਜ ਵਿਰੁੱਧ ਸਾਜ਼ਿਸ਼ ਰਚਣਾ ਸ਼ਾਮਲ ਸੀ। ਕੌਮੀ ਜਾਂਚ ਏਜੰਸੀ (©91) ਵੱਲੋਂ ਚਲਾਏ ਗਏ ਕੇਸ ਵਿੱਚ, ਉਨ੍ਹਾਂ ਨੂੰ ਆਈ ਪੀ ਸੀ ਅਤੇ ਅਤਿਵਾਦ ਵਿਰੋਧੀ ਕਾਨੂੰਨਾਂ ਦੀਆਂ ਕਈ ਧਾਰਾਵਾਂ ਤਹਿਤ ਦੋਸ਼ੀ ਪਾਇਆ ਗਿਆ ਸੀ।

ਪਾਕਿਸਤਾਨ ਨੇ ਇਸ ਫੈਸਲੇ ਨੂੰ ÷ਨਿਆਂ ਦਾ ਗੰਭੀਰ ਘਾਣ÷ ਕਰਾਰ ਦਿੱਤਾ ਅਤੇ ਜੰਮੂ-ਕਸ਼ਮੀਰ ਵਿੱਚ ਮੌਲਿਕ ਅਧਿਕਾਰਾਂ ਨੂੰ ਦਬਾਉਣ ਦਾ ਦੋਸ਼ ਲਗਾਉਂਦੇ ਹੋਏ ਅੰਤਰਰਾਸ਼ਟਰੀ ਦਖਲ ਦੀ ਮੰਗ ਕੀਤੀ।

ਇਨ੍ਹਾਂ ਦੋਸ਼ਾਂ ਨੂੰ ਖਾਰਜ ਕਰਦਿਆਂ ਭਾਰਤ ਨੇ ਕਿਹਾ ਕਿ ਪਾਕਿਸਤਾਨ ਨੂੰ ਇਸ ਦੀ ਬਜਾਏ ÷ਮਨੁੱਖੀ ਅਧਿਕਾਰਾਂ ਦੀਆਂ ਗੰਭੀਰ ਅਤੇ ਯੋਜਨਾਬੱਧ ਉਲੰਘਣਾਵਾਂ 'ਤੇ ਆਤਮ-ਮੰਥਨ ਕਰਨਾ ਚਾਹੀਦਾ ਹੈ ਜੋ ਉਹ ਲਗਾਤਾਰ ਕਰ ਰਿਹਾ ਹੈ।

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੀਤੀ ਕੇਂਦਰ ਪ੍ਰਾਯੋਜਿਤ ਯੋਜਨਾਵਾਂ ਦੀ ਪ੍ਰਗਤੀ ਦੀ ਸਮੀਖਿਆ

### ਕੇਂਦਰ ਯੋਜਨਾਵਾਂ ਦੀ ਰਕਮ ਦਾ ਸਮੇਬੱਧ ਉਪਯੋਗ ਯਕੀਨੀ ਕਰਨ ਅਧਿਕਾਰੀ - ਮੁੱਖ ਮੰਤਰੀ

### ਮੁੱਖ ਮੰਤਰੀ ਨੇ ਦਿੱਤੇ ਨਿਰਦੇਸ਼, ਪ੍ਰਸ਼ਾਸਨਿਕ ਅਧਿਕਾਰੀ ਆਪਣੇ ਵਿਭਾਗਾਂ ਵਿੱਚ ਨੋਡਲ ਅਧਿਕਾਰੀ ਕਰਨ ਨਾਮਜਦ, ਕੇਂਦਰ ਅਤੇ ਰਾਜ ਵਿੱਚ ਤਾਲਮੇਲ ਹੋਵੇਗਾ ਮਜਬੂਤ

ਪੰਚਕੂਲਾ 25 ਮਾਰਚ (ਸਤੀਸ਼ ਮੰਗਲਾ, ਅੰਮ੍ਰਿਤਪਾਲ ਸਿੰਘ) ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੀ ਅਗਵਾਈ ਹੇਠ ਬੁੱਧਵਾਰ ਨੂੰ ਕੇਂਦਰ ਸਰਕਾਰ ਤੋਂ ਪ੍ਰਾਪਤ ਗ੍ਰਾਂਟਾਂ ਨੂੰ ਲੈ ਕੇ ਵੱਖ ਵੱਖ ਵਿਭਾਗਾਂ ਰਾਹੀਂ ਸੰਚਾਲਿਤ ਯੋਜਨਾਵਾਂ ਦੀ ਸਮੀਖਿਆ ਨੂੰ ਲੈ ਕੇ ਇੱਕ ਮਹਤੱਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ।

ਮੀਟਿੰਗ ਵਿੱਚ ਵੱਖ ਵੱਖ ਵਿਭਾਗਾਂ ਵੱਲੋਂ ਕੇਂਦਰ ਪ੍ਰਾਯੋਜਿਤ ਯੋਜਨਾਵਾਂ ਤਹਿਤ ਪ੍ਰਾਪਤ ਰਕਮ ਦੇ ਉਪਯੋਗ, ਪ੍ਰਗਤੀ ਅਤੇ ਪੈਂਡਿੰਗ ਕੰਮਾਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ।

ਮੁੱਖ ਮੰਤਰੀ ਨੇ ਅਧਿਕਾਰਿਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੀ ਯੋਜਨਾਵਾਂ ਵਿੱਚ ਮੰਜੂਰ ਬਜਟ ਦਾ ਸਮੇਬੱਧ ਅਤੇ ਪ੍ਰਭਾਵੀ ਉਪਯੋਗ ਯਕੀਨੀ ਕੀਤਾ ਜਾਵੇ ਤਾਂ ਜੋ ਸੂਬੇ ਦੇ ਨਾਗਰਿਕਾਂ ਨੂੰ ਇਨ੍ਹਾਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪ੍ਰਦਾਨ ਕੀਤੇ ਜਾ ਰਹੇ ਗ੍ਰਾਂਟਾਂ ਦਾ ਪੂਰਨ ਅਤੇ ਪਾਰਦਰਸ਼ੀ ਉਪਯੋਗ ਰਾਜ ਦੇ ਵਿਕਾਸ ਲਈ ਬਹੁਤਾ ਜਰੂਰੀ ਹੈ। ਉਨ੍ਹਾਂ ਨੇ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਕਿ ਉਪਯੋਗਿਤਾ ਪ੍ਰਮਾਣ ਪੱਤਰ ਸਮੇ ਸਿਰ ਪੇਸ਼ ਕੀਤੇ ਜਾਣ ਤਾਂ ਜੋ ਆਗਾਮੀ ਕਿਸਤਾਂ ਦੀ ਮੰਜ਼ੂਰੀ ਵਿੱਚ ਕੋਈ ਰੁਕਾਵਟ ਨਾ ਆਵੇ।

ਮੁੱਖ ਮੰਤਰੀ ਨੇ ਇਹ ਵੀ ਨਿਰਦੇਸ਼ ਦਿੱਤੇ ਕਿ ਜਿਨ੍ਹਾਂ ਯੋਜਨਾਵਾਂ ਵਿੱਚ ਪ੍ਰਗਤੀ ਘੱਟ ਹੈ, ਉਨ੍ਹਾਂ ਵਿੱਚ ਤੇਜੀ ਲਿਆਈ ਜਾਵੇ ਅਤੇ ਉਨ੍ਹਾਂ ਦਾ ਤੁਰੰਤ ਹੱਲ ਕੀਤਾ ਜਾਵੇ। ਉਨ੍ਹਾਂ ਨੇ ਵਿਭਾਗਾਂ ਵਿੱਚਕਾਰ ਬੇਹਤਰ ਤਾਲਮੇਲ ਸਥਾਪਿਤ ਕਰਨ ਅਤੇ ਨਿਗਰਾਨੀ ਤੰਤਰ ਨੂੰ ਮਜਬੂਤ ਕਰਨ 'ਤੇ ਜੋਰ ਦਿੱਤਾ। ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਸਾਰੇ ਪ੍ਰਸ਼ਾਸਨਿਕ ਅਧਿਕਾਰੀ ਆਪਣੇ ਵਿਭਾਗਾਂ ਵਿੱਚ ਨੋਡਲ ਅਧਿਕਾਰੀ ਨਾਮਜਦ ਕਰਨ ਜੋ ਲਗਾਤਾਰ ਕੇਂਦਰ ਸਰਕਾਰ ਦੇ ਵਿਭਾਗਾਂ ਨਾਲ ਤਾਲਮੇਲ ਸਥਾਪਿਤ ਕਰਦੇ ਰਹਿਣ ਤਾਂ ਜੋ ਗ੍ਰਾਂਟ ਰਕਮ ਮੰਜ਼ੂਰ ਅਤੇ ਜਾਰੀ ਹੋਣ ਵਿੱਚ ਦੇਰੀ ਨਾ ਹੋਵੇ। ਸ੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰਿਆਂ ਨੂੰ ਨਿਰਦੇਸ਼ ਦਿੱਤੇ ਕਿ ਯੋਜਨਾਵਾਂ ਦੇ ਲਾਗੂਕਰਨ ਵਿੱਚ ਪਾਰਦਰਸ਼ਿਤਾ ਅਤੇ ਜਵਾਬਦੇਈ ਯਕੀਨੀ ਕੀਤੀ ਜਾਵੇ ਅਤੇ ਤਕਨੀਕ ਦੇ ਜਿਆਦਾ ਤੋਂ ਜਿਆਦਾ ਉਪਯੋਗ ਰਾਹੀਂ ਕੰਮਾਂ ਦੀ ਨਿਗਰਾਨੀ ਕੀਤੀ ਜਾਵੇ।




ਮੀਟਿੰਗ ਵਿੱਚ ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਸੁਧੀਰ ਰਾਜਪਾਲ, ਮਾਲਿਆ ਅਤੇ ਆਪਦਾ ਪ੍ਰਬੰਧਨ ਵਿਭਾਗ ਦੀ ਵਧੀਕ ਮੁੱਖ ਸਕੱਤਰ ਅਤੇ ਵਿਤੀ ਕਮੀਸ਼ਨਰ ਡਾ. ਸੁਮਿਤਾ ਮਿਸ਼ਰਾ, ਟ੍ਰਾਂਸਪੋਰਟ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਰਾਜਾ ਸ਼ੇਖਰ ਵੂੰਡਰੂ, ਲੋਕ ਨਿਰਮਾਣ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਏ.ਕੇ ਸਿੰਘ, ਕਿਰਤ ਵਿਭਾਗ ਦੇ ਪ੍ਰਧਾਨ ਸਕੱਤਰ ਸ੍ਰੀ ਰਾਜੀਵ ਰੰਜਨ, ਸਿੰਚਾਈ ਅਤੇ ਜਲ ਸਰੋਤ ਵਿਭਾਗ ਦੇ ਪ੍ਰਧਾਨ ਸਕੱਤਰ ਸ੍ਰੀ ਪੰਕਜ ਅਗਰਵਾਲ, ਸਕੂਲ ਸਿੱਖਿਆ ਵਿਭਾਗ ਦੇ ਪ੍ਰਧਾਨ ਸਕੱਤਰ ਸ੍ਰੀ ਵਿਜੈ ਦਹਿਆ, ਵਿਤੀ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ ਸ੍ਰੀ ਮੁਹੱਮਦ ਸ਼ਾਇਨ, ਉਦਯੋਗ ਅਤੇ ਵਣਜ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ ਸ੍ਰੀ ਅਮਿਤ ਅਗਰਵਾਲ, ਵਿਤੀ ਵਿਭਾਗ ਦੀ ਕਮੀਸ਼ਨਰ ਅਤੇ ਸਕੱਤਰ ਸ੍ਰੀਮਤੀ ਆਸ਼ਿਮਾ ਬਰਾੜ, ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ ਸ੍ਰੀ ਸ਼ੇਖਰ ਵਿਦਿਆਰਥੀ, ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਡਾ. ਸਾਕੇਤ ਕੁਮਾਰ, ਖੁਰਾਕ ਸਿਵਲ ਸਪਲਾਈ ਵਿਭਾਗ ਦੇ ਕਮੀਸ਼ਨਰ ਅਤੇ ਸਕੱਤਰ ਸ੍ਰੀ ਅਸ਼ੋਕ ਮੀਣਾ, ਮੁੱਖ ਮੰਤਰੀ ਦੇ ਓਐਸਡੀ ਡਾ ਰਾਜ ਨੇਹਰੂ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ ।

## ਦੇਸ਼ 'ਚ ਤੇਲ ਤੇ ਗੈਸ ਦੀ ਕੋਈ ਕਮੀ ਨਹੀਂ, ਸਰਬ ਪਾਰਟੀ ਮੀਟਿੰਗ ਚ ਸਰਕਾਰ ਦਾ ਵੱਡਾ ਦਾਅਵਾ

ਨਵੀਂ ਦਿੱਲੀ 25 ਮਾਰਚ (ਜਸਕਿਰਤ ਸਿੰਘ) ਪੱਛਮੀ ਏਸ਼ੀਆ ਵਿੱਚ ਜਾਰੀ ਤਣਾਅ ਅਤੇ ਯੁੱਧ ਦੇ ਹਾਲਾਤ ਦਰਮਿਆਨ ਕੇਂਦਰ ਸਰਕਾਰ ਨੇ ਅੱਜ ਇੱਕ ਅਹਿਮ ਸਰਬ ਪਾਰਟੀ ਮੀਟਿੰਗ ਬੁਲਾਈ। ਰੱਖਿਆ ਮੰਤਰੀ ਰਾਜਨਾਥ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਇਸ ਬੈਠਕ ਵਿੱਚ ਸਰਕਾਰ ਨੇ ਵਿਰੋਧੀ ਧਿਰ ਨੂੰ ਭਰੋਸਾ ਦਿੱਤਾ ਕਿ ਦੇਸ਼ ਵਿੱਚ ਪੈਟਰੋਲੀਅਮ ਪਦਾਰਥਾਂ ਦੀ ਕੋਈ ਕਮੀ ਨਹੀਂ ਹੈ ਅਤੇ ਲੋਕਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਤੇਲ ਅਤੇ ਗੈਸ ਦੀ ਸਪਲਾਈ ਸੁਰੱਖਿਅਤ ਸਰਕਾਰ ਨੇ ਦੱਸਿਆ ਕਿ ਪੈਟਰੋਲੀਅਮ ਅਤੇ ਰਸੋਈ ਗੈਸ (LPG) ਦੀ ਅਗਾਊਂ ਬੁਕਿੰਗ ਕਰ ਲਈ ਗਈ ਹੈ ਅਤੇ ਕੱਚੇ ਤੇਲ ਦੀ ਸਪਲਾਈ ਨਿਰੰਤਰ ਜਾਰੀ ਹੈ। ਰਿਪੋਰਟਾਂ ਅਨੁਸਾਰ, ਦੋ LPG ਜਹਾਜ਼ ਜਲਦ ਹੀ ਭਾਰਤ ਦੇ ਪੱਛਮੀ ਤੱਟ 'ਤੇ ਪਹੁੰਚਣਗੇ, ਜਿਨ੍ਹਾਂ ਵਿੱਚ 92,000 ਟਨ ਗੈਸ ਲੋਡ ਹੈ। ਇਸ ਤੋਂ ਇਲਾਵਾ, ਸਰਕਾਰ ਨੇ ਸਪੱਸ਼ਟ ਕੀਤਾ ਕਿ ਘਰੇਲੂ ਗੈਸ ਦੀਆਂ ਕੀਮਤਾਂ ਵਿੱਚ ਕੋਈ ਵਾਧਾ ਨਹੀਂ ਕੀਤਾ ਗਿਆ।



ਜਹਾਜ਼ ਬੈਠਕ ਦੌਰਾਨ ਵਿਦੇਸ਼ ਸਕੱਤਰ ਨੇ ਦੱਸਿਆ ਕਿ ਜੰਗ ਦੇ ਹਾਲਾਤ ਦੇ ਬਾਵਜੂਦ ਸਟ੍ਰੇਟ ਆਫ ਹੋਰਮੁਜ਼ ਰਾਹੀਂ ਭਾਰਤ ਦੇ ਚਾਰ ਜਹਾਜ਼ ਸੁਰੱਖਿਅਤ ਬਾਹਰ ਨਿਕਲ ਆਏ ਹਨ, ਜਦਕਿ ਕਈ ਹੋਰ ਦੇਸ਼ਾਂ ਦੇ ਜਹਾਜ਼ ਅਜੇ ਵੀ ਉੱਥੇ ਫਸੇ ਹੋਏ ਹਨ।

ਸਰਕਾਰ ਨੇ ਵਿਰੋਧੀ ਧਿਰ ਨੂੰ ਜਾਣਕਾਰੀ ਦਿੱਤੀ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਗੱਲਬਾਤ ਕੀਤੀ ਹੈ। ਪੀਐਮ ਮੋਦੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਹੈ ਕਿ ਭਾਰਤ ਜੰਗ ਨਹੀਂ ਚਾਹੁੰਦਾ ਅਤੇ ਦੇਸ਼ ਦੇ ਹਿੱਤ ਸਭ ਤੋਂ ਉੱਪਰ ਹਨ। ਪ੍ਰਧਾਨ ਮੰਤਰੀ ਨੇ ਸਥਿਤੀ 'ਤੇ ਨਜ਼ਰ ਰੱਖਣ ਲਈ 7 ਨਵੇਂ ਅਧਿਕਾਰ ਪ੍ਰਾਪਤ ਸਮੂਹਾਂ ਦਾ ਗਠਨ ਵੀ ਕੀਤਾ ਹੈ ਜੋ ਜ਼ਰੂਰੀ ਸੇਵਾਵਾਂ ਦੀ ਨਿਗਰਾਨੀ ਕਰਨਗੇ।

ਇਸ ਮਹੱਤਵਪੂਰਨ ਬੈਠਕ ਵਿੱਚ ਤ੍ਰਿਣਮੂਲ ਕਾਂਗਰਸ ਦਾ ਕੋਈ ਵੀ ਸਾਂਸਦ ਸ਼ਾਮਲ ਨਹੀਂ ਹੋਇਆ। ਦੂਜੇ ਪਾਸੇ, ਅਸਦੁਦੀਨ ਓਵੈਸੀ ਨੇ ਈਰਾਨ ਦੇ ਸੁਪਰੀਮ ਲੀਡਰ ਖਾਮੇਨੇਈ ਦੀ ਮੌਤ 'ਤੇ ਸੋਕ ਸੰਦੇਸ਼ ਵਿੱਚ ਦੇਰੀ ਨੂੰ ਲੈ ਕੇ ਸਵਾਲ ਚੁੱਕੇ, ਜਿਸ 'ਤੇ ਸਰਕਾਰ ਨੇ ਦੱਸਿਆ ਕਿ ਈਰਾਨੀ ਦੂਤਾਵਾਸ ਦੇਰੀ ਨਾਲ ਖੁੱਲ੍ਹਣ ਕਾਰਨ ਅਜਿਹਾ ਹੋਇਆ।

**ਵਿਦੇਸ਼ ਸਕੱਤਰ ਨੇ ਦੱਸਿਆ ਕਿ ਜੰਗ ਦੇ ਹਾਲਾਤ ਦੇ ਬਾਵਜੂਦ ਸਟ੍ਰੇਟ ਆਫ ਹੋਰਮੁਜ਼ ਰਾਹੀਂ ਭਾਰਤ ਦੇ ਚਾਰ ਜਹਾਜ਼ ਸੁਰੱਖਿਅਤ ਬਾਹਰ ਨਿਕਲ ਆਏ ਹਨ, ਜਦਕਿ ਕਈ ਹੋਰ ਦੇਸ਼ਾਂ ਦੇ ਜਹਾਜ਼ ਅਜੇ ਵੀ ਉੱਥੇ ਫਸੇ ਹੋਏ ਹਨ।**

ਬੈਠਕ ਵਿੱਚ ਗ੍ਰਹਿ ਮੰਤਰੀ ਅਮਿਤ ਸ਼ਾਹ, ਵਿਦੇਸ਼ ਮੰਤਰੀ ਐਸ. ਜੈਸ਼ੰਕਰ, ਵਿੱਤ ਮੰਤਰੀ ਨਿਰਮਲਾ ਸੀਤਾਰਮਨ ਅਤੇ ਪੈਟਰੋਲੀਅਮ ਮੰਤਰੀ ਹਰਦੀਪ ਪੁਰੀ ਸਮੇਤ ਕਾਂਗਰਸ, ਸਪਾ, ਆਪ ਅਤੇ ਹੋਰ ਪਾਰਟੀਆਂ ਦੇ ਆਗੂ ਮੌਜੂਦ ਸਨ। ਸਰਕਾਰ ਨੇ ਵਿਰੋਧੀ ਧਿਰ ਨੂੰ ਭਰੋਸਾ ਦਿੱਤਾ ਕਿ ਉਹ ਕਿਸੇ ਵੀ ਸਮੇਂ ਜਾਣਕਾਰੀ ਲੈਣ ਲਈ ਆ ਸਕਦੇ ਹਨ।

## ਸੰਪਾਦਕੀ

# ਮਹੱਤਵਪੂਰਨ ਫੈਸਲਾ

ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਰਾਖਵੀਆਂ ਸ਼੍ਰੇਣੀਆਂ ਅਤੇ ਧਾਰਮਿਕ ਪਰਿਵਰਤਨ ਦੇ ਮੁੱਦੇ 'ਤੇ ਇੱਕ ਸਪੱਸ਼ਟ ਅਤੇ ਮਹੱਤਵਪੂਰਨ ਫੈਸਲਾ ਸੁਣਾਇਆ। ਇਸ ਅਨੁਸਾਰ ਅਨੁਸੂਚਿਤ ਜਾਤੀ ਮੂਲ ਦਾ ਕੋਈ ਵਿਅਕਤੀ ਜਾਂ ਪਰਿਵਾਰ ਜੋ ਹਿੰਦੂ, ਸਿੱਖ ਧਰਮ ਜਾਂ ਬੁੱਧ ਧਰਮ ਤੋਂ ਕਿਸੇ ਹੋਰ ਧਰਮ ਵਿੱਚ ਧਰਮ ਪਰਿਵਰਤਨ ਕਰਦਾ ਹੈ, ਸੁਰੱਖਿਆ, ਰਾਖਵਾਂਕਰਨ ਜਾਂ ਹੋਰ ਕਾਨੂੰਨੀ ਲਾਭਾਂ ਦਾ ਦਾਅਵਾ ਨਹੀਂ ਕਰ ਸਕਦਾ। ਅਜਿਹਾ ਇਸ ਲਈ ਹੈ ਕਿਉਂਕਿ, ਸੰਵਿਧਾਨਕ ਉਪਬੰਧਾਂ ਦੇ ਅਨੁਸਾਰ ਧਰਮ ਪਰਿਵਰਤਨ 'ਤੇ ਉਨ੍ਹਾਂ ਦਾ ਅਨੁਸੂਚਿਤ ਜਾਤੀ ਦਾ ਦਰਜਾ ਖਤਮ ਹੋ ਜਾਂਦਾ ਹੈ। ਸੁਪਰੀਮ ਕੋਰਟ ਦੇ ਇਸ ਫੈਸਲੇ ਨੂੰ ਲੰਬੇ ਸਮੇਂ ਤੋਂ ਚੱਲੀ ਆ ਰਹੀ ਬਹਿਸ ਵਿੱਚ ਫੈਸਲਾਕੁੰਨ ਮੰਨਿਆ ਜਾ ਰਿਹਾ ਹੈ ਕਿ, ਭਾਵੇਂ ਕੋਈ ਵਿਅਕਤੀ ਕਿਸੇ ਹੋਰ ਧਰਮ ਵਿੱਚ ਧਰਮ ਪਰਿਵਰਤਨ ਕਰ ਚੁੱਕਾ ਹੈ, ਪਰ ਉਨ੍ਹਾਂ ਨੂੰ ਉਨ੍ਹਾਂ ਦੇ ਮੂਲ ਸਮਾਜਿਕ ਪਿਛੋਕੜ ਦੇ ਆਧਾਰ 'ਤੇ ਰਾਖਵੀਆਂ ਸ਼੍ਰੇਣੀਆਂ ਦੇ ਲਾਭ ਮਿਲਣੇ ਚਾਹੀਦੇ ਹਨ। ਅਕਸਰ ਅਜਿਹੇ ਮਾਮਲੇ ਸਾਹਮਣੇ ਆਉਂਦੇ ਹਨ ਜਿੱਥੇ ਲੋਕ ਧਰਮ ਪਰਿਵਰਤਨ ਤੋਂ ਬਾਅਦ ਵੀ ਰਾਖਵੀਆਂ ਸ਼੍ਰੇਣੀਆਂ ਦੇ ਲਾਭਾਂ ਦੇ ਹੱਕਦਾਰ ਹੋਣ ਦਾ ਦਾਅਵਾ ਕਰਦੇ ਹਨ। ਹਾਲਾਂਕਿ, ਅਦਾਲਤ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਅਜਿਹੇ ਦਾਅਵੇ ਜਾਇਜ਼ ਨਹੀਂ ਹਨ। ਇਹ ਮਾਮਲਾ ਆਂਧਰਾ ਪ੍ਰਦੇਸ਼ ਤੋਂ ਸੁਪਰੀਮ ਕੋਰਟ ਵਿੱਚ ਆਇਆ ਸੀ। ਪਟੀਸ਼ਨਕਰਤਾ ਨੇ ਈਸਾਈ ਧਰਮ ਵਿੱਚ ਧਰਮ ਪਰਿਵਰਤਨ ਕਰਨ ਦੇ ਬਾਵਜੂਦ, ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ ਐਕਟ ਦੇ ਮੈਂਬਰ ਹੋਣ ਦਾ ਦਾਅਵਾ ਕੀਤਾ। ਆਂਧਰਾ ਪ੍ਰਦੇਸ਼ ਹਾਈ ਕੋਰਟ ਨੇ ਇੱਕ ਸਬੰਧਤ ਪਟੀਸ਼ਨ ਨੂੰ ਖਾਰਜ ਕਰ ਦਿੱਤਾ, ਜਿਸ ਵਿੱਚ ਕਿਹਾ ਗਿਆ ਸੀ ਕਿ ਧਰਮ ਪਰਿਵਰਤਨ ਤੋਂ ਬਾਅਦ ਕਿਸੇ ਵਿਅਕਤੀ ਨੂੰ ਅਨੁਸੂਚਿਤ ਜਾਤੀ ਦਾ ਦਰਜਾ ਨਹੀਂ ਦਿੱਤਾ ਜਾ ਸਕਦਾ। ਇਸ ਨੂੰ ਜਾਗਰੂਕਤਾ ਦੀ ਘਾਟ ਕਹੋ ਜਾਂ ਸਿਸਟਮ ਵਿੱਚ ਅਸਪੱਸ਼ਟਤਾ, ਰਾਖਵੀਆਂ ਸ਼੍ਰੇਣੀਆਂ ਨਾਲ ਸਬੰਧਤ ਲੋਕ ਅਜੇ ਵੀ ਇਹ ਗਲਤ ਧਾਰਨਾ ਰੱਖਦੇ ਹਨ ਕਿ ਜੇਕਰ ਉਹ ਕਿਸੇ ਹੋਰ ਧਰਮ ਵਿੱਚ ਧਰਮ ਪਰਿਵਰਤਨ ਕਰਦੇ ਹਨ ਤਾਂ ਵੀ ਉਹਨਾਂ ਨੂੰ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀਆਂ ਐਕਟ ਦੇ ਲਾਭ ਮਿਲਦੇ ਰਹਿਣਗੇ। ਹਾਲਾਂਕਿ, ਸੁਪਰੀਮ ਕੋਰਟ ਨੇ ਹੁਣ ਸਪੱਸ਼ਟ ਕੀਤਾ ਹੈ ਕਿ ਅਜਿਹੇ ਵਿਅਕਤੀ ਨੂੰ ਸੰਵਿਧਾਨ, ਸੰਸਦ ਜਾਂ ਰਾਜ ਵਿਧਾਨ ਸਭਾ ਦੇ ਕਿਸੇ ਵੀ ਕਾਨੂੰਨ ਅਧੀਨ ਕੋਈ ਵੀ ਕਾਨੂੰਨੀ ਲਾਭ, ਸੁਰੱਖਿਆ ਜਾਂ ਰਾਖਵਾਂਕਰਨ ਨਹੀਂ ਦਿੱਤਾ ਜਾ ਸਕਦਾ। ਇਹ ਸਖ਼ਤੀ ਨਾਲ ਵਰਜਿਤ ਹੈ, ਬਿਨਾਂ ਕਿਸੇ ਅਪਵਾਦ ਦੇ। ਮਹੱਤਵਪੂਰਨ ਗੱਲ ਇਹ ਹੈ ਕਿ ਧਰਮ ਪਰਿਵਰਤਨ ਕਰਨ ਵਾਲਿਆਂ ਦੀ ਜਾਤੀ ਸਥਿਤੀ ਸਬੰਧੀ ਸਵਾਲ ਸਿਰਫ਼ ਅਦਾਲਤਾਂ ਤੱਕ ਸੀਮਤ ਨਹੀਂ ਹਨ; ਇਸ ਮੁੱਦੇ ਨੂੰ ਰਾਜਨੀਤਿਕ ਲਾਭ ਅਤੇ ਨੁਕਸਾਨ ਦੇ ਲੈਂਸ ਰਾਹੀਂ ਵੀ ਦੇਖਿਆ ਜਾਂਦਾ ਹੈ। ਕਰਨਾਟਕ ਰਾਜ ਪੱਛੜੇ ਵਰਗ ਕਮਿਸ਼ਨ ਦੁਆਰਾ ਕੀਤੀ ਗਈ ਹਾਲ ਹੀ ਵਿੱਚ ਕੀਤੀ ਗਈ ਜਾਤੀ ਜਨਗਣਨਾ ਨੇ ਵਿਵਾਦ ਪੈਦਾ ਕਰ ਦਿੱਤਾ ਜਦੋਂ ਤੀਹ ਜਾਤੀਆਂ ਨੂੰ ਈਸਾਈ ਭਾਈਚਾਰੇ ਅਧੀਨ ਸੂਚੀਬੱਧ ਕੀਤਾ ਗਿਆ ਸੀ। ਵਿਰੋਧੀ ਧਿਰ ਦੇ ਵਿਰੋਧ ਪ੍ਰਦਰਸ਼ਨਾਂ ਅਤੇ ਰਾਜਪਾਲ ਦੇ ਸੁਝਾਅ ਤੋਂ ਬਾਅਦ ਇਨ੍ਹਾਂ ਭਾਈਚਾਰਿਆਂ ਨੂੰ ਸੂਚੀ ਵਿੱਚੋਂ ਹਟਾ ਦਿੱਤਾ ਗਿਆ ਸੀ, ਹਾਲਾਂਕਿ ਚਾਰ ਸ਼੍ਰੇਣੀਆਂ ਨੂੰ ਬਰਕਰਾਰ ਰੱਖਿਆ ਗਿਆ ਸੀ। ਅਜਿਹੀ ਸਥਿਤੀ ਵਿੱਚ ਇਹ ਪੁੱਛਣਾ ਵੀ ਮਹੱਤਵਪੂਰਨ ਹੈ: ਰਾਖਵੀਆਂ ਸ਼੍ਰੇਣੀਆਂ ਅਤੇ ਧਾਰਮਿਕ ਪਰਿਵਰਤਨ ਦੇ ਮੁੱਦੇ 'ਤੇ ਸੁਪਰੀਮ ਕੋਰਟ ਦੇ ਆਪਣੇ ਫੈਸਲੇ ਵਿੱਚ ਸਪੱਸ਼ਟੀਕਰਨ ਨੂੰ ਦੇਖਦੇ ਹੋਏ, ਕੀ ਅਜਿਹੀ ਪਹਿਲ ਸਰਕਾਰੀ ਪੱਧਰ 'ਤੇ ਨਹੀਂ ਕੀਤੀ ਜਾ ਸਕਦੀ ਸੀ? ਸੰਵਿਧਾਨ (ਅਨੁਸੂਚਿਤ ਜਾਤੀਆਂ) ਆਦੇਸ਼, 1950, ਸਪੱਸ਼ਟ ਤੌਰ 'ਤੇ ਕਹਿੰਦਾ ਹੈ ਕਿ ਕੋਈ ਵੀ ਵਿਅਕਤੀ ਜੋ ਕਿਸੇ ਵੀ ਧਰਮ ਨੂੰ ਤਿਆਗਦਾ ਹੈ ਅਤੇ ਦੂਜਾ ਧਰਮ ਅਪਣਾਉਂਦਾ ਹੈ, ਤੁਰੰਤ ਆਪਣਾ ਅਨੁਸੂਚਿਤ ਜਾਤੀ ਦਰਜਾ ਗੁਆ ਦਿੰਦਾ ਹੈ। ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਜਨਜਾਤੀ ਐਕਟ ਦਾ ਸੁਰੱਖਿਆ ਢਾਂਚਾ ਉਨ੍ਹਾਂ ਲੋਕਾਂ ਤੱਕ ਨਹੀਂ ਵਧਾਇਆ ਜਾ ਸਕਦਾ, ਜਿਨ੍ਹਾਂ ਨੇ ਧਰਮ ਪਰਿਵਰਤਨ ਕਰਕੇ ਇਸ ਸਮਾਜਿਕ ਅਤੇ ਕਾਨੂੰਨੀ ਸ਼੍ਰੇਣੀ ਨੂੰ ਛੱਡਣਾ ਚੁਣਿਆ ਹੈ। ਮੰਗਲਵਾਰ ਨੂੰ ਸੁਪਰੀਮ ਕੋਰਟ ਨੇ ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਉਸ ਫੈਸਲੇ ਨੂੰ ਬਰਕਰਾਰ ਰੱਖਿਆ, ਜਿਸ ਵਿੱਚ ਹਿੰਦੂ ਧਰਮ ਤੋਂ ਈਸਾਈ ਧਰਮ ਵਿੱਚ ਪਰਿਵਰਤਨ ਕਰਨ ਵਾਲੇ ਵਿਅਕਤੀ ਵਿਰੁੱਧ ਐਸਸੀ/ਐਸਟੀ ਐਕਟ ਤਹਿਤ ਦਰਜ ਐਫਆਈਆਰ ਨੂੰ ਰੱਦ ਕਰ ਦਿੱਤਾ ਗਿਆ ਸੀ। ਹਾਈਕੋਰਟ ਨੇ ਆਪਣੇ ਫੈਸਲੇ ਵਿੱਚ ਕਿਹਾ ਸੀ ਕਿ ਐਸਸੀ ਦਰਜਾ ਸਿਰਫ ਹਿੰਦੂ ਧਰਮ, ਸਿੱਖ ਧਰਮ ਅਤੇ ਬੁੱਧ ਧਰਮ ਦੇ ਪੈਰੋਕਾਰਾਂ 'ਤੇ ਲਾਗੂ ਹੁੰਦਾ ਹੈ। ਜੋ ਲੋਕ ਕਿਸੇ ਹੋਰ ਧਰਮ ਵਿੱਚ ਪਰਿਵਰਤਨ ਕਰਦੇ ਹਨ, ਉਹ ਆਪਣਾ ਐਸਸੀ ਦਰਜਾ ਗੁਆ ਦਿੰਦੇ ਹਨ।

**-ਜਗਜੀਤ ਸਿੰਘ ਦਰਦੀ**

### ਆਨਲਾਈਨ ਮੀਡੀਆ ਹੁਣ ਹੋਰ ਸਖ਼ਤ ਕਾਨੂੰਨਾਂ ਹੇਠ

# ਇਸ ਡਿਜੀਟਲ ਯੁੱਗ ਵਿੱਚ ਆਜ਼ਾਦੀ ਅਤੇ ਜ਼ਿੰਮੇਵਾਰੀ ਵਿਚਕਾਰ ਤਕਰਾਰ ਤੇ ਲੋਕਤੰਤਰ ਦਾ ਮੁੱਦਾ?



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

### ਹੁਣ ਗ੍ਰਹਿ, ਵਿਦੇਸ਼, ਰੱਖਿਆ ਅਤੇ ਸੂਚਨਾ-ਪ੍ਰਸਾਰਣ ਮੰਤਰਾਲਿਆਂ ਨੂੰ ਵੀ ਸਮੱਗਰੀ ਬਲਾਕ ਕਰਨ ਦਾ ਅਧਿਕਾਰ ਦੇਣ ਦੀ ਗੱਲ

ਅੱਜ ਭਾਰਤ ਸਰਕਾਰ ਵੱਲੋਂ ਆਨਲਾਈਨ ਮੀਡੀਆ 'ਤੇ ਅਸ਼ਲੀਲ ਤੇ ਨਫ਼ਰਤੀ ਸਮੱਗਰੀ ਉੱਤੇ ਸਖ਼ਤੀ ਵਧਾਉਣ ਦੀਆਂ ਤਿਆਰੀਆਂ ਦੀ ਖਬਰਾਂ ਸਾਹਮਣੇ ਆਈਆਂ ਹਨ। ਇਹ ਭਾਰਤ ਵਿੱਚ ਆਨਲਾਈਨ ਸਮੱਗਰੀ ਨਿਯੰਤਰਣ ਦੀ ਨਵੀਂ ਲਹਿਰ ਹੈ ਜੋ ਲੱਗਦਾ ਹੈ ਕਿ ਇਹਨਾਂ ਦਿਨਾਂ ਵਿੱਚ ਅਤੀ ਜ਼ਰੂਰੀ ਹੋ ਗਈ ਹੈ ਤੇ ਸਰਕਾਰ ਦਾ ਪੱਖ ਇਹ ਹੈ ਕਿ ਸਮਾਜ ਵਿੱਚ ਆਪਣੇ ਅਧਿਕਾਰਾਂ ਦੇ ਨਾਲ ਆਪਣੇ ਫਰਜ਼ ਵੀ ਸਮਝਣੇ ਚਾਹੀਦੇ ਹਨ ਅਤੇ ਇਹ ਅਧਿਕਾਰ ਸਰਕਾਰ ਨੂੰ ਹੈ ਕਿ ਸਰਕਾਰ ਵਿੱਚ ਸਮਰਸਤਾ ਬਣਾਈ ਰੱਖੇ ਤੇ ਅਜਿਹੇ ਕੰਟੈਂਟ 'ਤੇ ਪਾਬੰਦੀ ਲਗਾਵੇ ਜੋ ਸਮਾਜ ਨੂੰ ਵੰਡਦਾ ਹੈ। ਅੱਜ ਆਜ਼ਾਦੀ, ਸੁਰੱਖਿਆ ਅਤੇ ਡਿਜੀਟਲ ਲੋਕਤੰਤਰ ਦਾ ਭਵਿੱਖ ਕੀ ਹੋਵੇਗਾ ਹੁਣ ਭਾਰਤੀ ਸਰਕਾਰ ਵੱਲੋਂ ਸੋਸ਼ਲ ਮੀਡੀਆ ਪਲੇਟਫਾਰਮਾਂ ਉੱਤੇ ਇੱਕ ਘੰਟੇ ਦੀ ਸਖ਼ਤ ਸਮਾਂ-ਸੀਮਾ ਲਗਾਉਣ ਅਤੇ ਆਈਟੀ ਨਿਯਮਾਂ ਵਿੱਚ ਵਧੇਰੇ ਸੋਧਾਂ ਦੀ ਤਿਆਰੀ ਇੱਕ ਅਜਿਹਾ ਕਦਮ ਹੈ ਜੋ ਡਿਜੀਟਲ ਯੁੱਗ ਵਿੱਚ ਰਾਜਨੀਤੀ, ਆਜ਼ਾਦੀ ਅਤੇ ਨਿਯੰਤਰਣ ਵਿਚਕਾਰ ਵਧਦੀ ਟਕਰਾਅ ਨੂੰ ਉਜਾਗਰ ਕਰਦਾ ਹੈ।

ਫਰਵਰੀ 2026 ਵਿੱਚ ਆਈਟੀ ਨਿਯਮਾਂ ਵਿੱਚ ਕੀਤੀਆਂ ਸੋਧਾਂ ਤੋਂ ਬਾਅਦ, ਜਿਸ ਵਿੱਚ ਗੈਰ-ਕਾਨੂੰਨੀ ਸਮੱਗਰੀ ਨੂੰ ਹਟਾਉਣ ਦੀ ਸਮਾਂ-ਸੀਮਾ 36 ਘੰਟਿਆਂ ਤੋਂ ਘਟਾ ਕੇ 2-3 ਘੰਟੇ ਕਰ ਦਿੱਤੀ ਗਈ ਸੀ, ਹੁਣ ਸਰਕਾਰ ਇਸ ਨੂੰ ਹੋਰ ਘਟਾ ਕੇ ਇੱਕ ਘੰਟਾ ਕਰਨ 'ਤੇ ਵਿਚਾਰ ਕਰ ਰਹੀ ਹੈ। ਇਸ ਤੋਂ ਇਲਾਵਾ, ਗ੍ਰਹਿ, ਵਿਦੇਸ਼, ਰੱਖਿਆ ਅਤੇ ਸੂਚਨਾ-ਪ੍ਰਸਾਰਣ ਮੰਤਰਾਲਿਆਂ ਨੂੰ ਵੀ ਸਮੱਗਰੀ ਬਲਾਕ ਕਰਨ ਦਾ ਅਧਿਕਾਰ ਦੇਣ ਅਤੇ ਔਨਲਾਈਨ ਅਸ਼ਲੀਲ ਤੇ ਨਫ਼ਰਤੀ ਸਮੱਗਰੀ ਉੱਤੇ ਸਖ਼ਤੀ ਵਧਾਉਣ ਦੀਆਂ ਤਿਆਰੀਆਂ ਚੱਲ ਰਹੀਆਂ ਹਨ। ਅੱਜ ਇਹ ਉਪਾਅ ਇੱਕ ਪਾਸੇ ਤੋਂ ਗੈਰ-ਕਾਨੂੰਨੀ ਤੱਤਾਂ, ਡੀਪਫੇਕ, ਅਸ਼ਲੀਲ ਤੇ ਫੇਕ ਨਿਊਜ਼ ਨੂੰ ਰੋਕਣ ਦਾ ਦਾਅਵਾ ਕਰਦੇ ਹਨ, ਤਾਂ ਦੂਜੇ ਪਾਸੇ ਆਲੋਚਕ ਇਸ ਨੂੰ ਬੋਲਣ ਦੀ ਆਜ਼ਾਦੀ ਉੱਤੇ ਹਮਲਾ ਮੰਨਦੇ ਹਨ। ਇਸ ਸੰਪਾਦਕੀ ਵਿੱਚ ਅਸੀਂ ਇਸ ਪ੍ਰਸਤਾਵ ਦੇ ਸਾਰੇ ਪੱਖਾਂ ਉੱਤੇ ਰੋਸ਼ਨੀ ਪਾਉਂਦੇ ਹਾਂ-ਸਰਕਾਰੀ ਤਰਕ, ਤਕਨੀਕੀ ਚੁਣੌਤੀਆਂ, ਰਾਜਨੀਤਿਕ ਪ੍ਰਭਾਵ, ਵਿਰੋਧੀ ਧਿਰਾਂ ਅਤੇ ਮੀਡੀਆ ਦੀ ਨਜ਼ਰੀਆ ਤੋਂ ਸਰਕਾਰ ਦਾ ਤਰਕ ਹੈ ਕਿ ਸੁਰੱਖਿਆ ਅਤੇ ਜਨਤਕ ਹਿਤ ਦੀ ਰੱਖਿਆ ਲਈ ਕੇਂਦਰ ਸਰਕਾਰ ਦਾ ਮੰਨਣਾ ਹੈ ਕਿ ਭਾਰਤ ਵਿੱਚ ਇੱਕ ਬਿਲੀਅਨ ਤੋਂ ਵੱਧ ਇੰਟਰਨੈੱਟ ਉਪਭੋਗਤਾਵਾਂ ਵਾਲੇ ਇਸ ਡਿਜੀਟਲ ਯੁੱਗ ਵਿੱਚ ਗੈਰ-ਕਾਨੂੰਨੀ ਸਮੱਗਰੀ ਦਾ ਤੇਜ਼ੀ ਨਾਲ ਫੈਲਣਾ ਰਾਸ਼ਟਰੀ ਸੁਰੱਖਿਆ, ਸਮਾਜਿਕ ਏਕਤਾ ਅਤੇ ਵਿਅਕਤੀਗਤ ਇੱਜ਼ਤ ਲਈ ਖ਼ਤਰਾ ਬਣ ਗਿਆ ਹੈ। ਫਰਵਰੀ 2026 ਦੀਆਂ ਸੋਧਾਂ ਤੋਂ ਬਾਅਦ, ਜਿਸ ਵਿੱਚ ਗੈਰ-ਸਹਿਮਤੀ ਵਾਲੀਆਂ ਨਿੱਜੀ ਤਸਵੀਰਾਂ ਨੂੰ 2 ਘੰਟਿਆਂ ਵਿੱਚ ਅਤੇ ਹੋਰ ਗੈਰ-ਕਾਨੂੰਨੀ ਸਮੱਗਰੀ ਨੂੰ 3 ਘੰਟਿਆਂ ਵਿੱਚ ਹਟਾਉਣ ਦਾ ਹੁਕਮ ਹੈ, ਸਰਕਾਰ ਹੁਣ ਇੱਕ ਘੰਟੇ ਦੀ ਸੀਮਾ 'ਤੇ ਵਿਚਾਰ ਕਰ ਰਹੀ ਹੈ ਤਾਂ ਜੋ ਵਾਇਰਲ ਹੋਣ ਤੋਂ ਪਹਿਲਾਂ ਹੀ ਰੋਕਿਆ ਜਾ ਸਕੇ। ਇਸ ਨਾਲ ਡੀਪਫੇਕ, ਨਫ਼ਰਤੀ ਭਾਸ਼ਣ, ਅਸ਼ਲੀਲ ਕੰਟੈਂਟ ਅਤੇ ਫੇਕ ਨਿਊਜ਼ ਉੱਤੇ ਤੇਜ਼ੀ ਨਾਲ ਕਾਬੂ ਪਾਇਆ ਜਾ ਸਕਦਾ ਹੈ। ਸਰਕਾਰੀ ਸੂਤਰਾਂ ਅਨੁਸਾਰ ਇਹ ਫੈਸਲਾ ਪਲੇਟਫਾਰਮਾਂ ਦੀ ਮੌਜੂਦਾ 2-3 ਘੰਟੇ ਦੀ ਪਾਲਣਾ ਉੱਤੇ ਨਿਰਭਰ ਕਰੇਗਾ। ਜੇਕਰ ਕੰਪਨੀਆਂ ਇਸ ਨੂੰ ਠੀਕ ਤਰ੍ਹਾਂ ਲਾਗੂ ਕਰਦੀਆਂ ਹਨ ਤਾਂ ਇੱਕ ਘੰਟੇ ਵੱਲ ਵਧਿਆ ਜਾ ਸਕਦਾ ਹੈ। ਇਸ ਤੋਂ ਇਲਾਵਾ, ਸਮਾਨਾਂਤਰ ਬਲਾਕਿੰਗ ਪ੍ਰਣਾਲੀ ਵਧਾਉਣ ਅਤੇ ਡਿਜੀਟਲ ਨਿਊਜ਼ ਤੇ ਓਟੀਟੀ ਪਲੇਟਫਾਰਮਾਂ ਉੱਤੇ ਅਸ਼ਲੀਲ ਸਮੱਗਰੀ ਰੋਕਣ ਲਈ ਨਵੀਆਂ ਧਾਰਾਵਾਂ ਪੇਸ਼ ਕੀਤੀਆਂ ਜਾ ਰਹੀਆਂ ਹਨ।

ਅੱਜ ਇਸ ਤੋਂ ਪਹਿਲਾਂ ਵੀ ਸਰਕਾਰ ਨੇ ਕਈ ਓਟੀਟੀ ਪਲੇਟਫਾਰਮਾਂ ਨੂੰ ਅਸ਼ਲੀਲਤਾ ਲਈ ਬਲਾਕ ਕੀਤਾ ਹੈ, ਜਿਸ ਨੂੰ ਜਨਤਕ ਭਲਾਈ ਵਜੋਂ ਜਾਇਜ਼ ਠਹਿਰਾਇਆ ਗਿਆ। ਇਸ ਉਪਾਅ ਨਾਲ ਰਾਸ਼ਟਰੀ ਸੁਰੱਖਿਆ ਨਾਲ ਜੁੜੀਆਂ ਗੱਲਾਂ, ਵਿਦੇਸ਼ੀ ਤਾਕਤਾਂ ਵੱਲੋਂ ਫੈਲਾਈ ਜਾਣ ਵਾਲੀ ਗਲਤਫਹਿਮੀ ਅਤੇ ਬੱਚਿਆਂ ਉੱਤੇ ਪੈਣ ਵਾਲੇ ਨੁਕਸਾਨ ਨੂੰ ਰੋਕਿਆ ਜਾ ਸਕਦਾ ਹੈ। ਸਰਕਾਰ ਦਾ ਤਰਕ ਹੈ ਕਿ ਇੰਟਰਨੈੱਟ ਇੱਕ ਅਜਿਹਾ ਖੇਤਰ ਹੈ, ਜਿੱਥੇ ਇੱਕ ਘੰਟੇ ਵਿੱਚ ਵੀ ਲੱਖਾਂ ਲੋਕਾਂ ਤੱਕ ਗਲਤ ਸਮੱਗਰੀ ਪਹੁੰਚ ਸਕਦੀ ਹੈ, ਇਸ ਲਈ ਤੇਜ਼ੀ ਲਾਜ਼ਮੀ ਹੈ। ਇਸ ਨਾਲ ਆਈਟੀ ਐਕਟ 2000 ਦੀ ਧਾਰਾ 69ਏ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਰਿਹਾ ਹੈ, ਜਿਸ ਤਹਿਤ ਇਸ ਵੇਲੇ ਸਿਰਫ਼ ਆਈਟੀ ਮੰਤਰਾਲੇ ਕੋਲ ਬਲਾਕਿੰਗ ਦਾ ਅਧਿਕਾਰ ਹੈ। ਹੁਣ ਇਸ ਨੂੰ ਵਧਾ ਕੇ ਹੋਰ ਮੰਤਰਾਲਿਆਂ ਨੂੰ ਦੇਣ ਨਾਲ ਫੈਸਲੇ ਤੇਜ਼ ਹੋਣਗੇ ਅਤੇ ਵਿਭਾਗੀ ਤਾਲਮੇਲ ਵਧੇਗਾ।

**ਤਕਨੀਕੀ ਅਤੇ ਵਿਹਾਰਕ ਚੁਣੌਤੀਆਂ**: ਪਲੇਟਫਾਰਮਾਂ ਦੀ ਚਿੰਤਾ ਸੋਸ਼ਲ ਮੀਡੀਆ ਕੰਪਨੀਆਂ, ਖਾਸ ਕਰਕੇ ਮੈਟਾ, ਗੂਗਲ ਅਤੇ ਐਕਸ (ਪਹਿਲਾਂ ਟਵਿਟਰ), ਨੇ ਇਨ੍ਹਾਂ ਨਿਯਮਾਂ ਉੱਤੇ ਡੂੰਘੀ ਚਿੰਤਾ ਪ੍ਰਗਟ ਕੀਤੀ ਹੈ। ਮੈਟਾ ਵੱਲੋਂ ਕਿਹਾ ਗਿਆ ਹੈ ਕਿ ਇੰਨੀ ਛੋਟੀ ਸਮਾਂ-ਸੀਮਾ ਵਿੱਚ ਸਮੱਗਰੀ ਦੀ ਸਹੀ ਪਛਾਣ, ਸੰਦਰਭ ਵਿਸ਼ਲੇਸ਼ਣ ਅਤੇ ਹਟਾਉਣ ਲਈ ਤਕਨੀਕੀ ਅਤੇ ਕਾਰਜਸ਼ੀਲ ਮੁਸ਼ਕਲਾਂ ਆਉਂਦੀਆਂ ਹਨ। ਇੱਕ ਘੰਟੇ ਵਿੱਚ ਤਾਂ ਇਹ ਵੀ ਔਖਾ ਹੋ ਜਾਵੇਗਾ ਕਿ ਕੀ ਸਮੱਗਰੀ ਸੱਚਮੁੱਚ ਗੈਰ-ਕਾਨੂੰਨੀ ਹੈ ਜਾਂ ਇੱਕ ਜਾਇਜ਼ ਆਲੋਚਨਾ। ਇਸ ਨਾਲ ਆਟੋਮੇਟਿਡ ਟੂਲਜ਼ ਉੱਤੇ ਨਿਰਭਰਤਾ ਵਧੇਗੀ, ਜਿਸ ਵਿੱਚ ਗਲਤੀਆਂ ਦਾ ਖ਼ਤਰਾ ਵੱਧ ਜਾਵੇਗਾ ਅਤੇ ਜਾਇਜ਼ ਸਮੱਗਰੀ ਵੀ ਹਟਾਈ ਜਾ ਸਕਦੀ ਹੈ।

ਕਾਨੂੰਨੀ ਤਜਰਬੇਕਾਰਾਂ ਅਨੁਸਾਰ, ਇੰਨੀ ਛੋਟੀ ਸੀਮਾ ਨਾਲ ਪਲੇਟਫਾਰਮਾਂ ਲਈ ਮਨੁੱਖੀ ਰਿਵਿਊ ਲਗਭਗ ਅਸੰਭਵ ਹੋ ਜਾਵੇਗਾ ਅਤੇ ਇਹ ਉਹਨਾਂ ਨੂੰ 'ਰੈਪਿਡ ਫਾਇਰ ਸੈਂਸਰ' ਬਣਾ ਦੇਵੇਗਾ। ਇਸ ਤੋਂ ਇਲਾਵਾ, ਏਆਈ ਲੇਬਲਿੰਗ ਅਤੇ ਗ੍ਰੀਵੈਂਸ ਰਿਜ਼ੋਲਵਲ ਦੀਆਂ ਛੋਟੀਆਂ ਤਰੀਕਾਂ ਵੀ ਚੁਣੌਤੀਆਂ ਪੈਦਾ ਕਰ ਰਹੀਆਂ ਹਨ। ਪਲੇਟਫਾਰਮਾਂ ਦਾ ਕਹਿਣਾ ਹੈ ਕਿ ਭਾਰਤ ਵਰਗੇ ਵੱਡੇ ਬਜ਼ਾਰ ਵਿੱਚ ਇਸ ਨੂੰ ਲਾਗੂ ਕਰਨ ਲਈ ਵੱਡੀ ਇਨਫਰਾਸਟ੍ਰਕਚਰ ਲੋੜੀਂਦੀ ਹੈ, ਜਿਸ ਲਈ ਸਰਕਾਰ ਨਾਲ ਵਧੇਰੇ ਗੱਲਬਾਤ ਹੋਣੀ ਚਾਹੀਦੀ ਹੈ।

ਉਧਰ ਸਰਕਾਰ ਨੇ ਇਸ ਤਰ੍ਹਾਂ ਦੀਆਂ ਚਿੰਤਾਵਾਂ ਨੂੰ ਰੱਦ ਕਰਦਿਆਂ ਕਿਹਾ ਹੈ ਕਿ ਉਦੇਸ਼ ਸੁਰੱਖਿਆ ਹੈ ਅਤੇ ਪਾਲਣਾ ਲਾਜ਼ਮੀ ਹੈ।

**ਰਾਜਨੀਤਿਕ ਪਾਰਟੀਆਂ ਉੱਤੇ ਪ੍ਰਭਾਵ**: ਵਿਰੋਧੀ ਧਿਰਾਂ ਅਤੇ ਭਾਜਪਾ ਦਾ ਨਜ਼ਰੀਆ ਇਸ ਨਿਯਮਾਂ ਦਾ ਰਾਜਨੀਤਿਕ ਪ੍ਰਭਾਵ ਬਹੁਤ ਡੂੰਘਾ ਹੈ। ਵਿਰੋਧੀ ਧਿਰਾਂ, ਖਾਸ ਕਰਕੇ ਕਾਂਗਰਸ ਅਤੇ ਹੋਰ ਵਿਰੋਧੀ ਪਾਰਟੀਆਂ, ਇਸ ਨੂੰ 'ਸੈਂਸਰਸ਼ਿਪ' ਅਤੇ 'ਆਜ਼ਾਦੀ ਉੱਤੇ ਹਮਲਾ' ਵਜੋਂ ਵੇਖ ਰਹੀਆਂ ਹਨ। ਉਹਨਾਂ ਦਾ ਦਾਅਵਾ ਹੈ ਕਿ ਮੋਦੀ ਸਰਕਾਰ ਇਸ ਰਾਹੀਂ ਆਪਣੀ ਆਲੋਚਨਾ ਕਰਨ ਵਾਲੀ ਸਮੱਗਰੀ ਨੂੰ ਤੇਜ਼ੀ ਨਾਲ ਬਲਾਕ ਕਰਨਾ ਚਾਹੁੰਦੀ ਹੈ। ਇਸ ਤੋਂ ਪਹਿਲਾਂ ਵੀ ਕਈ ਵਾਰ ਵਿਰੋਧੀ ਖਾਤਿਆਂ ਉੱਤੇ ਬਲਾਕਿੰਗ ਦੇ ਮਾਮਲੇ ਸਾਹਮਣੇ ਆਏ ਹਨ, ਜਿਸ ਨੂੰ ਕਾਂਗਰਸ ਨੇ 'ਵਿਰੋਧੀ ਆਵਾਜ਼ਾਂ ਨੂੰ ਦਬਾਉਣ' ਵਜੋਂ ਬਿਆਨ ਕੀਤਾ ਹੈ। ਉਹਨਾਂ ਅਨੁਸਾਰ, ਇੱਕ ਘੰਟੇ ਦੀ ਸੀਮਾ ਨਾਲ ਆਟੋਮੇਟਿਡ ਓਵਰ-ਰਿਮੂਵਲ ਵਧੇਗਾ ਅਤੇ ਰਾਜਨੀਤਿਕ ਵਿਰੋਧ ਨੂੰ ਅਸਾਨੀ ਨਾਲ ਰੋਕਿਆ ਜਾ ਸਕੇਗਾ। ਭਾਜਪਾ ਅਤੇ ਸਰਕਾਰ ਵੱਲੋਂ ਇਸ ਨੂੰ ਰਾਸ਼ਟਰੀ ਹਿੱਤ ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਉਹ ਕਹਿੰਦੇ ਹਨ ਕਿ ਵਿਰੋਧੀ ਧਿਰਾਂ ਫੇਕ ਨਿਊਜ਼ ਅਤੇ ਨਫ਼ਰਤੀ ਭਾਸ਼ਣ ਫੈਲਾਉਂਦੀਆਂ ਹਨ, ਜਿਸ ਨੂੰ ਰੋਕਣ ਲਈ ਇਹ ਉਪਾਅ ਲਾਜ਼ਮੀ ਹਨ।

ਅੱਜ ਸਰਕਾਰ ਨਾਲ ਜੁੜੀਆਂ ਆਵਾਜ਼ਾਂ ਇਸ ਨੂੰ 'ਸਮਾਜਿਕ ਏਕਤਾ' ਲਈ ਜ਼ਰੂਰੀ ਮੰਨਦੀਆਂ ਹਨ। ਇਸ ਤੋਂ ਇਲਾਵਾ, ਚੋਣਾਂ ਵਾਲੇ ਸਮੇਂ ਵਿੱਚ ਇਸ ਦਾ ਰਾਜਨੀਤਿਕ ਇਸਤੇਮਾਲ ਹੋਣ ਦੀ ਆਸ ਵੀ ਹੈ, ਜਿਸ ਨਾਲ ਵਿਰੋਧੀ ਧਿਰਾਂ ਦੀ ਆਨਲਾਈਨ ਮੌਜੂਦਗੀ ਘਟ ਸਕਦੀ ਹੈ। ਇਹ ਰਾਜਨੀਤੀ ਨੂੰ ਡਿਜੀਟਲ ਖੇਤਰ ਵਿੱਚ ਵੀ ਧਰੁਵੀ ਬਣਾ ਸਕਦਾ ਹੈ, ਜਿੱਥੇ ਸੱਤਾ ਧਿਰ ਆਪਣੇ ਖਿਲਾਫ ਆਵਾਜ਼ਾਂ ਨੂੰ ਤੇਜ਼ੀ ਨਾਲ ਰੋਕ ਸਕਦੀ ਹੈ। ਜਨਤਾ ਅਤੇ ਜੀਐਨ ਐਸਓ ਦਾ ਮਸਲਾ ਜਨਤਾ ਲਈ ਇਸ ਦਾ ਮਤਲਬ ਇਹ ਹੈ ਕਿ ਔਨਲਾਈਨ ਆਜ਼ਾਦੀ ਘੱਟ ਸਕਦੀ ਹੈ। ਇੰਟਰਨੈੱਟ ਫ੍ਰੀਡਮ ਫਾਊਂਡੇਸ਼ਨ ਵਰਗੀਆਂ ਸੰਸਥਾਵਾਂ ਚੇਤਾਵਨੀ ਦਿੰਦੀਆਂ ਹਨ ਕਿ ਛੋਟੀਆਂ ਸੀਮਾਵਾਂ ਨਾਲ ਪਲੇਟਫਾਰਮ ਆਟੋਮੈਟਿਕ ਤੌਰ ਉੱਤੇ ਵੱਧ ਸਮੱਗਰੀ ਹਟਾਉਣ ਲੱਗਣਗੇ, ਜਿਸ ਵਿੱਚ ਆਮ ਲੋਕਾਂ ਦੀਆਂ ਜਾਇਜ਼ ਆਵਾਜ਼ਾਂ ਵੀ ਦਬ ਸਕਦੀਆਂ ਹਨ।

ਸਵਾਲ ਇਹ ਹੈ ਕਿ ਇਸ ਨਾਲ ਸੈਲਫ-ਸੈਂਸਰਸ਼ਿਪ ਵਧੇਗੀ - ਲੋਕ ਆਪਣੀ ਰਾਏ ਤੋਂ ਡਰ ਕੇ ਚੁੱਪ ਰਹਿਣਗੇ। ਖਾਸ ਕਰਕੇ ਯੂਥ ਅਤੇ ਐਕਟਿਵਿਸਟਸ ਲਈ ਇਹ ਚਿੰਤਾਜਨਕ ਹੈ, ਕਿਉਂਕਿ ਉਹਨਾਂ ਦੀਆਂ ਆਵਾਜ਼ਾਂ ਰਾਸ਼ਟਰੀ ਮੁੱਦਿਆਂ ਉੱਤੇ ਚਰਚਾ ਲਈ ਮਹੱਤਵਪੂਰਨ ਹਨ। ਇਸ ਤੋਂ ਇਲਾਵਾ, ਅਸ਼ਲੀਲ ਕੰਟੈਂਟ ਉੱਤੇ ਸਖ਼ਤੀ ਲਈ ਓਟੀਟੀ ਅਤੇ ਡਿਜੀਟਲ ਨਿਊਜ਼ ਉੱਤੇ ਨਵੀਆਂ ਧਾਰਾਵਾਂ ਵੀ ਜਨਤਾ ਉੱਤੇ ਅਸਰ ਕਰਨਗੀਆਂ। ਇੱਕ ਪਾਸੇ ਤੋਂ ਬੱਚਿਆਂ ਦੀ ਰੱਖਿਆ ਹੋਵੇਗੀ, ਦੂਜੇ ਪਾਸੇ ਰਚਨਾਤਮਕ ਤੇ ਵਿਚਾਰਧਾਰਕ ਸਮੱਗਰੀ ਵੀ ਪ੍ਰਭਾਵਿਤ ਹੋ ਸਕਦੀ ਹੈ। ਅੱਜ ਮੀਡੀਆ ਦਾ ਨਜ਼ਰੀਆ ਹਰ ਆਜ਼ਾਦੀ ਉੱਤੇ ਖ਼ਤਰਾ ਜਾਂ ਜ਼ਰੂਰੀ ਨਿਯੰਤਰਣ ਰੱਖਣਾ ਹੈ? ਮੀਡੀਆ ਇਸ ਨੂੰ ਵੱਖ-ਵੱਖ ਤਰੀਕਿਆਂ ਨਾਲ ਵੇਖ ਰਿਹਾ ਹੈ। ਮੁੱਖਧਾਰਾ ਮੀਡੀਆ, ਖਾਸ ਕਰਕੇ ਸਰਕਾਰ-ਪੱਖੀ ਚੈਨਲਾਂ ਵੱਲੋਂ ਇਸ ਨੂੰ 'ਜਨਤਕ ਭਲਾਈ' ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਉਹ ਕਹਿੰਦੇ ਹਨ ਕਿ ਇਹ ਫੇਕ ਨਿਊਜ਼ ਅਤੇ ਨਫ਼ਰਤ ਰੋਕਣ ਲਈ ਜ਼ਰੂਰੀ ਹੈ। ਉਲਟ, ਆਜ਼ਾਦ ਮੀਡੀਆ ਅਤੇ ਡਿਜੀਟਲ ਜਰਨਲਿਸਟ ਇਸ ਨੂੰ 'ਪ੍ਰੈੱਸ ਫ੍ਰੀਡਮ ਉੱਤੇ ਹਮਲਾ' ਮੰਨਦੇ ਹਨ। ਉਹਨਾਂ ਅਨੁਸਾਰ, ਇੱਕ ਘੰਟੇ ਦੀ ਸੀਮਾ ਨਾਲ ਤੁਰੰਤ ਬਲਾਕਿੰਗ ਵਧੇਗੀ ਅਤੇ ਆਲੋਚਨਾਤਮਕ ਰਿਪੋਰਟਿੰਗ ਦਬਾਈ ਜਾ ਸਕਦੀ ਹੈ। ਇੰਟਰਨੈੱਟ ਫ੍ਰੀਡਮ ਗਰੁੱਪਾਂ ਅਨੁਸਾਰ, ਇਹ ਭਾਰਤ ਨੂੰ ਚੀਨ ਵਰਗੇ ਮਾਡਲ ਵੱਲ ਲੈ ਜਾ ਰਿਹਾ ਹੈ, ਜਿੱਥੇ ਸਰਕਾਰ ਆਨਲਾਈਨ ਆਵਾਜ਼ਾਂ ਨੂੰ ਪੂਰੀ ਤਰ੍ਹਾਂ ਨਿਯੰਤਰਿਤ ਕਰਦੀ ਹੈ। ਇਸ ਨਾਲ ਮੀਡੀਆ ਦੀ ਭੂਮਿਕਾ ਘਟ ਸਕਦੀ ਹੈ ਅਤੇ ਲੋਕ ਔਨਲਾਈਨ ਚਰਚਾਵਾਂ ਤੋਂ ਦੂਰ ਹੋ ਸਕਦੇ ਹਨ। ਜਾਰਜ ਓਰਵੈੱਲ ਦਾ ਚੇਤਾਵਨੀ ਭਰਿਆ ਸੰਦੇਸ਼ਜਾਰਜ ਓਰਵੈੱਲ ਦੀ ਰਚਨਾ 1984 ਵਿੱਚ ਉਸ ਨੇ ਲਿਖਿਆ ਸੀ: 'ਅੰਤ ਵਿੱਚ ਅਸੀਂ ਸੋਚ-ਵਿਚਾਰ ਨੂੰ ਅਪਰਾਧ ਬਣਾ ਦੇਵਾਂਗੇ, ਕਿਉਂਕਿ ਇਸ ਨੂੰ ਪ੍ਰਗਟ ਕਰਨ ਲਈ ਕੋਈ ਸ਼ਬਦ ਨਹੀਂ ਬਚਣਗੇ।' ਇਹ ਉਪਾਅ ਇਸੇ ਵੱਲ ਇਸ਼ਾਰਾ ਕਰਦਾ ਹੈ - ਜਿੱਥੇ ਸਰਕਾਰੀ ਨਿਯੰਤਰਣ ਨਾਲ ਆਜ਼ਾਦ ਵਿਚਾਰਧਾਰਾ ਘਟਦੀ ਹੈ ਅਤੇ ਲੋਕ ਆਪਣੀ ਰਾਏ ਤੋਂ ਡਰਨ ਲੱਗਦੇ ਹਨ। ਓਰਵੈੱਲ ਨੇ ਚਿਤਾਵਨੀ ਦਿੱਤੀ ਸੀ ਕਿ ਭਾਸ਼ਾ ਅਤੇ ਵਿਚਾਰ ਨੂੰ ਨਿਯੰਤਰਿਤ ਕਰਨ ਨਾਲ ਲੋਕਤੰਤਰ ਖਤਮ ਹੋ ਜਾਂਦਾ ਹੈ।

ਜੇਕਰ ਇਹ ਤਾਲਮੇਲ ਟੁੱਟਿਆ ਤਾਂ ਓਰਵੈੱਲ ਵਾਲੀ ਦੁਨੀਆਂ ਨਜ਼ਦੀਕ ਆ ਸਕਦੀ ਹੈ, ਜਿੱਥੇ ਵਿਚਾਰ ਵੀ ਅਪਰਾਧ ਬਣ ਜਾਣਗੇ। ਇਸ ਲਈ ਸਾਰੀਆਂ ਧਿਰਾਂ - ਸਰਕਾਰ, ਵਿਰੋਧੀ, ਮੀਡੀਆ ਅਤੇ ਟੈਕ ਕੰਪਨੀਆਂ- ਨੂੰ ਇੱਕਠੇ ਬੈਠ ਕੇ ਇੱਕ ਸੰਤੁਲਿਤ ਰਾਹ ਲੱਭਣਾ ਚਾਹੀਦਾ ਹੈ ਤਾਂ ਜੋ ਭਾਰਤ ਡਿਜੀਟਲ ਲੋਕਤੰਤਰ ਵਜੋਂ ਮਜ਼ਬੂਤ ਬਣੇ, ਨਾ ਕਿ ਨਿਯੰਤਰਣ ਵਾਲੀ ਰਾਜ ਵਜੋਂ। ਇਸ ਤੋਂ ਇਲਾਵਾ ਲੋਕਾਂ ਨੂੰ ਵੀ ਆਪਣੀ ਆਵਾਜ਼ ਉੱਚੀ ਰੱਖਣੀ ਚਾਹੀਦੀ ਹੈ ਤਾਂ ਜੋ ਆਜ਼ਾਦੀ ਦੀ ਰੱਖਿਆ ਹੋ ਸਕੇ।

ਹੁਣ ਭਵਿੱਖ ਇਸ ਗੱਲ ਉੱਤੇ ਨਿਰਭਰ ਕਰਦਾ ਹੈ ਕਿ ਅਸੀਂ ਇਸ ਡਿਜੀਟਲ ਯੁੱਗ ਵਿੱਚ ਆਜ਼ਾਦੀ ਅਤੇ ਜ਼ਿੰਮੇਵਾਰੀ ਵਿਚਕਾਰ ਕਿਹੜਾ ਰਾਹ ਚੁਣਦੇ ਹਾਂ।

# ਖ਼ਾਲਸਾ ਸਰਕਾਰ ਦੇ ਸੰਸਥਾਪਕ ਸ਼ੇਰ-ਏ-ਪੰਜਾਬ ਨੂੰ ਰਾਜ-ਤਿਲਕ ਦੇਣ ਵਾਲੀ ਉੱਘੀ ਹਸਤੀ ਬਾਬਾ ਸਾਹਿਬ ਸਿੰਘ ਬੇਦੀ ਨੂੰ ਯਾਦ ਕਰਦਿਆਂ



ਭਗਵਾਨ ਸਿੰਘ ਜੌਹਲ
ਮੋ. 98143-24040

ਇਤਿਹਾਸਕ ਜ਼ਿਕਰ ਮਿਲਦਾ ਹੈ ਕਿ ਜਦੋਂ ਸ਼ੁੱਕਰਚਕੀਆ ਮਿਸਲ ਦੇ ਮੁਖੀ ਸਰਦਾਰ ਮਹਾਂਸਿੰਘ ਦਾ ਅਕਾਲ ਚਲਾਣਾ ਹੁੰਦਾ ਹੈ ਤਾਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਕੇਵਲ ਗਿਆਰਾਂ ਕੁ ਵਰ੍ਹਿਆਂ ਦੇ ਸਨ। ਸ. ਮਹਾਂਸਿੰਘ ਦੇ ਧਰਮ ਸੁਪਤਨੀ ਬੀਬੀ ਰਾਜ ਕੌਰ ਨੂੰ ਆਪਣੇ ਪਤੀ ਦੀ ਮੌਤ ਦੇ ਗ਼ਮ ਨਾਲੋਂ ਵੱਧ ਦੁੱਖ ਇਸ ਗੱਲ ਦਾ ਸੀ ਕਿ ਮੇਰਾ ਸਪੁੱਤਰ ਰਣਜੀਤ ਸਿੰਘ ਬਹੁਤ ਛੋਟੀ ਅਵਸਥਾ ਵਿੱਚ ਹੈ, ਉਹ ਮਿਸਲ ਨੂੰ ਕਿਵੇਂ ਸੰਭਾਲੇਗਾ। ਇਸ ਪੀੜ ਨੂੰ ਸੀਨੇ ਵਿੱਚ ਲੈ ਕੇ ਬੀਬੀ ਰਾਜ ਕੌਰ ਜਗਤ-ਗੁਰੂ ਧੰਨ ਗੁਰੂ ਨਾਨਕ ਦੇਵ ਜੀ ਦੀ ਅੰਸ਼-ਵੰਸ਼ ਬਾਬਾ ਸਾਹਿਬ ਸਿੰਘ ਬੇਦੀ ਪਾਸ ਊਨਾ ਸ਼ਹਿਰ (ਜੋ ਇਸ ਵਕਤ ਹਿਮਾਚਲ ਪ੍ਰਦੇਸ਼ ਦਾ ਜ਼ਿਲ੍ਹਾ ਹੈੱਡਕਵਾਟਰ ਹੈ) ਪੁੱਜੀ। ਬਾਬਾ ਸਾਹਿਬ ਸਿੰਘ ਬੇਦੀ ਗੁਰੂ ਨਾਨਕ ਸਾਹਿਬ ਜੀ ਦੀ 11ਵੀਂ ਅੰਸ਼-ਵੰਸ਼ ਸਨ, ਜਿਨ੍ਹਾਂ ਦਾ ਸਤਿਕਾਰ ਉਸ ਸਮੇਂ ਦਾ ਹਰ ਸਿੱਖ ਕਰਦਾ ਸੀ। ਸਾਰੀਆਂ ਰਿਆਸਤਾਂ ਦੇ ਰਾਜੇ-ਮਹਾਰਾਜੇ ਅਤੇ ਸਿੱਖ ਮਿਸਲਾਂ ਦੇ ਸਰਦਾਰ ਉਨ੍ਹਾਂ ਦੇ ਬਚਨਾਂ ਨੂੰ ਰੱਬੀ-ਫੁਰਮਾਨ ਹੀ ਮੰਨਦੇ ਸਨ। ਜਦੋਂ ਬੀਬੀ ਰਾਜ ਕੌਰ ਨੇ ਆਪਣਾ ਦੁੱਖੜਾ ਬਿਆਨ ਕੀਤਾ ਤਾਂ ਬਾਬਾ ਸਾਹਿਬ ਸਿੰਘ ਬੇਦੀ ਨੇ ਲਾਹੌਰ ਦਰਬਾਰ ਆਉਣਾ ਪ੍ਰਵਾਨ ਕਰ ਲਿਆ। ਸਰਦਾਰ ਮਹਾਂਸਿੰਘ ਨਮਿੱਤ ਰੱਖੇ ਗਏ ਪਾਠ ਦੇ ਭੋਗ ਉਪਰੰਤ ਅਰਦਾਸ ਤੋਂ ਪਿੱਛੋਂ ਸਾਰੀਆਂ ਮਿਸਲਾਂ ਦੇ ਸਰਦਾਰਾਂ ਦੀ ਹਾਜ਼ਰੀ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਨੂੰ ਸਰਕਾਰ-ਏ-ਖ਼ਾਲਸਾ ਦਾ ਰਾਜ-ਤਿਲਕ ਦਿੱਤਾ ਸੀ। ਇਹ ਕੇਵਲ ਰਸਮ ਹੀ ਨਹੀਂ ਸੀ, ਸਗੋਂ ਇਸ ਦੇ ਵਿਰੋਧ ਵਿੱਚ ਕਿਸੇ ਮਿਸਲ ਦੇ ਸਰਦਾਰ ਨੇ ਸਿਰ ਨਹੀਂ ਚੁੱਕਿਆ, ਸਗੋਂ ਗੁਰੂ ਨਾਨਕ ਸਾਹਿਬ ਦੀ ਅੰਸ਼-ਵੰਸ਼ ਵੱਲੋਂ ਕੀਤੀ ਇਸ ਰਸਮ ਨੂੰ ਸਿਰ ਝੁਕਾ ਕੇ ਪ੍ਰਵਾਨਗੀ ਦਿੱਤੀ। ਬਾਬਾ ਸਾਹਿਬ ਸਿੰਘ ਜੀ ਬੇਦੀ ਦਾ ਜਨਮ 1756 ਈ: ਵਿੱਚ ਗੁਰਦਾਸਪੁਰ ਜ਼ਿਲ੍ਹੇ ਦੇ ਡੇਰ੍ਹਾ ਬਾਬਾ ਨਾਨਕ ਵਿਖੇ ਆਪਣੇ ਦਾਦਾ ਬਾਬਾ ਕਲਾਧਾਰੀ ਜੀ ਦੇ ਗ੍ਰਹਿ ਵਿਖੇ ਅਤੇ ਪਿਤਾ ਬਾਬਾ ਅਜੀਤ ਸਿੰਘ ਬੇਦੀ ਅਤੇ ਮਾਤਾ ਸਵਰੂਪ ਕੌਰ ਦੇ ਘਰ ਹੋਇਆ। ਬਾਬਾ ਸਾਹਿਬ ਸਿੰਘ ਬੇਦੀ ਦੇ ਦਾਦਾ ਬਾਬਾ ਕਲਾਧਾਰੀ ਜੀ ਸਾਹਿਬ-ਏ-ਕਮਾਲ ਗੁਰੂ ਗੋਬਿੰਦ ਸਿੰਘ ਜੀ ਦੇ ਸੱਦੇ 'ਤੇ ਹੀ ਸ੍ਰੀ ਅਨੰਦਪੁਰ ਸਾਹਿਬ ਨੇੜੇ ਵਸੇ ਊਨਾ ਨਗਰ ਵਿਖੇ ਪੁੱਜੇ ਸਨ। ਅੱਜ ਵੀ ਬੇਦੀ ਵੰਸ਼ ਦਾ ਇਹ ਅਸਥਾਨ ਕਿਲ੍ਹਾ ਬੇਦੀ ਸਾਹਿਬ ਕਰਕੇ ਜਾਣਿਆ ਜਾਂਦਾ ਹੈ। ਜਦੋਂ ਤੁਸੀਂ ਇਸ ਕਿਲ੍ਹੇ ਵਿਖੇ ਜਾਂਦੇ ਹੋ, ਤਾਂ ਪੁਰਾਤਨ ਕਿਲ੍ਹੇ ਵਿੱਚ ਪੁਰਾਤਨ ਬੋਹੜ ਤੇ ਬੇਰੀ ਦੇ ਦਰਖੱਤਾਂ ਦੇ ਰੂਪ ਵਿੱਚ ਸਿੱਖਾਂ ਦਾ ਪੁਰਾਤਨ ਵਿਰਸਾ ਅਤੇ ਅਤੀਤ ਹਰ ਦਰਸ਼ਕ ਨੂੰ ਆਪਣੇ ਵੱਲ ਸਹਿਜ-ਸੁਭਾਅ ਹੀ ਖਿੱਚਦਾ ਪ੍ਰਤੀਤ ਹੁੰਦਾ ਹੈ।

ਇਤਿਹਾਸਕ ਸਰੋਤ ਦੱਸਦੇ ਹਨ ਬਾਬਾ ਸਾਹਿਬ ਸਿੰਘ ਬੇਦੀ ਨਾਲ 14 ਹਜ਼ਾਰ ਘੋੜ ਸਵਾਰ ਫੌਜ ਹਮੇਸ਼ਾ ਤਾਇਨਾਤ ਰਹਿੰਦੀ ਸੀ। ਉਨ੍ਹਾਂ ਦੀ ਰਿਆਸਤ ਦੇ ਅਧਿਕਾਰ ਖੇਤਰ ਵਿੱਚ 117 ਪਿੰਡ ਸਨ। ਜਿਸ ਵਿੱਚ ਦੁਆਬਾ ਤੇ ਦੂਨ ਦਾ ਇਲਾਕਾ ਵੀ ਸੀ। ਬਾਬਾ ਜੀ ਜੰਗ ਵਿੱਚ ਸ਼ਹੀਦ ਹੋਏ ਪਰਿਵਾਰਾਂ ਦਾ ਰੈਣ-ਬਸੇਰਾ ਇਨ੍ਹਾਂ ਪਿੰਡਾਂ ਵਿੱਚ ਹੀ ਕਰਵਾਉਂਦੇ ਸਨ। ਬਾਬਾ ਕਲਾਧਾਰੀ ਜੀ ਅਤੇ ਉਨ੍ਹਾਂ ਦੀ ਵੰਸ਼ਜ ਨੇ ਊਨਾ ਸ਼ਹਿਰ ਵਿੱਚ ਅਨੇਕਾਂ ਇਮਾਰਤਾਂ ਬਣਾਈਆਂ। ਵੱਖ-ਵੱਖ ਧਰਮਾਂ ਦੇ ਲੋਕਾਂ ਨੂੰ ਇਥੇ ਵਸਾਇਆ। ਇਕ ਅਜਿਹਾ ਸਮਾਂ ਸੀ ਜਦੋਂ ਊਨਾ ਪੰਜਾਬ ਦਾ ਅਵਲ ਦਰਜੇ ਦਾ ਸ਼ਹਿਰ ਸੀ, ਜਿਥੋਂ ਮੌਜੂਦਾ ਹਿਮਾਚਲ, ਜੰਮੂ ਕਸ਼ਮੀਰ ਤੇ ਲੇਹ-ਲਦਾਖ ਤੱਕ ਵਿਉਪਾਰ ਕੀਤਾ ਜਾਂਦਾ ਸੀ। ਜਦੋਂ ਬਾਬਾ ਸਾਹਿਬ ਸਿੰਘ ਜੀ ਊਨਾ ਸ਼ਹਿਰ ਤੋਂ ਜੰਗ-ਏ-ਮੈਦਾਨ ਵਿੱਚ ਨਿਕਲਦੇ ਸਨ ਤਾਂ ਇਸ ਸ਼ਹਿਰ ਦੀ ਪਰਿਕਰਮਾ ਕਰਕੇ ਸੁਰੱਖਿਅਕ ਕਵਚ ਬਣਾਉਂਦੇ ਸਨ, ਤਾਂ ਜੋ ਸ਼ਹਿਰ ਵਿੱਚ ਕਿਸੇ ਤਰ੍ਹਾਂ ਦੀ ਕੋਈ ਔਖੀ ਘੜੀ ਨਾ ਆਵੇ। ਅੱਜ ਵੀ ਬਾਬਾ ਜੀ ਦੀ ਯਾਦ ਵਿੱਚ ਹੋਣ ਵਾਲੇ ਗੁਰਮਤਿ ਸਮਾਗਮ ਸਮੇਂ ਊਨਾ ਸ਼ਹਿਰ ਦੀ ਪਰਿਕਰਮਾ ਕਰਦਿਆਂ ਨਗਰ ਕੀਰਤਨ ਸਜਾਇਆ ਜਾਂਦਾ ਹੈ। ਇਤਿਹਾਸਕ ਸਰੋਤਾਂ ਮੁਤਾਬਕ ਬਾਬਾ ਜੀ ਜਿਥੇ ਮਹਾਨ 33 ਬੇਤੇ, ਰਾਜਯੋਗੀ ਧਰਮੀ ਮਹਾਂਪੁਰਸ਼ ਸਨ, ਉਥੇ ਉਹ ਦਲੇਰ ਯੋਧੇ ਤੇ ਕੂਟਨੀਤਕ ਸ਼ਖ਼ਸੀਅਤ ਦੇ ਮਾਲਕ ਵੀ ਸਨ। ਖ਼ਾਲਸਾ ਰਾਜ ਦਾ ਮੁੱਢ ਉਨ੍ਹਾਂ ਦੇ ਯਤਨਾਂ ਨਾਲ ਬੱਝਿਆ ਸੀ। ਬਾਰਾਂ ਮਿਸਲਾਂ ਦੇ ਸਰਦਾਰਾਂ ਨੂੰ ਇਕੱਠੇ ਕਰਨਾ ਕੋਈ ਸਹਿਜ ਕਾਰਜ ਨਹੀਂ ਸੀ।



ਬਾਬਾ ਸਾਹਿਬ ਸਿੰਘ ਜੀ ਬੇਦੀ (11ਵੇਂ ਵੰਸ਼ਜ ਗੁਰੂ ਨਾਨਕ ਦੇਵ ਜੀ)




ਬਾਬਾ ਸਰਬਜੋਤ ਸਿੰਘ ਬੇਦੀ (17ਵੇਂ ਵੰਸ਼ਜ ਗੁਰੂ ਨਾਨਕ ਦੇਵ ਜੀ ਅਤੇ ਮੌਜੂਦਾ ਗੱਦੀਨਸ਼ੀਨ)

ਊਨਾ ਦੇ ਇਸ ਇਤਿਹਾਸਕ ਕਿਲ੍ਹੇ ਦੀ ਸਥਾਪਨਾ 1784 ਈ: ਵਿੱਚ ਕੀਤੀ ਗਈ। ਜੋ ਉੱਤਰੀ ਭਾਰਤ ਦੀਆਂ 117 ਰਿਆਸਤਾਂ ਨਾਲ ਸਬੰਧਤ ਸੀ। ਸਿੱਖ ਰਾਜ ਦੇ ਪਤਨ ਪਿੱਛੋਂ ਅੰਗ੍ਰੇਜ਼ ਹਕੂਮਤ ਨੂੰ ਬਾਬਾ ਜੀ ਦੀ ਵੰਸ਼ਜ ਤੋਂ ਵੀ ਬਗਾਵਤੀ ਸੁਰਾਂ ਹੀ ਸੁਣਾਈ ਦਿੰਦੀਆਂ ਸਨ। ਇਸੇ ਕਰਕੇ ਜਦੋਂ ਬਾਬਾ ਜੀ ਦੇ ਸਪੁੱਤਰ ਬਾਬਾ ਬਿਕਰਮਾ ਸਿੰਘ ਬੇਦੀ ਵੱਲੋਂ ਅੰਗ੍ਰੇਜ਼ ਹਕੂਮਤ ਵਿਰੁੱਧ ਬਾਗੀ ਹੋਣ ਦੀ ਸੂਚਨਾ ਮਿਲੀ ਤਾਂ ਇਸ ਬੇਦੀ ਸਾਹਿਬ ਦੇ ਮਜ਼ਬੂਤ ਕਿਲ੍ਹੇ ਨੂੰ ਤੋਪਾਂ ਨਾਲ ਤਬਾਹ ਕਰ ਦਿੱਤਾ ਗਿਆ। ਜੋ ਅੱਜ ਵੀ ਇਹ ਇਤਿਹਾਸਕ ਖੰਡਰਾਂ ਦੇ ਰੂਪ ਵਿੱਚ ਅੰਗ੍ਰੇਜ਼ ਸਰਕਾਰ ਦੀ ਕੋਝੀ ਕਰਤੂਤ ਨੂੰ ਬਿਆਨ ਕਰ ਰਹੇ ਹਨ। ਇਸੇ ਕਿਲ੍ਹੇ ਅੰਦਰ ਬਾਬਾ ਜੀ ਦੇ ਮੰਝਲੇ ਸਪੁੱਤਰ ਬਾਬਾ ਤੇਗ ਸਿੰਘ ਦਾ ਸਥਾਨ ਵੀ ਮੌਜੂਦ ਹੈ। ਬਾਬਾ ਜੀ ਵੱਲੋਂ ਬਣਾਇਆ ਲੰਗਰ ਅਸਥਾਨ ਵੀ ਸਾਡੀ ਅਮੀਰ ਵਿਰਾਸਤ ਦੀ ਨਿਸ਼ਾਨੀ ਹੈ। ਇਸੇ ਊਨਾ ਸ਼ਹਿਰ ਦੇ ਹੋਰ ਇਤਿਹਾਸਕ ਸਥਾਨਾਂ ਦੀ ਗੱਲ ਕਰੀਏ ਤਾਂ ਕਿਲ੍ਹੇ ਦੇ ਦੂਜੇ ਪਾਸੇ ਬਾਬਾ ਜੀ ਦਾ ਦਮਦਮਾ ਅਸਥਾਨ ਹੈ। ਊਨਾ ਤੋਂ ਚਾਰ ਕੁ ਕਿਲੋਮੀਟਰ ਦੂਰ ਬਾਬਾ ਸਾਹਿਬ ਸਿੰਘ ਬੇਦੀ ਜੀ ਦਾ ਤਪ ਅਸਥਾਨ ਗੁਰਦੁਆਰਾ ਤਪੋਵਨ ਮੌਜੂਦ ਹੈ। ਇਸ ਦੇ ਨੇੜੇ ਹੀ ਬਾਬਾ ਤੇਗ ਸਿੰਘ ਦਾ ਤਪ-ਅਸਥਾਨ ਗੁ: ਬਾਰਾਂਦਰੀ ਵੀ ਮੌਜੂਦ ਹੈ। ਉਨ੍ਹਾਂ ਦੀ ਗਾਤਰੇ ਦੀ ਕ੍ਰਿਪਾਨ, ਕਟਾਰ, ਚੱਕਰੀ, ਗਾਤਰਾ, ਬਾਬਾ ਤੇਗ ਸਿੰਘ ਦਾ ਤੀਰ ਕਮਾਨ ਅਤੇ ਬਾਬਾ ਬਿਕਰਮਾ ਸਿੰਘ ਦੀ ਕ੍ਰਿਪਾਨ ਵੀ ਊਨਾ ਕਿਲ੍ਹੇ ਵਿੱਚ ਸੁਭਾਇਮਾਨ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਦੀ ਮੌਜੂਦਾ ਵੰਸ਼ ਵਿੱਚੋਂ ਮਹਾਂਪੁਰਸ਼ ਬਾਬਾ ਸਰਬਜੋਤ ਸਿੰਘ ਬੇਦੀ ਨੇ 1989 ਈ: ਵਿੱਚ ਜਾਨਸ਼ੀਨ ਵਜੋਂ ਜ਼ਿੰਮੇਵਾਰੀ ਸੰਭਾਲੀ, ਬਾਬਾ ਜੀ ਨੂੰ ਸਮੁੱਚੇ ਸਿੱਖ ਜਗਤ ਵਿੱਚ ਅਤੇ ਸੰਤ ਸਮਾਜ ਵਿੱਚ ਸਤਿਕਾਰ ਦਿੱਤਾ ਜਾਂਦਾ ਹੈ। ਬਾਬਾ ਸਰਬਜੋਤ ਸਿੰਘ ਬੇਦੀ ਦੀ ਅਗਵਾਈ ਵਿੱਚ ਊਨਾ ਸ਼ਹਿਰ ਦਾ ਵਿਕਾਸ ਨਵੀਆਂ ਤਕਨੀਕਾਂ ਨਾਲ ਹੋ ਰਿਹਾ ਹੈ। ਨਾਲ ਹੀ ਬਾਬਾ ਜੀ ਨੇ ਮਾਨਸਿਕ ਤੇ ਕਮਜ਼ੋਰ ਬੱਚਿਆਂ ਲਈ ਪ੍ਰੇਮਾਸ਼ਰਮ ਦੀ ਸਥਾਪਨਾ ਵੀ ਕੀਤੀ ਹੈ। ਇਹ ਆਸ਼ਰਮ ਸਮਾਜ ਦੇ ਇਨ੍ਹਾਂ ਬੱਚਿਆਂ ਦੀ ਦੇਖਭਾਲ ਕਰ ਰਿਹਾ ਹੈ। ਦੇਸ਼-ਵਿਦੇਸ਼ ਦੀ ਸੰਗਤ ਵੱਲੋਂ ਬਾਬਾ ਸਾਹਿਬ ਸਿੰਘ ਬੇਦੀ ਜੀ ਦੇ ਜਨਮ ਦਿਨ 'ਤੇ ਤਿੰਨ ਦਿਨ ਸਮਾਗਮ ਹਰ ਸਾਲ ਗੁਰਮਤਿ ਸਮਾਗਮ ਦੇ ਰੂਪ ਵਿੱਚ ਵੀ ਕੀਤੇ ਜਾਂਦੇ ਹਨ। ਮੁੱਖ ਸਮਾਗਮ ਦੇ ਦੌਰਾਨ ਨਗਰ ਕੀਰਤਨ, ਸੰਤ ਸਮਾਗਮ, ਕੀਰਤਨ ਦਰਬਾਰ ਕਰਵਾਏ ਜਾਂਦੇ ਹਨ। ਆਉ ਆਪਾਂ ਵੀ ਆਪਣੇ ਵਿਰਾਸਤੀ ਅਸਥਾਨਾਂ ਦੇ ਦਰਸ਼ਨ-ਦੀਦਾਰੇ ਕਰੀਏ।

# ਗਾਇਕੀ ਦੇ ਨਾਮ ਹੇਠ ਨਸ਼ਿਆਂ ਦਾ ਪ੍ਰਚਾਰ ਅਤੇ ਵੇਚੀ ਜਾ ਰਹੀ ਲੱਚਰਤਾ

ਬਘੇਲ ਸਿੰਘ ਧਾਲੀਵਾਲ
99142-58142



ਸਿੱਖੀ ਮਾਰਗ ਦੇ ਪਹਿਲੇ ਰਹਿਨੁਮਾ ਪਹਿਲੇ ਰਹਿਬਰ ਸਿੱਖਾਂ ਦੇ ਪਹਿਲੇ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਸਾਹਿਬ ਨੇ ਸੰਗੀਤ ਦੇ ਪਿਤਾਮਾ ਭਾਈ ਮਰਦਾਨਾ ਸਾਹਿਬ ਦੇ ਸਾਥ ਨਾਲ ਆਪਣੀ ਮਨੁੱਖਤਾਵਾਦੀ ਵਿਚਾਰਧਾਰਾ ਦਾ ਪ੍ਰਚਾਰ ਗਾ ਕੇ ਕੀਤਾ ਸੀ। ਗੁਰੂ ਨਾਨਕ ਸਾਹਿਬ ਤੋਂ ਪਹਿਲਾਂ ਬਾਬਾ ਫਰੀਦ, ਕਬੀਰ ਸਾਹਿਬ, ਭਗਤ ਰਵਿਦਾਸ ਸਾਹਿਬ, ਬਾਬਾ ਬੁੱਲ੍ਹੇ ਸ਼ਾਹ ਜੀ ਵਰਗੇ ਅਨੇਕਾਂ ਸਮਾਜ ਸੁਧਾਰਕ ਹੋਏ, ਜਿਨ੍ਹਾਂ ਨੇ ਆਪਣੇ ਪ੍ਰਚਾਰ ਦਾ ਹੋਕਾ ਕਵਿਤਾ ਰਾਹੀਂ ਦਿੱਤਾ ਅਤੇ ਇਹਨਾਂ ਤੋਂ ਇਲਾਵਾ ਵੀ ਅਨੇਕਾਂ ਸੂਫੀ ਸੰਤ ਫਕੀਰ ਹੋਏ ਹਨ, ਜਿਨ੍ਹਾਂ ਆਪਣਾ ਹੋਕਾ ਗਾ ਕੇ ਦਿੱਤਾ। ਇਹ ਕਲਾ ਅਸ਼ਲੀਲਤਾ ਗਾਉਣ ਦਾ ਨਾਮ ਨਹੀਂ ਸੀ, ਬਲਕਿ ਗਾਇਣ ਕਲਾ ਜਿਊਣ ਦਾ ਢੰਗ ਸੀ, ਸੋਚ ਸੀ, ਰੂਹ ਦੀ ਅਵਾਜ਼ ਸੀ। ਇਹ ਉਹ ਅਵਾਜ਼ ਸੀ ਜੋ ਮਨੁੱਖ ਨੂੰ ਡਿੱਗਣ ਨਹੀਂ ਦਿੰਦੀ ਸੀ, ਜੋ ਅੰਦਰੋਂ ਹੌਂਸਲਾ ਪੈਦਾ ਕਰਦੀ ਸੀ, ਜੋ ਦਰਦ ਨੂੰ ਵੀ ਇੱਜ਼ਤ ਨਾਲ ਜਿਊਣਾ ਸਿਖਾਉਂਦੀ ਸੀ। ਪਰ ਅੱਜ ਇਹੋ ਗਾਇਕੀ ਆਪਣਾ ਰੂਪ ਬਦਲ ਚੁੱਕੀ ਹੈ। ਅੰਦਰੋਂ ਮਜ਼ਬੂਤ ਕਰਨ ਦੀ ਬਜਾਏ ਨੌਜਵਾਨਾਂ ਨੂੰ ਲੱਚਰਤਾ ਅਤੇ ਨਸ਼ਿਆਂ ਦੀ ਦਲਦਲ ਵੱਲ ਧੱਕ ਰਹੀ ਹੈ। ਅੱਜ ਦੇ ਸਮੇਂ ਵਿੱਚ ਪੰਜਾਬ ਅਤੇ ਪੰਜਾਬੀਅਤ ਦੀ ਸੋਚ ਨੂੰ ਮਾਰਨ ਲਈ, ਇੱਥੋਂ ਦੀ ਅਣਖ ਗੈਰਤ ਨੂੰ ਅਸਲੋਂ ਹੀ ਮਾਰ ਕੇ ਗੀਦੀ ਬਨਾਉਣ ਲਈ ਜੇਕਰ ਕੋਈ ਸਭ ਤੋਂ ਵੱਧ ਕੰਮ ਕਰ ਰਿਹਾ ਹੈ ਤਾਂ ਉਹ ਮੌਜੂਦਾ ਦੌਰ ਦੀ ਗਾਇਕੀ ਹੈ, ਜਿਸਨੇ ਪੰਜਾਬੀ ਸੱਭਿਆਚਾਰ ਖਾਸ ਕਰਕੇ ਸਿੱਖ ਸੱਭਿਆਚਾਰ ਦਾ ਮਲੀਆਮੇਟ ਕਰਕੇ ਰੱਖ ਦਿੱਤਾ ਹੈ। ਮਹਿਜ਼ ਪੈਸੇ ਦੀ ਦੌੜ ਨੇ ਗਾਇਕੀ ਨੂੰ ਕੁਰਾਹੇ ਪਾ ਦਿੱਤਾ ਹੈ।

ਇਸ ਪਲੇਟਫਾਰਮ ਨੂੰ ਜੇਕਰ ਜ਼ਿੰਮੇਵਾਰੀ ਨਾਲ ਵਰਤਿਆ ਜਾਵੇ ਜਿਹਾ ਕਿ ਅਸੀ ਕਿਸਾਨੀ ਅੰਦੋਲਨ ਦੌਰਾਨ ਦੇਖਿਆ ਵੀ ਹੈ, ਤਾਂ ਪੰਜਾਬ ਦੇ ਹਿੱਤਾਂ ਲਈ ਉਸਾਰੂ ਰੋਲ ਨਿਭਾਅ ਸਕਦੀ ਹੈ, ਪਰ ਨਹੀਂ, ਸਗੋਂ ਬੇਪਰਵਾਹੀ ਨਾਲ ਵਰਤਿਆ ਜਾ ਰਿਹਾ ਹੈ। ਅੱਜ ਦੇ ਸਮੇਂ ਦੇ ਗਾਇਕ ਸ਼ਰੇਆਮ ਨਸ਼ਿਆਂ ਨੂੰ ਉਤਸ਼ਾਹਿਤ ਕਰ ਰਹੇ ਹਨ, ਕੋਈ ਪੁੱਛਣ ਵਾਲਾ ਨਹੀਂ ਹੈ। ਲੱਚਰਤਾ ਦੀ ਹੱਦ ਐਨੇ ਨੀਵੇਂ ਪੱਧਰ ਤੱਕ ਪੁੱਜ ਚੁੱਕੀ ਹੈ ਕਿ ਇਸ ਤੋਂ ਅੱਗੇ ਰਿਹਾ ਹੀ ਕੁੱਝ ਨਹੀਂ। ਪੰਜਾਬ ਦੀ ਜੁਆਨੀ ਨੂੰ ਕੁਰਾਹੇ ਪਾਉਣ ਵਿੱਚ ਅਜੋਕੀ ਗਾਇਕੀ ਦੀ ਮੁੱਖ ਭੂਮਿਕਾ ਹੈ, ਪਰ ਪੰਜਾਬ ਸੁੱਤਾ ਪਿਆ ਹੈ। ਘਟੀਆ ਅਤੇ ਨੀਵੇਂ ਪੱਧਰ ਤੱਕ ਗਾਇਕੀ ਨੂੰ ਲਿਜਾਣ ਵਿੱਚ ਗਾਇਕ ਬਾਦਸ਼ਾਹ, ਸੁਲਤਾਨ, ਦਿਲਜੀਤ ਦੁਸਾਂਝ, ਜੋ ਜੋ ਹਨੀ ਸਿੰਘ, ਏ ਪੀ ਢਿੱਲੋਂ, ਕਰਨ ਔਜਲਾ ਆਦਿ ਪ੍ਰਮੁੱਖ ਭੂਮਿਕਾ ਨਿਭਾਅ ਰਹੇ ਹਨ। ਉਕਤ ਸਾਰੇ ਅਖੌਤੀ ਕਲਾਕਾਰ ਜੁਆਨੀ ਦਾ ਘਾਣ ਅਤੇ ਕਲਾ ਦਾ ਸੱਤਿਆਨਾਸ ਕਰਨ ਵਿੱਚ ਮੋਹਰੀ ਹੋਣ ਕਰਕੇ ਚਰਚਾ ਵਿੱਚ ਹਨ। ਗੀਤਾਂ ਨੇ ਨਸ਼ਿਆਂ ਦੀ ਲੱਤ ਨੂੰ ਮੌਜ ਮਸਤੀ ਦਾ ਸਾਧਨ ਬਣਾ ਕੇ ਪੇਸ਼ ਕੀਤਾ ਹੈ। ਨੌਜਵਾਨਾਂ ਦੇ ਦਿਮਾਗ ਵਿੱਚੋਂ ਨਸ਼ਿਆਂ ਦਾ ਡਰ ਹੀ ਖਤਮ ਹੋ ਗਿਆ ਹੈ। ਜਿੱਥੇ ਨਸ਼ਾ ਇੱਕ ਸਮੇਂ ਘਰ ਬਰਬਾਦ ਕਰਨ ਵਾਲੀ ਬਿਮਾਰੀ ਮੰਨਿਆ ਜਾਂਦਾ ਸੀ, ਉੱਥੇ ਹੁਣ ਇਹ ਪਾਰਟੀਆਂ ਦਾ ਹਿੱਸਾ, ਲੋੜ ਅਤੇ ਹੈਸੀਅਤ ਦਰਸਾਉਣ ਵਾਲੀ ਵਸਤੂ ਦਾ ਪ੍ਰਤੀਕ ਬਣਾ ਦਿੱਤਾ ਗਿਆ ਹੈ।

ਗੀਤਾਂ ਵਿੱਚ ਅਜਿਹਾ ਰੁਝਾਨ ਸਾਫ ਅਤੇ ਸਪੱਸ਼ਟ ਨਜ਼ਰ ਆਉਂਦਾ ਹੈ, ਜਿੱਥੇ ਹਰ ਖੁਸ਼ੀ, ਹਰ ਮੌਜ, ਹਰ ਜਸ਼ਨ ਨੂੰ ਸ਼ਰਾਬ ਨਾਲ ਜੋੜ ਦਿੱਤਾ ਜਾਂਦਾ ਹੈ। ਸ਼ਰਾਬ ਤੋਂ ਅੱਗੇ ਵਧ ਕੇ ਹੁਣ ਗੱਲ ਚਿੱਟਿਆਂ, ਇਸਮਾਇਕਾਂ ਦੇ ਨਾਲ ਨਾਲ ਹੋਰ ਰਸਾਇਣ-ਯੁਕਤ ਮਾਰੂ ਨਸ਼ਿਆਂ ਤੱਕ ਪੁੱਜ ਚੁੱਕੀ ਹੈ। ਇੱਥੇ ਇਹ ਵੀ ਦੱਸਣਾ ਜ਼ਰੂਰੀ ਬਣਦਾ ਹੈ ਕਿ ਪੰਜਾਬ ਵਿਰੋਧੀ ਇਸ ਮਾੜੇ ਰੁਝਾਨ ਨੂੰ ਅੱਗੇ ਵਧਾਉਣ ਵਿੱਚ ਨਵੇਂ ਗਾਇਕਾਂ ਦੇ ਨਾਲ ਪੁਰਾਣੇ ਨਾਮੀ ਕਲਾਕਾਰਾਂ ਦੀ ਵੱਡੀ ਭੂਮਿਕਾ ਹੈ। ਅਜਿਹੇ ਰੁਝਾਨ ਨੂੰ ਹਵਾ ਦੇਣ ਵਾਲਿਆਂ ਵਿੱਚ ਗੁਰਦਾਸ ਮਾਨ ਵਰਗੇ ਨਾਮੀ ਕਲਾਕਾਰ ਵੀ ਸ਼ਾਮਲ ਹਨ। ਜਦੋਂ ਇੱਕ ਨੌਜਵਾਨ ਦਿਨ ਵਿੱਚ ਕਈ ਵਾਰ ਇਹੀ ਸੁਣਦਾ ਹੈ ਕਿ ਗਮ ਭੁਲਾਉਣ ਲਈ ਨਸ਼ਾ ਹੀ ਸਭ ਤੋਂ ਉਤਮ ਅਤੇ ਆਖਰੀ ਹੱਲ ਹੈ, ਤਾਂ ਉਹ ਸਿਰਫ ਸੁਣਦਾ ਹੀ ਨਹੀਂ, ਬਲਕਿ ਨਸ਼ੇ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣ ਲੱਗ ਪੈਂਦਾ ਹੈ। ਏ ਪੀ ਢਿੱਲੋਂ ਵਰਗੇ ਗਾਇਕਾਂ ਦੇ ਗੀਤਾਂ ਵਿੱਚ ਪੇਸ਼ ਕੀਤਾ ਜਾ ਰਿਹਾ ਲਾਈਫਸਟਾਈਲ ਵੀ ਇੱਕ ਅਜਿਹੀ ਦੁਨੀਆ ਬਣਾਉਂਦਾ ਹੈ, ਜਿੱਥੇ ਨਸ਼ਾ ਤੇ ਦਿਖਾਵਾ ਸਫਲਤਾ ਦਾ ਮਾਪਦੰਡ ਬਣ ਜਾਂਦਾ ਹੈ।

ਇਹ ਸਿਰਫ ਨਸ਼ੇ ਦੀ ਗੱਲ ਨਹੀਂ ਰਹੀ, ਇਹ ਲੱਚਰਤਾ ਦੀ ਵੀ ਗੱਲ ਹੈ। ਅੱਜ ਦੇ ਗੀਤ ਇਸ਼ਕ ਨੂੰ ਇੱਕ ਤਾਕਤ ਅਤੇ ਕਮਜ਼ੋਰੀ ਦੋਵਾਂ ਰੂਪਾਂ ਵਿੱਚ ਪੇਸ਼ ਕਰਕੇ ਜਿੱਥੇ ਤਾਕਤ ਨਾਲ ਲੱਚਰਤਾ ਅਤੇ ਕਮਜ਼ੋਰੀ ਨਾਲ ਨਸ਼ਿਆਂ ਦੇ ਸਹਾਰੇ ਦਾ ਪ੍ਰਚਾਰ ਕਰਦੇ ਹਨ। ਗੀਤਾਂ ਵਿੱਚ ਇੱਕ ਅਜਿਹਾ ਪਿਆਰ ਦਿਖਾਇਆ ਜਾਂਦਾ ਹੈ, ਜਿੱਥੇ ਮਨੁੱਖ ਆਪਣੀ ਇੱਜ਼ਤ ਦੀ ਫਿਕਰ, ਪਰਵਾਹ ਕਰਨੀ ਛੱਡ ਦਿੰਦਾ ਹੈ। ਬਹੁਤ ਸਾਰੇ ਗਾਇਕਾਂ ਦੇ ਗੀਤਾਂ ਵਿੱਚ ਅਣਖੀ ਪੰਜਾਬ ਦੇ ਨੌਜਵਾਨਾਂ ਦੀ ਸੋਚ ਨੂੰ ਨੀਵਾਂ ਕਰਨ ਦੀ ਪਰਵਿਰਤੀ ਵਾਰ-ਵਾਰ ਸਾਹਮਣੇ ਆਉਂਦੀ ਹੈ। ਅਜੋਕੀ ਗਾਇਕੀ ਨੌਜਵਾਨਾਂ ਨੂੰ ਸਿਖਾਉਂਦੀ ਹੈ ਕਿ ਪਿਆਰ ਵਿੱਚ ਖੁਦ ਨੂੰ ਗੁਆ ਦੇਣਾ ਹੀ ਵੱਡੀ ਗੱਲ ਹੈ, ਜਿਵੇਂ ਖੁਦ ਦੀ ਪਛਾਣ ਦੀ ਕੋਈ ਕੀਮਤ ਹੀ ਨਾ ਹੋਵੇ। ਦਿਲ ਟੁੱਟਣ ਦਾ ਦਰਦ ਹਰ ਯੁੱਗ ਵਿੱਚ ਰਿਹਾ ਹੈ, ਪਰ ਅੱਜ ਦੀ ਗਾਇਕੀ ਨੇ ਇਸ ਦਰਦ ਨੂੰ ਇੱਕ ਖਤਰਨਾਕ ਮੋੜ ਦੇ ਦਿੱਤਾ ਹੈ। ਸ਼ੈਰੀ ਮਾਨ ਦੇ ਗੀਤਾਂ ਨੇ ਇਹ ਸੋਚ ਪੈਦਾ ਕੀਤੀ ਕਿ ਜੇ ਦਿਲ ਟੁੱਟ ਜਾਵੇ ਤਾਂ ਉਸਦਾ ਹੱਲ ਨਸ਼ੇ ਵਿੱਚ ਡੁੱਬ ਜਾਣਾ ਹੈ।

ਐਮੀ ਵਿਰਕ ਦੇ ਕੁਝ ਗੀਤਾਂ ਵਿੱਚ ਵੀ ਇਹੋ ਜਿਹੀ ਲਹਿਰ ਦਿਖਾਈ ਦਿੰਦੀ ਹੈ, ਜਿੱਥੇ ਦੁੱਖ ਨਾਲ ਲੜਨ ਦੀ ਬਜਾਏ ਉਸ ਵਿੱਚ ਹੀ ਡਿੱਗ ਜਾਣ ਦੀ ਪ੍ਰੇਰਣਾ ਮਿਲਦੀ ਹੈ। ਇਹ ਸਿਰਫ ਗੀਤ ਨਹੀਂ ਰਹਿੰਦੇ, ਇਹ ਜੀਵਨ ਦੇ ਫੈਸਲੇ ਬਣ ਜਾਂਦੇ ਨੇ। ਇਹ ਸਾਰਾ ਕੁਝ ਇੱਕ ਦਿਨ ਵਿੱਚ ਨਹੀਂ ਹੋਇਆ। ਇਸ ਦੇ ਪਿੱਛੇ ਇੱਕ ਪੂਰਾ ਸਿਸਟਮ ਕੰਮ ਕਰ ਰਿਹਾ ਹੈ। ਮਿਊਜ਼ਿਕ ਇੰਡਸਟਰੀ, ਸੋਸ਼ਲ ਮੀਡੀਆ ਅਤੇ ਅਸੀਂ ਖੁਦ। ਸਚਾਈ ਇਹ ਹੈ ਕਿ ਅੱਜ ਕੱਲ ਗੀਤ ਲਿਖੇ ਨਹੀਂ ਜਾਂਦੇ, ਬਲਕਿ ਟਰੈਂਡ ਦੇ ਮੁਤਾਬਕ ਦੇਖਣ ਸੁਣਨ ਵਾਲਿਆਂ ਦੇ ਮੁਤਾਬਕ ਅਤੇ ਪੈਸੇ ਦੇ ਮੁਤਾਬਕ ਬਣਾਏ ਜਾਂਦੇ ਹਨ। ਕਲਾਕਾਰ ਹੁਣ ਇਹ ਨਹੀਂ ਸੋਚਦਾ ਕਿ ਉਹ ਕੀ ਕਹਿ ਰਿਹਾ ਹੈ, ਉਹ ਇਹ ਸੋਚਦਾ ਹੈ ਕਿ ਇਹ ਚੱਲੇਗਾ ਜਾਂ ਨਹੀਂ। ਸੱਚ ਬੋਲਣਾ ਖਤਰਨਾਕ ਹੋ ਗਿਆ ਹੈ ਤੇ ਬੇਮਤਲਬ ਗਾਉਣਾ ਫਾਇਦੇਮੰਦ। ਸਭ ਤੋਂ ਵੱਡੀ ਵਿਡੰਬਨਾ ਇਹ ਹੈ ਕਿ ਅਸੀਂ ਇਸਨੂੰ ਸਵੀਕਾਰ ਵੀ ਕਰ ਚੁੱਕੇ ਹਾਂ। ਅੱਜ ਉਹੀ ਗੀਤ ਬਹੁਤਾਤ ਵਿੱਚ ਸੁਣੇ ਜਾ ਰਹੇ ਹਨ, ਜੋ ਬੇਹੱਦ ਮਾੜੇ ਹਨ, ਉਹੀ ਗੀਤ ਸ਼ੇਅਰ ਕਰਦੇ ਹਾਂ ਜੋ ਪਹਿਲਾਂ ਹੀ ਵਾਇਰਲ ਕੀਤੇ ਹੋਏ ਹਨ ਤੇ ਫਿਰ ਸ਼ਿਕਾਇਤ ਕਰਦੇ ਹਾਂ ਕਿ ਨੌਜਵਾਨ ਖਰਾਬ ਹੋ ਰਿਹਾ ਹੈ। ਅਸਲ ਵਿੱਚ ਨੌਜਵਾਨ ਆਪਣੇ ਆਪ ਨਹੀਂ ਖਰਾਬ ਹੋ ਰਿਹਾ,ਬਲਕਿ ਉਸਦੀ ਸੋਚ ਬਣਾਈ ਜਾ ਰਹੀ ਹੈ, ਹਰ ਰੋਜ਼, ਹਰ ਨਵੇਂ ਗੀਤ ਨਾਲ। ਇਹ ਗਾਇਕੀ ਹੁਣ ਸਿਰਫ ਮਨੋਰੰਜਨ ਨਹੀਂ ਰਹੀ, ਇਹ ਇੱਕ ਮਾਨਸਿਕ ਤਿਆਰੀ ਹੈ, ਜਿੱਥੇ ਨੌਜਵਾਨਾਂ ਨੂੰ ਸਿਖਾਇਆ ਜਾ ਰਿਹਾ ਹੈ ਕਿ ਨਸ਼ਾ ਆਮ ਹੈ, ਲੱਚਰਤਾ ਹੀ ਪਿਆਰ ਹੈ ਤੇ ਖੁਦ ਨੂੰ ਭੁੱਲ ਜਾਣਾ ਹੀ ਜੀਵਨ ਹੈ। ਜੇ ਇਹੀ ਚੱਲਦਾ ਰਿਹਾ ਤਾਂ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਦੀ ਬਚਦੀ ਖੁਚਦੀ ਨੌਜਵਾਨੀ ਵੀ ਅੰਦਰੋਂ ਪੂਰੀ ਤਰ੍ਹਾਂ ਟੁੱਟ ਜਾਵੇਗੀ। ਸਵਾਲ ਸਿਰਫ ਗਾਇਕਾਂ ਦਾ ਨਹੀਂ, ਸਵਾਲ ਸਾਡੀ ਚੋਣ ਦਾ ਵੀ ਹੈ। ਪਰ ਇਹ ਵੀ ਸੱਚ ਹੈ ਕਿ ਕਲਾਕਾਰ ਦੀ ਜ਼ਿੰਮੇਵਾਰੀ ਸਭ ਤੋਂ ਵੱਡੀ ਹੁੰਦੀ ਹੈ, ਕਿਉਂਕਿ ਉਸਦੀ ਇੱਕ ਲਾਈਨ ਹਜ਼ਾਰਾਂ ਦਿਮਾਗਾਂ ਵਿੱਚ ਵੱਸ ਜਾਂਦੀ ਹੈ। ਜੇ ਉਹ ਲਾਈਨ ਕੌਮੀ ਹਿੱਤਾਂ ਦੀ ਗੱਲ ਕਰਨ ਵਾਲੀ ਹੋਵੇਗੀ, ਤਾਂ ਸਿੱਧੂ ਮੂਸੇ ਵਾਲੇ ਦੇ ਐਸ ਵਾਈ ਐਲ ਗੀਤ ਵਾਂਗ ਨੌਜਵਾਨੀ ਨੂੰ ਆਪਣੇ ਵਿਰਸੇ ਨਾਲ ਜੁੜਨ ਲਈ ਪ੍ਰੇਰਿਤ ਕਰੇਗੀ,ਪਰ ਜਦੋਂ ਬਹੁ ਗਿਣਤੀ ਵਿੱਚ ਗਾਇਕਾਂ ਵੱਲੋਂ ਨਸ਼ੇ ਅਤੇ ਗੰਦ ਪਰੋਸਿਆ ਜਾਵੇਗਾ ਤਾਂ ਸੁਭਾਵਿਕ ਹੈ ਕਿ ਸਮਾਜ ਵੀ ਢਹਿੰਦੀ ਦਿਸ਼ਾ ਵੱਲ ਜਾਵੇਗਾ।

## ਸ਼ੀਤਲਾ ਮਾਤਾ ਮੰਦਰ ਵਿਖੇ ਇੰਟਰਲਾਕ ਟਾਇਲਾਂ ਦਾ ਕੰਮ ਸ਼ੁਰੂ ਕਰਵਾਇਆ




ਮੰਡੀ ਗੋਬਿੰਦਗੜ੍ਹ, 25 ਮਾਰਚ (ਰੂਪਲ ਸੂਦ): ਨਗਰ ਕੌਂਸਲ ਸਰਹਿੰਦ ਦੇ ਵਾਰਡ ਨੰਬਰ 3 ਦੀ ਕੌਂਸਲਰ ਦਵਿੰਦਰ ਕੌਰ ਤੇ ਆਪ ਆਗੂ ਐਡਵੋਕੇਟ ਕੰਵਰਵੀਰ ਸਿੰਘ ਰਾਏ ਵੱਲੋਂ ਸਾਂਝੇ ਤੌਰ 'ਤੇ ਸ਼ੀਤਲਾ ਮਾਤਾ ਮੰਦਰ ਸਰਹਿੰਦ ਸ਼ਹਿਰ ਵਿਖੇ ਇੰਟਰਲਾਕ ਟਾਇਲਾਂ ਦਾ ਕੰਮ ਸ਼ੁਰੂ ਕਰਵਾਇਆ ਗਿਆ। ਜਿਸ ਦਾ ਉਦਘਾਟਨ ਰਿਬਨ ਕੱਟ ਕੇ ਕੀਤਾ ਗਿਆ। ਇਸ ਮੌਕੇ ਐਡਵੋਕੇਟ ਕੰਵਰਵੀਰ ਸਿੰਘ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਦੇ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਜਿੱਥੇ ਪਿੰਡਾਂ ਨਾਲ ਜੁੜੀਆਂ ਸੜਕਾਂ ਦੀ ਨੁਹਾਰ ਬਦਲੀ ਜਾ ਰਹੀ ਹੈ ਉਥੇ ਸ਼ਹਿਰਾਂ ਦੀਆਂ ਗਲੀਆਂ ਦੇ ਵਿੱਚ ਇੰਟਰਲਾਕ ਟਾਇਲਾਂ ਲਗਾ ਕੇ ਉਸਦਾ ਵੀ ਸੁੰਦਰੀਕਰਨ ਕੀਤਾ ਜਾ ਰਿਹਾ ਹੈ। ਇਸੇ ਤਹਿਤ ਸ਼ੀਤਲਾ ਮਾਤਾ ਮੰਦਰ ਵਿਖੇ ਇੰਟਰਲਾਕ ਟਾਇਲਾਂ ਦਾ ਕੰਮ ਸ਼ੁਰੂ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਹਰ ਸੰਭਵ ਉਪਰਾਲਾ ਕੀਤਾ ਜਾਵੇਗਾ ਤੇ ਵਿਕਾਸ ਕਾਰਜ ਨਿਰੰਤਰ ਜਾਰੀ ਰਹਿਣਗੇ। ਇਸ ਮੌਕੇ ਪ੍ਰਿਤਪਾਲ ਸਿੰਘ ਜੱਸੀ, ਦੀਪਕ ਬਾਤਿਸ਼, ਤਰਸੇਮ ਉਪਲ, ਰਾਜੇਸ਼ ਉਪਲ, ਏਐਸਆਈ ਬਲਜਿੰਦਰ ਸਿੰਘ, ਰਾਜਨ ਗੁਪਤਾ, ਜਸਵੀਰ ਬੰਟੀ ਤੇ ਬਹਾਦਰ ਜਲਾਲ ਹਾਜ਼ਰ ਸਨ।

## ਟਰੰਪ ਦੇ ਦਾਅਵੇ ਤੋਂ ਬਾਅਦ ਈਰਾਨ ਦੇ ਦੋ ਗੈਸ ਟਿਕਾਣਿਆਂ 'ਤੇ ਹਮਲਾ

### ☛ਜਵਾਬ 'ਚ ਈਰਾਨ ਨੇ ਤੇਲ ਅਵੀਵ 'ਚ ਸੁੱਟੀ 100 ਕਿੱਲੋ ਧਮਾਕਾਖੇਜ਼ ਸਮੱਗਰੀ

ਨਵੀਂ ਦਿੱਲੀ, 25 ਮਾਰਚ (ਚ.ਨ.ਸ): ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਦੇ ਈਰਾਨ ਨਾਲ ਗੱਲਬਾਤ ਦੇ ਦਾਅਵਿਆਂ ਦੇ ਉਲਟ, ਪੱਛਮੀ ਏਸ਼ੀਆਈ ਟਕਰਾਅ ਬੀਤੇ ਦਿਨ ਪੂਰੀ ਤਾਕਤ ਨਾਲ ਜਾਰੀ ਰਿਹਾ। ਇਜ਼ਰਾਈਲ ਨੇ ਰਾਤੋ-ਰਾਤ 50 ਤੋਂ ਵੱਧ ਈਰਾਨੀ ਫੌਜੀ ਟਿਕਾਣਿਆਂ ਤੇ ਉਤਪਾਦਨ ਸਹੂਲਤਾਂ 'ਤੇ ਬੰਬਾਰੀ ਕੀਤੀ। ਲੇਬਨਾਨ ਵਿੱਚ ਰਾਜਧਾਨੀ ਬੇਰੂਤ ਦੇ ਦੱਖਣ ਵਿੱਚ ਵੀ ਤੇਜ਼ ਹਮਲੇ ਹੋਏ। ਇਸ ਦੌਰਾਨ ਟਰੰਪ ਦੇ ਪੰਜ ਦਿਨਾਂ ਦੇ ਜੰਗਬੰਦੀ ਦੇ ਹੁਕਮਾਂ ਦੀ ਉਲੰਘਣਾ ਕੀਤੀ ਗਈ, ਜਿਸ ਵਿੱਚ ਦੋ ਈਰਾਨੀ ਪਾਵਰ ਸਟੇਸ਼ਨਾਂ 'ਤੇ ਹਮਲਾ ਕੀਤਾ ਗਿਆ। ਈਰਾਨ ਨੇ ਇਜ਼ਰਾਈਲ ਸਮੇਤ ਪੱਛਮੀ ਏਸ਼ੀਆ ਦੇ ਟੀਚਿਆਂ 'ਤੇ ਮਿਜ਼ਾਈਲਾਂ ਤੇ ਡਰੋਨਾਂ ਦੀ ਇੱਕ ਬਾਰਿਸ਼ ਨਾਲ ਜਵਾਬ ਦਿੱਤਾ। ਇੱਕ ਈਰਾਨੀ ਮਿਜ਼ਾਈਲ, ਜਿਸ ਵਿੱਚ 100 ਕਿਲੋਗ੍ਰਾਮ ਵਿਸਫੋਟਕ ਸੀ, ਤੇਲ ਅਵੀਵ ਦੇ ਕੇਂਦਰੀ ਸ਼ਹਿਰ 'ਤੇ ਡਿੱਗੀ। ਇਸ ਦੌਰਾਨ ਇਰਾਕੀ ਕੁਰਦਿਸਤਾਨ ਵਿੱਚ ਛੇ ਮਿਜ਼ਾਈਲ ਹਮਲੇ ਹੋਏ, ਜਿਸ ਵਿੱਚ ਛੇ ਕੁਰਦ ਲੜਾਕੇ ਮਾਰੇ ਗਏ ਤੇ 30 ਜ਼ਖ਼ਮੀ ਹੋ ਗਏ। ਟਰੰਪ ਦੀ ਈਰਾਨ ਨਾਲ ਗੱਲਬਾਤ ਦੀ ਪਹਿਲਕਦਮੀ ਤੋਂ ਬਾਅਦ ਪਾਕਿਸਤਾਨ ਨੇ ਈਰਾਨ ਨੂੰ ਗੱਲਬਾਤ ਲਈ ਸੱਦਾ ਦਿੱਤਾ ਹੈ, ਜਦੋਂ ਕਿ ਈਰਾਨ ਨੇ ਪੂਰੀ ਜਿੱਤ ਪ੍ਰਾਪਤ ਕਰਨ ਤੱਕ ਗੱਲਬਾਤ ਕਰਨ ਤੋਂ ਸਪੱਸ਼ਟ ਤੌਰ 'ਤੇ ਇਨਕਾਰ ਕਰ ਦਿੱਤਾ ਹੈ। ਈਰਾਨ ਦੇ ਜ਼ਿੱਦੀ ਰੁਖ਼ ਕਾਰਨ ਅੰਤਰਰਾਸ਼ਟਰੀ ਬਾਜ਼ਾਰਾਂ ਵਿੱਚ ਤੇਲ



ਦੀਆਂ ਕੀਮਤਾਂ ਫਿਰ ਤੋਂ ਵਧੀਆਂ, ਜੋ 1.8 ਪ੍ਰਤੀਸ਼ਤ ਵਧ ਕੇ £101.77 ਹੋ ਗਈਆਂ।ਐਸੋਸੀਏਟਿਡ ਪ੍ਰੈਸ ਦੇ ਅਨੁਸਾਰ ਈਰਾਨੀ ਮੀਡੀਆ ਫੋਰਸ ਨਿਊਜ਼ ਏਜੰਸੀ ਨੇ ਰਿਪੋਰਟ ਦਿੱਤੀ ਕਿ ਬੀਤੇ ਦਿਨ ਹੋਏ ਹਮਲਿਆਂ ਵਿੱਚ ਕੁਦਰਤੀ ਗੈਸ ਬੁਨਿਆਦੀ ਢਾਂਚੇ ਤੇ ਇਸਫਹਾਨ ਸੂਬੇ ਵਿੱਚ ਖੋਰਮਸ਼ਹਿਰ ਪਾਵਰ ਪਲਾਂਟ ਨੂੰ ਜਾਣ ਵਾਲੀ ਗੈਸ ਪਾਈਪਲਾਈਨ ਨੂੰ ਨਿਸ਼ਾਨਾ ਬਣਾਇਆ ਗਿਆ ਸੀ। ਨਾ ਤਾਂ ਇਜ਼ਰਾਈਲ ਤੇ ਨਾ ਹੀ ਅਮਰੀਕਾ ਨੇ ਹਮਲਿਆਂ ਦੀ ਜ਼ਿੰਮੇਵਾਰੀ ਲਈ। ਨਿਊਯਾਰਕ ਟਾਈਮਜ਼ ਦੇ ਅਨੁਸਾਰ ਈਰਾਨ ਵੱਲੋਂ ਮਿਜ਼ਾਈਲ ਹਮਲਿਆਂ ਦੀ ਤੀਬਰਤਾ ਵੱਧ ਰਹੀ ਹੈ, ਜੋ ਕਿ ਅਮਰੀਕਾ ਤੇ ਇਜ਼ਰਾਈਲੀ ਅਧਿਕਾਰੀਆਂ ਦੇ ਦਾਅਵਿਆਂ ਦੇ ਉਲਟ ਹੈ ਕਿ ਈਰਾਨ ਨੇ ਆਪਣੇ ਬੈਲਿਸਟਿਕ ਮਿਜ਼ਾਈਲ ਪ੍ਰੋਗਰਾਮ ਨੂੰ ਤਬਾਹ ਕਰ ਦਿੱਤਾ ਹੈ।

## ਪੱਛਮੀ ਏਸ਼ੀਆ 'ਚ ਬੱਚੇ ਚੁਕਾ ਰਹੇ ਨੇ ਜੰਗ ਦੀ ਕੀਮਤ

### ☛2100 ਤੋਂ ਜ਼ਿਆਦਾ ਬੱਚੇ ਮਾਰੇ ਗਏ ਜਾਂ ਜ਼ਖ਼ਮੀ ਹੋਏ

ਸੰਯੁਕਤ ਰਾਸ਼ਟਰ, 25 ਮਾਰਚ (ਚ.ਨ.ਸ): ਪੱਛਮੀ ਏਸ਼ੀਆ 'ਚ ਜਾਰੀ ਫ਼ੌਜੀ ਸੰਘਰਸ਼ ਦਾ ਸਭ ਤੋਂ ਭਿਆਨਕ ਅਸਰ ਮਾਸੂਮ ਬੱਚਿਆਂ 'ਤੇ ਪੈ ਰਿਹਾ ਹੈ। ਯੂਨੀਸੈਫ ਦੇ ਉਪ-ਕਾਰਜਕਾਰੀ ਡਾਇਰੈਕਟਰ ਟੈਡ ਚੈਬਨ ਨੇ ਕਿਹਾ ਹੈ ਕਿ ਜੰਗ ਦੇ ਵਧਣ ਮਗਰੋਂ ਹੁਣ ਤੱਕ 2,100 ਤੋਂ ਜ਼ਿਆਦਾ ਬੱਚੇ ਮਾਰੇ ਗਏ ਹਨ ਜਾਂ ਜ਼ਖਮੀ ਹੋਏ ਹਨ। ਸਥਿਤੀ ਦੀ ਗੰਭੀਰਤਾ ਸਪੱਸ਼ਟ ਕਰਦੇ ਹੋਏ ਉਨ੍ਹਾਂ ਕਿਹਾ ਕਿ ਜੰਗ ਦੇ ਇਨ੍ਹਾਂ 23 ਦਿਨਾਂ 'ਚ ਖੇਤਰ ਦੇ ਬੱਚੇ ਤਬਾਹਕੁੰਨ ਕੀਮਤ ਚੁਕਾ ਰਹੇ ਹਨ। ਜੇਕਰ ਇਹ ਜੰਗ ਹੋਰ ਲੰਬੀ ਖਿੱਚੀ ਜਾਂ ਵਿਆਪਕ ਹੋਈ ਤਾਂ ਇਹ ਲੱਖਾਂ ਲੋਕਾਂ ਲਈ ਤਬਾਹਕੁੰਨ ਹੋਵੇਗਾ। ਅੰਕੜਿਆਂ ਮੁਤਾਬਿਕ ਜ਼ਖਮੀਆਂ ਜਾਂ ਮ੍ਰਿਤਕਾਂ 'ਚ ਈਰਾਨ ਦੇ 206, ਲਿਬਨਾਨ ਦੇ 118, ਇਜ਼ਰਾਈਲ ਦੇ ਚਾਰ ਤੇ ਕੁਵੈਤ ਦਾ ਇੱਕ ਬੱਚਾ ਸ਼ਾਮਲ ਹੈ। ਨਿਊਯਾਰਕ ਸਥਿਤ ਸੰਯੁਕਤ ਰਾਸ਼ਟਰ ਹੈਡਕੁਆਰਟਰ 'ਚ ਪੱਤਰਕਾਰਾਂ ਤੋਂ ਚਿੰਤਾ ਪ੍ਰਗਟਾਉਂਦੇ ਹੋਏ ਚੈਬਨ ਨੇ ਕਿਹਾ ਕਿ ਜੰਗ ਦੀ ਸ਼ੁਰੂਆਤ ਤੋਂ ਹਰ ਰੋਜ਼ ਔਸਤਨ 87 ਬੱਚੇ ਆਪਣੀ ਜਾਨ ਗੁਆ ਰਹੇ ਹਨ ਜਾਂ ਜ਼ਖਮੀ ਹੋ ਰਹੇ



ਹਨ। ਉਨ੍ਹਾਂ ਰੇਖਾਂਕਿਤ ਕੀਤਾ ਕਿ ਇਸ ਸੰਘਰਸ਼ ਨੇ ਨਾ ਸਿਰਫ਼ ਜ਼ਿੰਦਗੀ ਖੋਹੀ ਹੈ, ਬਲਕਿ ਵੱਡੇ ਪੱਧਰ 'ਤੇ ਉਜਾੜਾ ਵੀ ਪੈਦਾ ਕੀਤਾ ਹੈ। ਈਰਾਨ 'ਚ ਲਗਭਗ 32 ਲੱਖ ਲੋਕ ਬੇਘਰ ਹੋਏ ਹਨ, ਜਿਨ੍ਹਾਂ 'ਚ 8.64 ਲੱਖ ਬੱਚੇ ਸ਼ਾਮਲ ਹਨ। ਉਥੇ ਲਿਬਨਾਨ 'ਚ 10 ਲੱਖ ਤੋਂ ਜ਼ਿਆਦਾ ਲੋਕ ਬੇਘਰ ਹੋ ਚੁੱਕੇ ਹਨ, ਜਿਨ੍ਹਾਂ 'ਚ ਕਰੀਬ 3.7 ਲੱਖ ਬੱਚੇ ਹਨ। **ਸਿੱਖਿਆ ਤੇ ਸਿਹਤ ਸੇਵਾਵਾਂ ਠੱਪ:** ਲਿਬਨਾਨ ਦੀ ਆਪਣੀ ਹਾਲੀਆ ਯਾਤਰਾ ਦਾ ਜ਼ਿਕਰ ਕਰਦੇ ਹੋਏ ਚੈਬਨ ਨੇ ਕਿਹਾ ਕਿ ਉਥੇ 350 ਤੋਂ ਜ਼ਿਆਦਾ ਸਰਕਾਰੀ ਸਕੂਲਾਂ ਨੂੰ ਸ਼ੈਲਟਰ ਹੋਮਾਂ 'ਚ ਬਦਲ ਦਿੱਤਾ ਗਿਆ ਹੈ, ਜਿਸ ਨਾਲ ਲਗਭਗ ਇਕ ਲੱਖ ਵਿਦਿਆਰਥੀਆਂ ਦੀ ਸਿੱਖਿਆ ਠੱਪ ਹੋਈ ਹੈ। ਉਨ੍ਹਾਂ ਕਿਹਾ ਕਿ ਜਲ ਪ੍ਰਣਾਲੀਆਂ ਨੁਕਸਾਨੀਆਂ ਗਈਆਂ ਹਨ ਤੇ ਲੋਕਾਂ ਨੂੰ ਬਚਾਉਂਦੇ ਸਮੇਂ ਸਿਹਤ ਮੁਲਾਜ਼ਮ ਮਾਰੇ ਜਾ ਰਹੇ ਹਨ। ਸਾਨੂੰ ਇਸ ਸੰਘਰਸ਼ ਨੂੰ ਰੋਕਣ ਲਈ ਤਣਾਅ ਘੱਟ ਕਰਨ ਤੇ ਇੱਕ ਸਿਆਸੀ ਰਸਤੇ ਦੀ ਜ਼ਰੂਰਤ ਹੈ। ਯੂਨੀਸੈਫ ਨੇ ਹੁਣ ਤੱਕ 1.5 ਲੱਖ ਤੋਂ ਜ਼ਿਆਦਾ ਬੇਘਰਾਂ ਤੱਕ ਸਹਾਇਤਾ ਪਹੁੰਚਾਈ ਹੈ, ਪਰ ਚਿਤਾਵਨੀ ਦਿੱਤੀ ਹੈ ਕਿ ਵੱਧਦੀਆਂ ਜ਼ਰੂਰਤਾਂ ਦੇ ਮੁਕਾਬਲੇ ਵਸੀਲੇ ਬਹੁਤ ਘੱਟ ਪੈ ਰਹੇ ਹਨ।

## ਪੁਲਿਸ ਵੱਲੋਂ 'ਸਾਂਝ ਪੋਰਟਲ' ਤੋਂ ਐਫ.ਆਈ.ਆਰ. ਦੀ ਕਾਪੀ ਡਾਊਨਲੋਡ ਕਰਨ ਲਈ 80 ਰੁਪਏ ਦੀ ਫੀਸ ਲਾਗੂ

ਜਲੰਧਰ, 25 ਮਾਰਚ (ਚ.ਨ.ਸ): ਪੰਜਾਬ ਸਰਕਾਰ ਤੇ ਪੰਜਾਬ ਪੁਲਿਸ ਵੱਲੋਂ ਆਮ ਜਨਤਾ ਨੂੰ ਦਿੱਤੀ ਜਾਣ ਵਾਲੀ ਇੱਕ ਅਹਿਮ ਸਹੂਲਤ ਹੁਣ ਮੁਫ਼ਤ ਨਹੀਂ ਰਹੀ। ਪੰਜਾਬ ਪੁਲਿਸ ਨੇ ਇੱਕ ਵੱਡਾ ਫੈਸਲਾ ਲੈਂਦਿਆਂ ਆਪਣੇ 'ਸਾਂਝ ਪੋਰਟਲ' ਤੋਂ ਐਫ.ਆਈ.ਆਰ. ਦੀ ਕਾਪੀ ਡਾਊਨਲੋਡ ਕਰਨ ਲਈ 80 ਰੁਪਏ ਦੀ ਫੀਸ ਲਾਗੂ ਕਰ ਦਿੱਤੀ ਹੈ। ਇਸ ਤੋਂ ਇਲਾਵਾ ਡੇਲੀ ਡਾਇਰੀ ਰਿਪੋਰਟ ਡਾਊਨਲੋਡ ਕਰਨ ਲਈ ਹੁਣ 100 ਰੁਪਏ ਅਦਾ ਕਰਨੇ ਪੈਣਗੇ। ਬੀਤੇ ਦਿਨ ਤੋਂ ਲਾਗੂ ਹੋਏ ਇਸ ਫੈਸਲੇ ਨੇ ਸੂਬੇ ਦੇ ਆਮ ਲੋਕਾਂ, ਵਕੀਲਾਂ, ਸਮਾਜਿਕ ਕਾਰਕੁੰਨਾਂ ਤੇ ਸਿਆਸੀ ਪਾਰਟੀਆਂ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ। ਆਲੋਚਕਾਂ ਦਾ ਕਹਿਣਾ ਹੈ ਕਿ ਇਹ ਕਦਮ ਪੁਲਿਸ ਪ੍ਰਣਾਲੀ ਵਿੱਚ ਪਾਰਦਰਸ਼ਤਾ ਨੂੰ ਖਤਮ ਕਰਨ ਦੀ ਇੱਕ ਕੋਸ਼ਿਸ਼ ਹੈ। ਇਹੀ ਅੰਕੜਿਆਂ 'ਤੇ ਨਜ਼ਰ ਮਾਰੀਏ ਤਾਂ ਪੰਜਾਬ ਵਿੱਚ ਸਾਲਾਨਾ ਲਗਭਗ 45,000 ਐਫ.ਆਈ.ਆਰ. ਦਰਜ ਹੁੰਦੀਆਂ ਹਨ। ਇੱਕ ਸਾਲ ਦੌਰਾਨ ਔਸਤਨ 2.78 ਲੱਖ ਵਾਰ ਐਫ.ਆਈ.ਆਰ. ਡਾਊਨਲੋਡ ਕੀਤੀ ਜਾਂਦੀ ਹੈ। ਜੇਕਰ ਡਾਊਨਲੋਡ ਦੀ ਇਹੀ ਗਿਣਤੀ ਬਰਕਰਾਰ ਰਹਿੰਦੀ ਹੈ ਤਾਂ ਸਰਕਾਰ ਨੂੰ ਇਸ ਮੱਦ ਰਾਹੀਂ ਸਾਲਾਨਾ ਲਗਭਗ 2.23 ਕਰੋੜ ਰੁਪਏ ਦੀ ਕਮਾਈ ਹੋਣ ਦੀ ਉਮੀਦ ਹੈ। ਹਾਲਾਂਕਿ, ਵਿਸ਼ੇਸ਼ ਡੀ.ਜੀ.ਪੀ. ਗੁਰਪ੍ਰੀਤ ਦਿਓ ਨੇ ਸਪੱਸ਼ਟ ਕੀਤਾ ਹੈ ਕਿ ਇਹ ਫੈਸਲਾ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਤੋਂ ਬਾਅਦ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਕੇਸ ਦੇ ਮੁਲਜ਼ਮ ਤੇ ਸ਼ਿਕਾਇਤਕਰਤਾ ਨੂੰ ਐਫ.ਆਈ.ਆਰ. ਦੀ ਕਾਪੀ ਮੁਫ਼ਤ ਮਿਲਦੀ ਰਹੇਗੀ, ਪਰ ਤੀਜੀ ਧਿਰ ਜਾਂ ਹੋਰ ਵਿਅਕਤੀਆਂ ਨੂੰ ਇਸ ਲਈ ਨਿਰਧਾਰਿਤ ਫੀਸ ਦੇਣੀ ਪਵੇਗੀ। ਪੁਲਿਸ ਅਧਿਕਾਰੀਆਂ ਦਾ ਤਰਕ ਹੈ ਕਿ ਸਾਂਝ ਪੋਰਟਲ ਦੇ ਸਰਵਰ 'ਤੇ ਬਹੁਤ ਜ਼ਿਆਦਾ ਟ੍ਰੈਫਿਕ ਵੱਧ ਗਿਆ ਸੀ। ਕਈ ਲੋਕ ਬਿਨਾਂ ਕਿਸੇ ਖਾਸ ਲੋੜ ਦੇ ਵਾਰ-ਵਾਰ ਐਫ.ਆਈ.ਆਰ. ਡਾਊਨਲੋਡ ਕਰ ਰਹੇ ਸਨ, ਜਿਸ ਕਾਰਨ ਸਰਵਰ ਦੀ ਕਾਰਗੁਜ਼ਾਰੀ ਪ੍ਰਭਾਵਿਤ ਹੋ ਰਹੀ ਸੀ। ਪੁਲਿਸ ਮੁਤਾਬਿਕ ਫੀਸ ਲਾਗੂ ਹੋਣ ਨਾਲ ਬੇਲੋੜੀ ਡਾਊਨਲੋਡਿੰਗ ਘਟੇਗੀ ਤੇ ਸਰਵਰ ਦੇ ਰੱਖ-ਰਖਾਅ ਦਾ ਖਰਚਾ ਨਿਕਲ ਸਕੇਗਾ।ਦੂਜੇ ਪਾਸੇ ਵਿਰੋਧੀ ਧਿਰਾਂ ਨੇ ਇਸ ਨੂੰ ਸਰਕਾਰ ਦੀ ਨਾਕਾਮੀ ਦੱਸਿਆ ਹੈ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਇਸ ਦੀ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰ ਪ੍ਰੈਸ ਦੀ ਆਜ਼ਾਦੀ ਨੂੰ ਸੀਮਿਤ ਕਰਨ ਤੇ ਲੋਕਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ।




## 'ਘੱਗਰ ਦੇ ਪੱਕੇ ਹੱਲ ਲਈ ਅਕਾਲੀ ਦਲ ਵਚਨਬੱਧ'

## ਸਰਕਾਰ ਆਉਣ 'ਤੇ ਕਰਾਂਗੇ ਮੁਕੰਮਲ ਚੈਨਲਾਈਜ਼ੇਸ਼ਨ: ਸੁਖਬੀਰ ਸਿੰਘ ਬਾਦਲ

ਲਹਿਰਾਗਾਗਾ/ਸੰਗਰੂਰ, 25 ਮਾਰਚ (ਚ.ਨ.ਸ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਲਹਿਰਾਗਾਗਾ ਹਲਕੇ ਵਿੱਚ ਇੱਕ ਵਿਸ਼ਾਲ ਜਨਸਭਾ ਨੂੰ ਸੰਬੋਧਨ ਕਰਦਿਆਂ ਪੰਜਾਬ ਦੀ ਮੌਜੂਦਾ ਸਰਕਾਰ 'ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾਂ ਐਲਾਨ ਕੀਤਾ ਕਿ ਜੇਕਰ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਬਣਦੀ ਹੈ ਤਾਂ ਇਲਾਕੇ ਦੇ ਲੋਕਾਂ ਲਈ ਵੱਡੀ ਮੁਸੀਬਤ ਬਣੇ ਘੱਗਰ ਦਰਿਆ ਦਾ ਪੱਕਾ ਹੱਲ ਕੀਤਾ ਜਾਵੇਗਾ। ਬਾਦਲ ਨੇ ਕਿਹਾ ਕਿ ਹਿਮਾਚਲ ਤੋਂ ਲੈ ਕੇ ਹਰਿਆਣਾ ਦੀ ਸਰਹੱਦ ਤੱਕ ਘੱਗਰ ਦਰਿਆ ਦੀ ਮੁਕੰਮਲ ਚੈਨਲਾਈਜ਼ੇਸ਼ਨ (ਕੰਢੇ ਪੱਕੇ ਕਰਨਾ) ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ ਤਾਂ ਜੋ ਹਰ ਸਾਲ ਹੜ੍ਹਾਂ ਕਾਰਨ ਹੁੰਦੀ ਫਸਲਾਂ ਤੇ ਜਾਨ-ਮਾਲ ਦੀ ਤਬਾਹੀ ਨੂੰ ਰੋਕਿਆ ਜਾ ਸਕੇ। ਇਸ ਦੌਰਾਨ ਉਨ੍ਹਾਂ ਇਲਾਕੇ ਦੇ ਕਿਸਾਨਾਂ ਦੀ ਦਰਦਨਾਕ ਹਾਲਤ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਫਸਲਾਂ ਦੇ ਖਰਾਬੇ ਲਈ 50,000 ਰੁਪਏ ਪ੍ਰਤੀ ਏਕੜ ਮੁਆਵਜ਼ਾ ਦੇਣ ਦਾ ਵਾਅਦਾ ਕੀਤਾ ਸੀ, ਪਰ ਅੱਜ ਕਿਸਾਨ ਖਾਲੀ ਹੱਥ ਬੈਠੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਮੌਜੂਦਾ ਸਰਕਾਰ ਸਿਰਫ ਇਸ਼ਤਿਹਾਰਾਂ ਦੀ ਸਰਕਾਰ ਹੈ ਤੇ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਸਾਰ ਲੈਣ ਵਾਲਾ ਕੋਈ ਨਹੀਂ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਸਮੇਂ ਹਮੇਸ਼ਾ ਗਰੀਬਾਂ ਤੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕੀਤੀ ਗਈ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਸਿਲਸਿਲਾ ਜਾਰੀ ਰਹੇਗਾ। ਲੋਕਾਂ ਨਾਲ ਵੱਡੇ ਵਾਅਦੇ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਸਰਕਾਰ



ਬਣਨ 'ਤੇ ਪੰਜਾਬ ਦੇ ਨੌਜਵਾਨਾਂ ਨੂੰ ਆਪਣੇ ਕਾਰੋਬਾਰ ਸ਼ੁਰੂ ਕਰਨ ਲਈ 10 ਲੱਖ ਰੁਪਏ ਤੱਕ ਦਾ ਵਿਆਜ ਮੁਕਤ ਕਰਜ਼ਾ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਉਨ੍ਹਾਂ ਸਮਾਜਿਕ ਸੁਰੱਖਿਆ ਸਕੀਮਾਂ ਵਿੱਚ ਵੱਡੇ ਵਾਧੇ ਦਾ ਐਲਾਨ ਕਰਦਿਆਂ ਕਿਹਾ ਕਿ ਬਜ਼ੁਰਗਾਂ ਦੀ ਪੈਨਸ਼ਨ ਵਧਾ ਕੇ 3100 ਰੁਪਏ ਮਹੀਨਾ ਕੀਤੀ ਜਾਵੇਗੀ ਤੇ ਸ਼ਗਨ ਸਕੀਮ ਦੀ ਰਾਸ਼ੀ ਨੂੰ 1 ਲੱਖ ਰੁਪਏ ਤੱਕ ਵਧਾਇਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਪ੍ਰਕਾਸ਼ ਸਿੰਘ ਬਾਦਲ ਵੱਲੋਂ ਸ਼ੁਰੂ ਕੀਤੀ ਗਈ ਆਟਾ-ਦਾਲ ਸਕੀਮ ਨੂੰ ਮੁੜ ਸਰਗਰਮ ਕਰਕੇ ਇਸ ਵਿੱਚ ਹੋਰ ਵੀ ਜ਼ਰੂਰੀ ਵਸਤਾਂ ਸ਼ਾਮਲ ਕੀਤੀਆਂ ਜਾਣਗੀਆਂ। ਇਸ ਮੌਕੇ ਹਲਕਾ ਇੰਚਾਰਜ ਗਗਨਦੀਪ ਸਿੰਘ ਖੰਡੇਬਾਦ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਐਸਜੀਪੀਸੀ ਦੀਆਂ ਚੋਣਾਂ ਤੁਰੰਤ ਕਰਵਾਈਆਂ ਜਾਣ: ਛੋਟੇਪੁਰ

ਕਲਾਨੌਰ, 25 ਮਾਰਚ (ਚ.ਨ.ਸ): ਕੇਂਦਰ ਦੀ ਸੱਤਾ 'ਤੇ ਕਾਬਜ਼ ਭਾਜਪਾ ਸਰਕਾਰ ਸਿੱਖ ਕੌਮ ਦੀ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਾ ਕਰਵਾ ਕੇ ਇੱਥੇ ਸਿੱਖ ਕੌਮ ਨਾਲ ਵੱਡਾ ਧ੍ਰੋਹ ਕਮਾ ਰਹੀ ਹੈ, ਉਥੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਬਾਦਲਾਂ ਦਾ ਕਬਜ਼ਾ ਹੋਣ ਕਾਰਨ ਸਿੱਖ ਕੌਮ 'ਚ ਵੱਡੀ ਗਿਰਾਵਟ ਆ ਰਹੀ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਕੈਬਨਿਟ ਮੰਤਰੀ ਸੁੱਚਾ ਸਿੰਘ ਛੋਟੇਪੁਰ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਕੀਤਾ। ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਵੱਡੀ ਸਾਜਿਸ਼ ਤਹਿਤ ਪਿਛਲੇ 15 ਸਾਲਾਂ ਤੋਂ ਵੱਧ ਸਮੇਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨਾ ਕਰਵਾ ਕੇ ਬਾਦਲਾਂ ਦੀ ਛਤਰ ਛਾਇਆ ਹੇਠ ਸਿੱਖ ਕੌਮ ਨੂੰ ਕਮਜ਼ੋਰ ਕਰਨ 'ਚ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਜ਼ਾਦੀ ਤੋਂ ਬਾਅਦ ਜਿੱਥੇ ਹੇਠਲੇ ਪੱਧਰ ਤੋਂ ਸਰਪੰਚਾਂ-ਪੰਚਾਂ ਤੋਂ ਇਲਾਵਾ ਵਿਧਾਨ ਸਭਾ ਤੇ ਪਾਰਲੀਮੈਂਟ ਦੀਆਂ ਚੋਣਾਂ ਸਮੇਂ-ਸਮੇਂ 'ਤੇ ਹੁੰਦੀਆਂ ਆ ਰਹੀਆਂ ਹਨ ਪਰ ਅਫ਼ਸੋਸ ਕਿ ਸਿੱਖ ਕੌਮ ਦੀ ਧਾਰਮਿਕ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਪਿਛਲੇ 15 ਸਾਲ ਤੋਂ ਵੱਧ ਸਮੇਂ ਤੋਂ ਨਹੀਂ ਕਰਵਾਈਆਂ ਗਈਆਂ, ਜਿਸ ਕਾਰਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਬਾਦਲਾਂ ਦਾ ਕਬਜ਼ਾ ਹੋਣ ਕਾਰਨ ਦਿਨੋਂ-ਦਿਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਤੇ ਸਿੱਖ ਕੌਮ ਵਿੱਚ ਵੱਡੀ ਗਿਰਾਵਟ ਆਈ ਹੈ, ਜਿਸ ਕਾਰਨ ਪੰਥ ਦਰਦੀਆਂ ਵਿੱਚ ਭਾਜਪਾ ਪ੍ਰਤੀ ਨਫ਼ਰਤ ਦਿਨੋਂ-ਦਿਨ ਵੱਧਦੀ ਜਾ ਰਹੀ ਹੈ। ਇਸ ਮੌਕੇ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ



## ਸ਼ਨੀ ਮੰਦਰ ਹਮਾਯੂੰਪੁਰ ਸਰਹਿੰਦ ਵਿਖੇ ਸੋਲਰ ਸਿਸਟਮ ਲਗਵਾਇਆ



ਸ੍ਰੀ ਫਤਿਹਗੜ੍ਹ ਸਾਹਿਬ, 25 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸ਼ਨੀ ਮੰਦਰ ਹਮਾਯੂੰਪਰ ਸਰਹਿੰਦ ਵਿਖੇ ਕੌਂਸਲਰ ਆਸ਼ਾ ਰਾਣੀ ਵੱਲੋਂ 5 ਕਿਲੋਵਾਟ ਦਾ ਸੋਲਰ ਸਿਸਟਮ ਲਗਵਾਇਆ ਗਿਆ। ਜਿਸ ਦਾ ਉਦਘਾਟਨ ਮੰਦਰ ਪ੍ਰਧਾਨ ਮਮਤਾ ਰਾਣੀ ਵੱਲੋਂ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਆਪ ਆਗੂ ਰਮੇਸ਼ ਕੁਮਾਰ ਸੋਨੂੰ ਨੇ ਦੱਸਿਆ ਕਿ ਕੌਂਸਲਰ ਆਸ਼ਾ ਰਾਣੀ ਦੇ ਯਤਨਾਂ ਸਦਕਾ ਵਿਧਾਇਕ ਲਖਬੀਰ ਸਿੰਘ ਰਾਏ ਦੀ ਯੋਗ ਅਗਵਾਈ ਦੇ ਵਿੱਚ ਵਾਰਡ ਦਾ ਸਰਬਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ, ਜਿਸ ਦੇ ਤਹਿਤ ਸ਼ਨੀ ਮੰਦਰ ਸਰਹਿੰਦ ਨੂੰ ਪੰਜ ਕਿਲੋ ਵਾਟ ਦਾ ਸੋਲਰ ਸਿਸਟਮ ਮੁਹੱਈਆ ਕਰਵਾਇਆ ਗਿਆ ਹੈ। ਮੰਦਰ ਪ੍ਰਧਾਨ ਮਮਤਾ ਰਾਣੀ ਨੇ ਵਿਧਾਇਕ ਲਖਬੀਰ ਸਿੰਘ ਰਾਏ ਤੇ ਕੌਂਸਲਰ ਆਸ਼ਾ ਰਾਣੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਨ੍ਹਾਂ ਵੱਲੋਂ ਜੋ ਵੀ ਵਾਅਦਾ ਕੀਤਾ ਗਿਆ ਸੀ, ਉਸ ਨੂੰ ਪੂਰਾ ਕਰਕੇ ਦਿਖਾਇਆ ਗਿਆ ਹੈ। ਅਸੀਂ ਇਨ੍ਹਾਂ ਦੇ ਹਮੇਸ਼ਾ ਰਿਣੀ ਰਹਾਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨ ਪੁਰੀ, ਪੰਕਜ ਪੁਰੀ, ਜੋਨੀ, ਪੂਨਮ, ਜੋਤੀ, ਦੀਪੂ, ਸਾਵਨ, ਡੋਲੀ, ਕਾਲੀਆ, ਵਿਕੀ, ਵੰਸ਼, ਪਾਰਸ, ਭੋਲੀ, ਗੋਨੀ, ਧਰਮਾ, ਜੈਦੇਵ ਹਾਜ਼ਰ ਸਨ।

## ਰੇਲ ਗੱਡੀਆਂ 'ਚੋਂ ਮੁਸਾਫਰਾਂ ਦੇ ਮੋਬਾਈਲ ਫ਼ੋਨ ਚੋਰੀ ਕਰਨ ਵਾਲਾ ਵਿਅਕਤੀ ਕਾਬੂ

### ☛2 ਮੋਬਾਈਲ ਫੋਨ ਮਾਰਕਾ oppo ਤੇ 1 realme ਕੁੱਲ 3 ਫ਼ੋਨ ਬ੍ਰਾਮਦ

ਫਿਰੋਜ਼ਪੁਰ, 25 ਮਾਰਚ (ਤਿਵਾੜੀ): ਮਾਣਯੋਗ ਸਪੈਸ਼ਲ ਡੀਜੀਪੀ ਰੇਲਵੇ (ਪਟਿਆਲਾ) ਵੱਲੋਂ ਦਿੱਤੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਤੇ ਡੀਐਸਪੀ (ਜੀਆਰਪੀ) ਫਿਰੋਜ਼ਪੁਰ ਦੀ ਨਿਗਰਾਨੀ ਹੇਠ ਥਾਣਾ ਜੀਆਰਪੀ ਫਿਰੋਜ਼ਪੁਰ ਪੁਲਿਸ ਨੇ ਰੇਲ ਗੱਡੀਆਂ ਵਿੱਚੋਂ ਮੁਸਾਫਰਾਂ ਦੇ ਮੋਬਾਈਲ ਫ਼ੋਨ ਚੋਰੀ ਕਰਨ ਵਾਲੇ ਇੱਕ (ਆਦਿ ਚੋਰ) ਵਿਅਕਤੀ ਨੂੰ ਕਾਬੂ ਕੀਤਾ ਹੈ। ਏ.ਐਸ.ਆਈ. ਜਤਿੰਦਰ ਸਿੰਘ ਸਮੇਤ ਪੁਲਿਸ ਪਾਰਟੀ ਰੇਲਵੇ ਸਟੇਸ਼ਨ ਫਿਰੋਜ਼ਪੁਰ ਕੈਂਟ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਪਵਨਪ੍ਰੀਤ ਉਰਫ ਪਾਵਨ ਪੁੱਤਰ ਗਰਮੇਲ ਸਿੰਘ ਵਾਸੀ ਖੋਸਾ ਪਾਂਡੋ ਥਾਣਾ ਸਦਰ ਜ਼ਿਲ੍ਹਾ (ਮੋਗਾ) ਰੇਲ ਗੱਡੀਆਂ ਵਿਚੋਂ ਮੁਸਫਰਾਂ ਦੇ ਮੋਬਾਈਲ ਚੋਰੀ ਕਰਕੇ ਅੱਗੇ ਵੇਚਣ ਦਾ ਆਦਿ ਹੈ



ਜੋ ਹੁਣ ਵੀ ਚੋਰੀ ਕੀਤੇ ਮੋਬਾਈਲ ਫੋਨ ਵੇਚਣ ਲਈ ਪਲੇਟਫਾਰਮ ਨੰਬਰ 2 ਰੇਲਵੇ ਸਟੇਸ਼ਨ ਫ਼ਿਰੋਜ਼ਪੁਰ ਕੈਂਟ ਕਿਸੇ ਗ੍ਰਾਹਕ ਦੀ ਉਡੀਕ ਕਰ ਰਿਹਾ ਹੈ। ਜਿਸ 'ਤੇ ਏ.ਐਸ.ਆਈ. ਜਤਿੰਦਰ ਸਿੰਘ ਨੇ ਸਮੇਤ ਪੁਲਿਸ ਪਾਰਟੀ ਪਵਨਪ੍ਰੀਤ ਨੂੰ ਕਾਬੂ ਕੀਤਾ, ਜਿਸ ਕੋਲੋਂ ਚੋਰੀ ਕੀਤੇ 2 ਮੋਬਾਇਲ ਫੋਨ ਮਾਰਕਾ oppo ਤੇ 1 realme ਕੁੱਲ 3 ਫ਼ੋਨ ਬ੍ਰਾਮਦ ਹੋਏ, ਜਿਸ 'ਤੇ ਪਵਨਪ੍ਰੀਤ ਖ਼ਿਲਾਫ਼ ਮੁਕੱਦਮਾ ਨੰਬਰ 06 ਮਿਤੀ 22-03-2026 ਅ/ਧ 303(2) 317(2) ਭਾਰਤੀ ਨਿਆਂ ਸਹਿਤਾ ਥਾਣਾ ਜੀਆਰਪੀ ਫਿਰੋਜ਼ਪੁਰ ਦਰਜ ਕਰਕੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਦੌਰਾਨ ਪੜਤਾਲ ਇਹ ਗੱਲ ਵੀ ਸਾਹਮਣੇ ਆਈ ਕਿ ਪਵਨਪ੍ਰੀਤ ਉਕਤ 'ਤੇ ਪਹਿਲਾਂ ਵੀ ਮੋਗਾ, ਫਰੀਦਕੋਟ, ਅੰਮ੍ਰਿਤਸਰ ਵਿਖੇ ਚੋਰੀ ਦੇ ਮੁਕੱਦਮੇ ਦਰਜ ਹਨ, ਮੁਕੱਦਮਾ ਵਿੱਚ ਅਗਲੀ ਤਫਤੀਸ਼ ਜਾਰੀ ਹੈ।

## ਚੰਦ ਘੰਟਿਆਂ 'ਚ ਮੋਟਰਸਾਈਕਲ ਖੋਹਣ ਵਾਲਾ ਦੋਸ਼ੀ ਕਾਬੂ, ਵਾਹਨ ਵੀ ਬ੍ਰਾਮਦ

ਕੋਟਕਪੂਰਾ, 25 ਮਾਰਚ (ਵਿਪਨ ਗੋਇਲ): ਜ਼ਿਲ੍ਹਾ ਫਰੀਦਕੋਟ ਵਿੱਚ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਉਣ ਲਈ ਪੁਲਿਸ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਲ ਕੀਤੀ ਗਈ ਹੈ। ਐਸ.ਐਸ.ਪੀ. ਡਾ. ਪ੍ਰਗਿਆ ਜੈਨ (ਆਈ.ਪੀ.ਐਸ) ਦੇ ਨਿਰਦੇਸ਼ਾਂ ਅਧੀਨ ਫਰੀਦਕੋਟ ਪੁਲਿਸ ਨੇ ਮੋਟਰਸਾਈਕਲ ਖੋਹ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਇੱਕ ਦੋਸ਼ੀ ਨੂੰ ਚੰਦ ਘੰਟਿਆਂ ਅੰਦਰ ਹੀ ਗ੍ਰਿਫਤਾਰ ਕਰ ਲਿਆ ਹੈ ਤੇ ਉਸ ਕੋਲੋਂ ਖੋਹ ਕੀਤਾ ਮੋਟਰਸਾਈਕਲ ਵੀ ਬ੍ਰਾਮਦ ਕਰ ਲਿਆ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਐਸ.ਪੀ. (ਇਨਵੈਸਟੀਗੇਸ਼ਨ) ਜੋਗੇਸ਼ਵਰ ਸਿੰਘ ਗੋਰਾਇਆ ਦੀ ਰਹਿਨੁਮਾਈ ਤੇ ਡੀ.ਐਸ.ਪੀ. ਕੋਟਕਪੂਰਾ ਸੰਜੀਵ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਥਾਣਾ ਸਦਰ ਕੋਟਕਪੂਰਾ ਦੀ ਪੁਲਿਸ ਟੀਮ ਨੇ ਤੁਰੰਤ



ਕਾਰਵਾਈ ਕਰਦਿਆਂ ਦੋਸ਼ੀ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ।ਗ੍ਰਿਫਤਾਰ ਦੋਸ਼ੀ ਦੀ ਪਹਿਚਾਣ ਕੋਮਲਦੀਪ ਸਿੰਘ ਉਰਫ ਸਨੀ ਵਜੋਂ ਹੋਈ ਹੈ, ਜੋ ਬਸਤੀ ਕੋਟਸੁਖੀਆ ਦਾ ਰਹਿਣ ਵਾਲਾ ਹੈ। ਪੁਲਿਸ ਨੇ ਉਸ ਕੋਲੋਂ ਖੋਹ ਕੀਤਾ ਸਪਲੈਂਡਰ ਮੋਟਰਸਾਈਕਲ ਵੀ ਬ੍ਰਾਮਦ ਕਰ ਲਿਆ ਹੈ।ਪੁਲਿਸ ਮੁਤਾਬਕ ਮਿਤੀ 22 ਮਾਰਚ ਨੂੰ ਨਿਰਮਲ ਸਿੰਘ ਨਾਮਕ ਵਿਅਕਤੀ ਜਦੋਂ ਕੋਟਕਪੂਰਾ ਤੋਂ ਆਪਣੇ ਪਿੰਡ ਬੱਗੇਆਣਾ ਵੱਲ ਜਾ ਰਿਹਾ ਸੀ ਤਾਂ ਰਾਹ ਵਿੱਚ ਪੁੱਲ ਸੂਆ ਕੋਲ ਤਿੰਨ ਨੌਜਵਾਨਾਂ ਨੇ, ਜਿਨ੍ਹਾਂ ਦੇ ਹੱਥਾਂ ਵਿੱਚ ਤਲਵਾਰਾਂ ਸਨ, ਉਸਨੂੰ ਰੋਕ ਕੇ ਉਸਦਾ ਮੋਟਰਸਾਈਕਲ ਤੇ ਪਰਸ ਖੋਹ ਲਿਆ। ਇਸ ਮਾਮਲੇ ਵਿੱਚ ਥਾਣਾ ਸਦਰ ਕੋਟਕਪੂਰਾ ਵਿਖੇ ਮਿਤੀ 24 ਮਾਰਚ ਨੂੰ ਮੁਕੱਦਮਾ ਨੰਬਰ 74 ਦਰਜ ਕਰਕੇ ਜਾਂਚ ਸ਼ੁਰੂ ਕੀਤੀ ਗਈ। ਜਾਂਚ ਦੌਰਾਨ ਪੁਲਿਸ ਟੀਮ ਵੱਲੋਂ ਨੈਸ਼ਨਲ ਹਾਈਵੇਅ ਤੋਂ ਪਿੰਡ ਦੇਵੀਵਾਲਾ ਰੋਡ 'ਤੇ ਨਾਕਾਬੰਦੀ ਕਰਕੇ ਕਾਰਵਾਈ ਕੀਤੀ ਗਈ, ਜਿਸ ਦੌਰਾਨ ਦੋਸ਼ੀ ਨੂੰ ਖੋਹ ਕੀਤੇ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ ਗਿਆ।ਪੁਲਿਸ ਵੱਲੋਂ ਦੱਸਿਆ ਗਿਆ ਹੈ ਕਿ ਇਸ ਵਾਰਦਾਤ ਵਿੱਚ ਸ਼ਾਮਲ ਹੋਰ ਦੋ ਦੋਸ਼ੀਆਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਜਾਰੀ ਹੈ ਤੇ ਉਨ੍ਹਾਂ ਨੂੰ ਵੀ ਜਲਦੀ ਕਾਬੂ ਕਰ ਲਿਆ ਜਾਵੇਗਾ।

## ਕੈਂਬਰਿਜ ਕਾਨਵੈਂਟ ਸਕੂਲ 'ਚ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ



ਕੋਟ ਈਸੇ ਖਾਂ, 25 ਮਾਰਚ (ਗੁਰਦੇਵ ਖੁਰਾਣਾ/ਹਰਜੀਤ ਛਾਬੜਾ): ਮੋਗਾ ਜ਼ਿਲ੍ਹੇ ਦੇ ਪ੍ਰਸਿੱਧ ਕੈਂਬਰਿਜ ਕਾਨਵੈਂਟ ਸਕੂਲ ਵਿੱਚ ਸਾਲਾਨਾ ਇਨਾਮ ਵੰਡ ਸਮਾਰੋਹ ਬਹੁਤ ਹੀ ਧੂਮਧਾਮ ਤੇ ਸ਼ਾਨਦਾਰ ਢੰਗ ਨਾਲ ਆਯੋਜਿਤ ਕੀਤਾ ਗਿਆ। ਇਸ ਸਮਾਰੋਹ ਨੇ ਨਾ ਸਿਰਫ਼ ਵਿਦਿਆਰਥੀਆਂ ਦੀ ਮਿਹਨਤ ਨੂੰ ਸਨਮਾਨਤ ਕੀਤਾ, ਸਗੋਂ ਮਾਪਿਆਂ ਤੇ ਅਧਿਆਪਕਾਂ ਦੇ ਚਿਹਰਿਆਂ 'ਤੇ ਖੁਸ਼ੀ ਤੇ ਮਾਣ ਦੀ ਚਮਕ ਵੀ ਸਪੱਸ਼ਟ ਤੌਰ 'ਤੇ ਵੇਖਣ ਨੂੰ ਮਿਲੀ। ਸਮਾਰੋਹ ਦੀ ਸ਼ੁਰੂਆਤ ਰੰਗਾਰੰਗ ਪ੍ਰੋਗਰਾਮਾਂ ਨਾਲ ਹੋਈ, ਜਿਸ ਵਿੱਚ ਵਿਦਿਆਰਥੀਆਂ ਨੇ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਤੋਂ ਬਾਅਦ ਸਕੂਲ ਮੈਨੇਜਮੈਂਟ ਤੇ ਪ੍ਰਿੰਸੀਪਲ ਵੱਲੋਂ ਸਾਰੇ ਮਾਪਿਆਂ ਦਾ ਸਕੂਲ 'ਤੇ ਭਰੋਸਾ ਕਰਨ ਲਈ ਦਿਲੋਂ ਧੰਨਵਾਦ ਕੀਤਾ ਗਿਆ। ਉਨ੍ਹਾਂ ਨੇ ਕਿਹਾ ਕਿ ਸਕੂਲ ਦੀ ਇਹ ਪ੍ਰਗਤੀ ਮਾਪਿਆਂ ਦੇ ਸਹਿਯੋਗ ਤੇ ਵਿਸ਼ਵਾਸ ਤੋਂ ਬਿਨਾਂ ਸੰਭਵ ਨਹੀਂ ਸੀ। ਪੂਰੇ ਸਾਲ ਦੌਰਾਨ ਕੀਤੀ ਗਈ ਸਖ਼ਤ ਮਿਹਨਤ ਦਾ ਫਲ ਜਦੋਂ ਵਿਦਿਆਰਥੀਆਂ ਨੂੰ ਇਨਾਮਾਂ ਦੇ ਰੂਪ ਵਿੱਚ ਮਿਲਿਆ ਤਾਂ ਮਾਪਿਆਂ ਦੀ ਖੁਸ਼ੀ ਦੇਖਣ ਯੋਗ ਸੀ। ਜਦੋਂ ਵੀ ਕਿਸੇ ਵਿਦਿਆਰਥੀ ਦਾ ਨਾਮ ਐਲਾਨਿਆ ਜਾਂਦਾ, ਹਾਲ ਤਾਲੀਆਂ ਨਾਲ ਗੂੰਜ ਉਠਦਾ। ਇਹ ਪਲ ਵਿਦਿਆਰਥੀਆਂ ਲਈ ਹੀ ਨਹੀਂ, ਸਗੋਂ ਉਨ੍ਹਾਂ ਦੇ ਮਾਪਿਆਂ ਲਈ ਵੀ ਬਹੁਤ ਹੀ ਮਾਣ ਵਾਲੇ ਸਾਬਤ ਹੋਏ। ਸਮਾਰੋਹ ਦੀ ਵਿਵਸਥਾ ਵੀ ਬੇਮਿਸਾਲ ਰਹੀ। ਸੁਚੱਜੀ ਯੋਜਨਾ, ਸੁੰਦਰ ਸਜਾਵਟ ਤੇ ਪ੍ਰੋਗਰਾਮ ਦੀ ਲਗਾਤਾਰ ਪ੍ਰਬੰਧਕੀ ਨੇ ਹਰ ਕਿਸੇ ਨੂੰ ਪ੍ਰਭਾਵਿਤ ਕੀਤਾ। ਮਾਪਿਆਂ ਨੇ ਖੁੱਲ੍ਹ ਕੇ ਸਕੂਲ ਦੀ ਪ੍ਰਸ਼ੰਸਾ ਕੀਤੀ ਤੇ ਇਸਨੂੰ ਇੱਕ ਯਾਦਗਾਰ ਤਜਰਬਾ ਕਰਾਰ ਦਿੱਤਾ। ਪੜ੍ਹਾਈ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਨੂੰ ਵੀ ਸਨਮਾਨਤ ਕੀਤਾ ਗਿਆ, ਜਿਸ ਨਾਲ ਸਮਾਰੋਹ ਦੀ ਮਹੱਤਤਾ ਹੋਰ ਵੀ ਵੱਧ ਗਈ।ਸਕੂਲ ਵੱਲੋਂ ਸ਼ੁਰੂ ਕੀਤਾ ਗਿਆ ਇੰਟਰਨੈਸ਼ਨਲ ਕਰੀਕੁਲਮ-ਵੈਸਟਰਨ ਆਸਟਰੇਲੀਆ ਕਰੀਕੁਲਮ-ਵੀ ਚਰਚਾ ਦਾ ਕੇਂਦਰ ਬਣਿਆ ਰਿਹਾ। ਮਾਪਿਆਂ ਨੇ ਇਸ ਨਵੇਂ ਕਦਮ ਨੂੰ ਬਹੁਤ ਹੀ ਸਰਾਹਿਆ ਤੇ ਕਿਹਾ ਕਿ ਇਸ ਨਾਲ ਬੱਚਿਆਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਸਿੱਖਿਆ ਮਿਲੇਗੀ, ਜੋ ਉਨ੍ਹਾਂ ਦੇ ਭਵਿੱਖ ਲਈ ਬਹੁਤ ਲਾਭਦਾਇਕ ਸਾਬਤ ਹੋਵੇਗੀ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਸੱਤ ਦਿਨਾਂ ਦਾ ਐਨ.ਐਸ.ਐਸ. ਕੈਂਪ ਸਫਲਤਾ ਨਾਲ ਕਰਵਾਇਆ



ਸ੍ਰੀ ਫਤਹਿਗੜ੍ਹ ਸਾਹਿਬ, 25 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਕੰਪਿਊਟਰ ਸਾਇੰਸ ਵਿਭਾਗ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਹਿਗੜ੍ਹ ਸਾਹਿਬ ਵਿੱਚ 10 ਮਾਰਚ ਤੋਂ 16 ਮਾਰਚ 2026 ਤੱਕ ਸਮਾਰਟ ਨੌਜਵਾਨ ਇੱਕ ਸੁਰੱਖਿਅਤ ਸਾਈਬਰ, ਤੰਦਰੁਸਤ ਤੇ ਹਰੇ-ਭਰੇ ਵਾਤਾਵਰਨ ਵਾਲੇ ਸਮਾਜ ਦੇ ਵਿਸ਼ੇ ਹੇਠ ਸੱਤ ਦਿਨਾਂ ਦਾ ਐਨ.ਐਸ.ਐਸ. ਵਿਸ਼ੇਸ਼ ਕੈਂਪ ਸਫਲਤਾ ਨਾਲ ਕਰਵਾਇਆ ਗਿਆ। ਇਸ ਕੈਂਪ ਵਿੱਚ ਦੋ ਇਕਾਈਆਂ ਦੇ ਲਗਭਗ 100 ਭਾਗੀਦਾਰਾਂ ਨੇ ਉਤਸ਼ਾਹ ਨਾਲ ਭਾਗ ਲਿਆ ਤੇ ਸਮਾਜ ਸੇਵਾ ਤੇ ਸਰਵਪੱਖੀ ਵਿਕਾਸ ਵੱਲ ਆਪਣੀ ਲਗਨ ਦਰਸਾਈ। ਕੈਂਪ ਦੀ ਸ਼ੁਰੂਆਤ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਰਹਿਨੁਮਾਈ ਤੇ ਅਗਵਾਈ ਹੇਠ ਹੋਈ। ਉਦਘਾਟਨੀ ਸਮਾਰੋਹ ਵਿੱਚ ਪ੍ਰਮੁੱਖ ਹਸਤੀਆਂ ਵਿੱਚ ਡਾ. ਨਵਦੀਪ ਕੌਰ (ਡੀਨ, ਰਿਸਰਚ), ਡਾ. ਸਿਕੰਦਰ ਸਿੰਘ (ਡੀਨ, ਵਿਦਿਆਰਥੀ ਭਲਾਈ), ਡਾ. ਹਰਨੀਤ ਬਿਲਿੰਗ (ਐਨ.ਐਸ.ਐਸ. ਕਾਰਜਕ੍ਰਮ ਸਹਿ-ਪ੍ਰਬੰਧਕ), ਤੇ ਡਾ. ਸਰਪ੍ਰੀਤ ਸਿੰਘ (ਐਨ.ਐਸ.ਐਸ. ਕਾਰਜਕ੍ਰਮ ਅਧਿਕਾਰੀ ਤੇ ਮੁਖੀ, ਕੰਪਿਊਟਰ ਸਾਇੰਸ ਵਿਭਾਗ) ਸ਼ਾਮਲ ਸਨ। ਪ੍ਰਬੰਧਕ ਟੀਮ ਵਿੱਚ ਡਾ. ਕਿਰਨਪ੍ਰੀਤ ਕੌਰ, ਮਿਸ ਜਸਕੀਰਤ ਕੌਰ, ਡਾ. ਸੰਦੀਪ ਕੌਰ, ਮਿਸ ਕੋਮਲਪ੍ਰੀਤ ਕੌਰ ਤੇ ਅਰਸ਼ਦੀਪ ਸਿੰਘ ਸ਼ਾਮਲ ਸਨ। ਕੈਂਪ ਦੇ ਸਮਾਪਨ ਸਮਾਰੋਹ ਵਿੱਚ ਸਰਟੀਫਿਕੇਟ ਵੰਡ ਤੇ ਰੰਗਾਰੰਗ ਸੱਭਿਆਚਾਰਕ ਕਾਰਜਕ੍ਰਮ ਕਰਵਾਏ ਗਏ। ਇਹ ਸਮਾਗਮ ਡਾ. ਹਰਨੀਤ ਬਿਲਿੰਗ ਤੇ ਡਾ. ਸਰਪ੍ਰੀਤ ਸਿੰਘ ਦੀ ਰਹਿਨੁਮਾਈ ਹੇਠ ਸਫਲਤਾਪੂਰਵਕ ਸੰਪੰਨ ਹੋਇਆ। ਅੰਤ ਵਿੱਚ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਭਾਗੀਦਾਰਾਂ ਦੀ ਪ੍ਰਸ਼ੰਸਾ ਕੀਤੀ ਤੇ ਉਨ੍ਹਾਂ ਨੂੰ ਸਮਾਜਿਕ ਵਿਕਾਸ ਵਿੱਚ ਲਗਾਤਾਰ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ, ਜੋ ਐਨ.ਐਸ.ਐਸ. ਦੇ ਮੂਲ ਸਿਧਾਂਤ ਮੈਂ ਨਹੀਂ, ਤੂੰ ਦੀ ਅਸਲ ਭਾਵਨਾ ਨੂੰ ਦਰਸਾਉਂਦਾ ਹੈ।ਅਖੀਰ ਵਿੱਚ ਧੰਨਵਾਦ ਪ੍ਰਸਤਾਵ ਡਾ. ਸਰਪ੍ਰੀਤ ਸਿੰਘ ਵੱਲੋਂ ਪੇਸ਼ ਕੀਤਾ ਗਿਆ।

## ਐਸਐਫਸੀ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਦੇ ਵਿਦਿਆਰਥੀਆਂ ਨੇ ਯੂਨੀਵਰਸਟੀ ਪ੍ਰੀਖਿਆਵਾਂ 'ਚ ਸਿਰਮੌਰ ਸਥਾਨ ਹਾਸਲ ਕੀਤਾ

ਮੋਗਾ, 25 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਐਸਐਫਸੀ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ ਮੋਗਾ ਦੇ ਵਿਦਿਆਰਥੀਆਂ ਨੇ ਇੱਕ ਹੋਰ ਕਾਮਯਾਬੀ ਹਾਸਲ ਕੀਤੀ। ਸੰਸਥਾ ਦੀਆਂ ਐਮ ਕਾਮ ਦੀਆਂ ਵਿਦਿਆਰਥਣਾਂ ਨੇ MRSPTU ਦੀਆਂ ਪ੍ਰੀਖਿਆਵਾਂ ਵਿੱਚ ਸਿਰਮੌਰ ਸਥਾਨ ਹਾਸਲ ਕਰਕੇ ਸੰਸਥਾ ਦਾ ਨਾਮ ਰੋਸ਼ਨ ਕੀਤਾ ਹੈ। ਮਿਸ ਸੁਖਮਨਪ੍ਰੀਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਹਾਸਲ ਕੀਤਾ ਹੈ, ਇਸ ਮਹੱਤਵਪੂਰਨ ਉਪਲਬਧੀ ਨੂੰ ਵਧਾਉਂਦੇ ਹੋਏ ਮਿਸ ਰਮਨਦੀਪ ਕੌਰ ਨੇ ਦੂਜਾ ਸਥਾਨ ਪ੍ਰਾਪਤ ਕਰਕੇ ਸਿਲਵਰ ਮੈਡਲ ਹਾਸਲ ਕੀਤਾ ਹੈ, ਜਿਸ ਨਾਲ ਸੰਸਥਾ ਨੂੰ ਬਹੁਤ ਮਾਣ ਮਹਿਸੂਸ ਹੋਇਆ ਹੈ। ਸੀਐਮਡੀ ਅਭਿਸ਼ੇਕ ਜਿੰਦਲ ਨੇ ਕਿਹਾ ਕਿ ਇਨ੍ਹਾਂ ਵਿਦਿਆਰਥਣਾਂ ਨੇ ਇਹ ਸਥਾਨ ਹਾਸਲ ਕਰਕੇ ਸੰਸਥਾ ਦਾ ਨਾਮ ਉਚਾ ਕੀਤਾ ਹੈ। ਚੇਅਰਪਰਸਨ ਸੀਨਮ ਜਿੰਦਲ ਨੇ ਕਿਹਾ ਕਿ ਇਹ ਸਫਲਤਾ ਸਾਰੇ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਨੇ ਕਿਹਾ ਕਿ ਇਹ ਉਪਲਬਧੀ ਵਿਦਿਆਰਥੀਆਂ ਦੀ ਲਗਨ ਤੇ ਮਿਹਨਤ ਨਾਲ ਅਧਿਆਪਕਾਂ ਦੇ ਮਾਰਗਦਰਸ਼ਨ ਦਾ ਨਤੀਜਾ ਹੈ।



## ਸੇਵਾਦਾਰ ਰੈਂਬੋ ਬਰਾੜ ਨੇ ਵੱਖ-ਵੱਖ ਫਲਦਾਰ ਬੂਟੇ ਲਗਾ ਕੇ ਪਿਤਾ ਸਵ. ਕਲਵੰਤ ਸਿੰਘ ਬਰਾੜ ਨੂੰ ਸ਼ਰਧਾਂਜਲੀ ਭੇਟ ਕੀਤੀ

ਫ਼ਿਰੋਜ਼ਪੁਰ, 25 ਮਾਰਚ (ਤਿਵਾੜੀ): ਬੀੜ ਸੁਸਾਇਟੀ ਜੰਡਵਾਲਾ ਦੇ ਸੇਵਾਦਾਰ ਰੈਂਬੋ ਬਰਾੜ ਵੱਲੋਂ ਆਪਣੇ ਪਿਤਾ ਸਵ. ਕਲਵੰਤ ਸਿੰਘ ਬਰਾੜ ਦੀ ਬਰਸੀ ਮੌਕੇ ਵੱਖ-ਵੱਖ ਫਲਦਾਰ ਬੂਟੇ ਲਗਾ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਸੁਸਾਇਟੀ ਵੱਲੋਂ ਲੋਕਾਂ ਨੂੰ ਵਾਤਾਵਰਨ ਸੰਭਾਲ ਦਾ ਸੰਦੇਸ਼ ਵੀ ਦਿੱਤਾ ਗਿਆ ਤੇ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਵਿੰਕੂ ਸ਼ਰਮਾ, ਮੋਹਣ ਲਾਲ, ਜਸਪਿੰਦਰ ਬਰਾੜ, ਕੁਲਦੀਪ ਸਿੰਘ ਪੁਰਬਾ, ਸੋਨੂੰ ਕੋਟਲਾ ਤੇ ਮਨਪ੍ਰੀਤ ਚੰਦਬਾਜਾ ਵੀ ਸ਼ਾਮਲ ਸਨ। ਇਨ੍ਹਾਂ ਵੱਲੋਂ ਮਿਲ ਕੇ ਬੂਟੇ ਲਗਾ ਕੇ ਸੇਵਾ ਦਾ ਨਿਭਾਅ ਕੀਤਾ ਤੇ ਪ੍ਰਕਿਰਤੀ ਪ੍ਰੇਮ ਦਾ ਸੁਨੇਹਾ ਫੈਲਾਇਆ।



## ਪਿਮਟ ਦੇ ਵਿਦਿਆਰਥੀਆਂ ਨੇ ਪ੍ਰੀਖਿਆਵਾਂ 'ਚ ਮਾਰੀਆਂ ਸ਼ਾਨਦਾਰ ਮੱਲਾਂ

ਮੰਡੀ ਗੋਬਿੰਦਗੜ੍ਹ, 25 ਮਾਰਚ (ਸੂਦ): ਪੰਜਾਬ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨਾਲੋਜੀ ਅਲੌੜ ਦੇ ਵਿਦਿਆਰਥੀਆਂ ਨੇ ਆਈਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੀਆਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਯੂਨੀਵਰਸਿਟੀ ਨੇ ਹਾਲ ਹੀ ਵਿੱਚ ਜੁਲਾਈ-ਨਵੰਬਰ 2025 ਸੈਸ਼ਨ ਦੇ ਨਤੀਜੇ ਐਲਾਨੇ ਹਨ। ਜਿਸ ਵਿੱਚ ਇਸ ਸੰਸਥਾ ਦੇ ਵਿਦਿਆਰਥੀਆਂ ਨੇ ਐਮਬੀਏ ਤੇ ਬੀਸੀਏ ਕੋਰਸਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਦਾ ਨਾਮ ਰੋਸ਼ਨ ਕੀਤਾ। ਸੰਸਥਾ ਦੀ ਡਾਇਰੈਕਟਰ ਡਾ. ਨਿਸ਼ੀ ਬਾਲਾ ਨੇ ਦੱਸਿਆ ਕਿ ਬੀਸੀਏ ਪੰਜਵੇਂ ਸਮੈਸਟਰ ਦੀ ਵਿਦਿਆਰਥੀਆਂ ਨੇ 9.48 ਪ੍ਰਤੀਸ਼ਤ ਅੰਕਾਂ ਨਾਲ ਸੰਸਥਾ ਵਿੱਚ ਪਹਿਲਾ, ਖੁਸ਼ੀ ਨੇ 9.04 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਤੇ ਦਿਵਯਮ ਨੇ 9 ਪ੍ਰਤੀਸ਼ਤ ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤੇ। ਇਸੇ ਤਰ੍ਹਾਂ ਪਹਿਲੇ ਸਮੈਸਟਰ ਦੀ ਐਮਬੀਏ ਦੀ ਵਿਦਿਆਰਥਣ ਮੁਸਕਾਨ ਨੇ 9 ਪ੍ਰਤੀਸ਼ਤ ਅੰਕਾਂ ਨਾਲ ਪਹਿਲਾ, ਬੀਸੀਏ ਤੀਜੇ ਸਮੈਸਟਰ ਦੀ ਵਿਦਿਆਰਥਣ ਅਮਨ ਚੌਧਰੀ ਨੇ 9.22 ਪ੍ਰਤੀਸ਼ਤ ਅੰਕਾਂ ਨਾਲ ਪਹਿਲਾ ਸਥਾਨ ਪ੍ਰਾਪਤ ਕੀਤਾ। ਸੰਸਥਾ ਦੇ ਚੇਅਰਮੈਨ ਨਰੇਸ਼ ਅਗਰਵਾਲ ਤੇ ਡਾਇਰੈਕਟਰ ਡਾ. ਨਿਸ਼ੀ ਬਾਲਾ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਫਲਤਾ 'ਤੇ ਵਧਾਈ ਦਿੰਦਿਆਂ ਕਿਹਾ ਕਿ ਇਹ ਪ੍ਰਾਪਤੀ ਉਨ੍ਹਾਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਤੇ ਉਨ੍ਹਾਂ ਦੇ ਅਧਿਆਪਕਾਂ ਦੀ ਸੁਚੱਜੀ ਅਗਵਾਈ ਦਾ ਨਤੀਜਾ ਹੈ। ਉਨ੍ਹਾਂ ਫੈਕਲਟੀ ਮੈਂਬਰ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਵੀ ਦਿੱਤੀ।



## 1 ਮਹੀਨਾ ਧਰਤੀ ਪ੍ਰਦੂਸ਼ਣ ਰੋਕਣ ਦੀ ਮੁਹਿੰਮ ਚਲਾਈ ਜਾਵੇ: ਚੰਦਰ ਕਾਂਤ

### ☛ਸ੍ਰੀ ਸੰਗਮੇਸ਼ਵਰ ਗਊਸ਼ਾਲਾ 'ਚ ਗਊ ਸੇਵਾ ਸੰਮਤੀ ਤੇ ਗਊਸ਼ਾਲਾ ਦੇ ਪ੍ਰਬੰਧਕਾਂ ਨੇ ਕੀਤਾ ਸਵਾਗਤ

ਅਮਲੋਹ, 25 ਮਾਰਚ (ਜਸਵੰਤ ਸਿੰਘ): ਪੰਜਾਬ ਗਊ ਸੇਵਾ ਪ੍ਰਮੁੱਖ ਚੰਦਰ ਕਾਂਤ ਮਹਾਰਾਜ ਨੇ ਸ੍ਰੀ ਸੰਗਮੇਸ਼ਵਰ ਗਊਸ਼ਾਲਾ ਅਮਲੋਹ ਦਾ ਦੌਰਾ ਕਰਕੇ ਗਊ ਸੇਵਾ ਸੰਮਤੀ, ਗਊਸ਼ਾਲਾ ਦੇ ਅਹੁਦੇਦਾਰਾਂ ਤੇ ਗਊ ਭਗਤਾਂ ਨਾਲ ਮੀਟਿੰਗ ਕੀਤੀ, ਜਿਥੇ ਸੰਮਤੀ ਦੇ ਪ੍ਰਧਾਨ ਭੂਸ਼ਨ ਸੂਦ ਤੇ ਗਊਸ਼ਾਲਾ ਦੇ ਪ੍ਰਧਾਨ ਸ਼ਿਵ ਕੁਮਾਰ ਗਰਗ ਦੀ ਅਗਵਾਈ ਹੇਠ ਫੁੱਲਾਂ ਦੀ ਵਰਖਾ ਕਰਕੇ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਸ੍ਰੀ ਚੰਦਰ ਕਾਂਤ ਮਹਾਰਾਜ ਨੇ ਇਸ ਮੌਕੇ ਕਿਹਾ ਕਿ ਸਾਡੇ ਗੁਰੂਆਂ ਨੇ ਸਾਨੂੰ ਧਰਤੀ ਨੂੰ ਮਾਤਾ ਦਾ ਦਰਜਾ ਦਿੱਤਾ ਹੈ ਪ੍ਰੰਤੂ ਦੁੱਖ ਦੀ ਗੱਲ ਹੈ ਕਿ ਅੱਜ ਅਸੀਂ ਇਸ ਨੂੰ ਗੰਦਗੀ, ਜ਼ਹਿਰੀਲੀਆਂ ਖਾਦਾਂ ਤੇ ਕੀਟਨਾਸ਼ਕ ਦਵਾਈਆਂ ਦੀ ਵਰਤੋਂ ਨਾਲ ਗੰਧਲਾ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ 19 ਮਾਰਚ ਤੋਂ ਦੇਸੀ ਨਵੇਂ ਸਾਲ ਦੀ ਆਮਦ ਹੋਈ ਹੈ, ਇਸ ਲਈ ਲੋਕਾਂ ਨੂੰ ਧਰਤੀ ਮਾਤਾ ਨੂੰ ਪ੍ਰਦੂਸ਼ਿਤ ਹੋਣ ਤੋਂ ਰੋਕਣ



ਲਈ ਜਾਗਰੂਕਤਾ ਮੁਹਿੰਮ ਚਲਾਈ ਜਾਵੇ। ਇਸ ਮੌਕੇ ਫ਼ੈਸਲਾ ਕੀਤਾ ਗਿਆ ਕਿ ਸਾਰੇ ਅਹੁਦੇਦਾਰ ਤੇ ਗਊ ਭਗਤ ਆਪਣੇ ਘਰਾਂ ਦੇ ਗਮਲਿਆਂ ਵਿਚੋਂ ਕੁਝ ਮਿੱਟੀ ਲਿਆ ਕੇ ਗਊਸ਼ਾਲਾ ਵਿੱਚ ਰੰਗੋਲੀ ਬਣਾ ਕੇ ਇਸ ਦੀ ਪੂਜਾ ਕਰਕੇ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕਰਨਗੇ। ਇਸ ਮੌਕੇ ਗਊ ਸੇਵਾ ਸੰਮਤੀ ਦੇ ਪ੍ਰਧਾਨ ਭੂਸ਼ਨ ਸੂਦ, ਸ੍ਰੀ ਸੰਗਮੇਸ਼ਵਰ ਗਊਸ਼ਾਲਾ ਦੇ ਪ੍ਰਧਾਨ ਸ਼ਿਵ ਕੁਮਾਰ ਗਰਗ, ਮੈਨੇਜਰ ਪੱਪੀ ਤੱਗੜ, ਗਊ ਸੇਵਕ ਅਸ਼ੋਕ ਕੁਮਾਰ ਗੁਪਤਾ ਮੁਕਤਸਰ ਵਾਲੇ, ਸੰਮਤੀ ਦੇ ਸੀਨੀਅਰ ਮੀਤ ਪ੍ਰਧਾਨ ਸੰਜੀਵ ਧੀਰ, ਐਡਵੋਕੇਟ ਮੋਹਿਤ ਗਰਗ, ਜੁਆਇੰਟ ਸਕੱਤਰ ਸੁੰਦਰ ਲਾਲ ਝੱਟਾ, ਮਿੰਟੂ ਅਰੋੜਾ, ਜੁਗਲ ਕਿਸ਼ੋਰ ਗੋਇਲ, ਡਾ. ਮਨਜੀਤ ਸਿੰਘ, ਚਮਕੌਰ ਸਿੰਘ, ਵਿਜੇ ਕੁਮਾਰ ਗਰਗ ਤੇ ਕਿਆਂਸ਼ ਸੂਦ ਹਾਜ਼ਰ ਸਨ।

### ਹਰਿਆਣਾ ਵਿੱਚ ਨਸ਼ੇ ਖਿਲਾਫ ਮੁਹਿੰਮ ਤੇਜ

# ਨਸ਼ੀਲੇ ਪਦਾਰਥਾਂ ’ਤੇ ਕੰਟਰੋਲ ਲਈ 31 ਮਾਰਚ ਤੱਕ ਜਿਲ੍ਹਾ-ਪੱਧਰੀ ਕਾਰਜਯੋਜਨਾ

➢ ਗਿਰਫਤਾਰੀਆਂ ਵਿੱਚ 16 ਫੀਸਦੀ ਅਤੇ ਇੰਟਰ-ਸਟੇਟ ਕਾਰਵਾਈ ਵਿੱਚ 37 ਫੀਸਦੀ ਵਾਧਾ ➢ਮੁੱਖ ਸਕੱਤਰ ਨੇ ਕੀਤੀ ਰਾਜ ਪੱਧਰੀ ਐਨਸੀਓਆਰਡੀ ਮੀਟਿੰਗ ਦੀ ਅਗਵਾਈ

ਪੰਚਕੂਲਾ 25 ਮਾਰਚ (ਸਤੀਸ਼ ਮੰਗਲਾ, ਅੰਮ੍ਰਿਤਪਾਲ ਸਿੰਘ) ਹਰਿਆਣਾ ਸਰਕਾਰ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਦੁਰਵਰਤੋਂ ’ਤੇ ਰੋਕ ਲਗਾਉਣ ਲਈ ਆਪਣੀ ਮੁਹਿੰਮ ਨੂੰ ਹੋਰ ਤੇਜ ਕਰਦੇ ਹੋਏ ਇੱਕ ਤਾਲਮੇਲ ਅਤੇ ਤਕਨੀਕ ਅਧਾਰਿਤ ਰਣਨੀਤੀ ਅਪਨਾਉਣ ਦਾ ਫੈਸਲਾ ਕੀਤਾ ਹੈ।




ਅੱਜ ਇੱਥੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਦੀ ਅਗਵਾਈ ਹੇਠ ਹੋਈ 12ਵੀਂ ਰਾਜ ਪੱਧਰੀ ਨਾਰਕੋ-ਕੋਆਰਡੀਨੇਸ਼ਨ ਸੈਂਟਰ (ਐਨਸੀਓਆਰਡੀ) ਮੀਟਿੰਗ ਵਿੱਚ ਸੂਬੇ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ ਅਤੇ ਭਵਿੱਖ ਦੀ ਕਾਰਜ-ਯੋਜਨਾ ਤੈਅ ਕੀਤੀ ਗਈ।

ਮੀਟਿੰਗ ਵਿੱਚ ਗ੍ਰਿਹ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਸੁਧੀਰ ਰਾਜਪਾਲ, ਪੁਲਿਸ ਮਹਾਨਿਦੇਸ਼ਕ ਸ੍ਰੀ ਅਜੈ ਸਿੰਘਲ ਅਤੇ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ। ਮੀਟਿੰਗ ਵਿੱਚ ਦਸਿਆ ਗਿਆ ਕਿ ਸਾਲ 2024 ਦੀ ਤੁਲਣਾ ਵਿੱਚ ਸਾਲ 2025 ਵਿੱਚ ਏਨਫੋਰਸਮੈਂਟ ਕਾਰਵਾਈ ਵਿੱਚ ਵਰਨਣਯੋਗ ਵਾਧਾ ਦਰਜ ਕੀਤਾ ਗਿਆ। ਇਸ ਦੌਰਾਨ ਦਰਜ ਐਫਆਈਆਰ ਦੀ ਗਿਣਤੀ 3,330 ਤੋਂ ਵੱਧ ਕੇ 3,738 ਹੋ ਗਈ, ਜੋ 12.25 ਫੀਸਦੀ ਦਾ ਵਾਧਾ ਹੈ। ਇਸੀ ਤਰ੍ਹਾ ਗਿਰਫਤਾਰੀਆਂ 6,095 ਤੋਂ ਵੱਧ ਕੇ 7,053 ਹੋ ਗਈ, ਜੋ 15.72 ਫੀਸਦੀ ਦਾ ਵਾਧਾ ਦਰਸ਼ਾਉਂਦਾ ਹੈ। ਮੱਧਮ ਗਿਣਤੀ ਨਾਲ ਜੁੜੇ ਮਾਮਲਿਆਂ ਵਿੱਚ ਵੀ ਵਰਨਣਯੋਗ ਵਾਧਾ ਹੋਇਆ ਅਤੇ ਇਨ੍ਹਾਂ ਦੀ ਗਿਣਤੀ 1,985 ਤੋਂ ਵੱਧ ਕੇ 2,610 ਹੋ ਗਈ, ਜੋ 31.49 ਫੀਸਦੀ ਦਾ ਵਾਧਾ ਹੈ। ਵਪਾਰਕ ਗਿਣਤੀ ਦੇ ਮਾਮਲਿਆਂ ਵਿੱਚ ਇੰਟਰਰਾਜੀ ਗਿਰਫਤਾਰੀਆਂ 444 ਤੋਂ ਵੱਧ ਕੇ 610 ਹੋ ਗਈਆਂ, ਜੋ 37.39 ਫੀਸਦੀ ਵਾਧੇ ਨੂੰ ਦਰਸ਼ਾਉਂਦੀ ਹੈ।

ਇਸ ਦੌਰਾਨ ਨਿਵਾਰਕ ਕਾਰਵਾਈ ਨੂੰ ਵੀ ਜੋ ਮਿਲਿਆ ਹੈ। ਨਿਰੋਧਾਤਮਕ ਕਾਰਵਾਈ ਦੀ ਗਿਣਤੀ 12 ਤੋਂ ਵੱਧ ਕੇ 76 ਹੋ ਗਈ, ਜੋ ਪੰਜ ਗੁਣਾ ਤੋਂ ਵੱਧ ਵਾਧਾ ਹੈ। ਨਸ਼ੀਲੇ ਪਦਾਰਥ ਨੈਟਵਰਕ ਦੇ ਵਿੱਤੀ ਸਰੋਤਾਂ ’ਤੇ ਵੀ ਪ੍ਰਭਾਵੀ ਕਾਰਵਾਈ ਕਰਦੇ ਹੋਏ ਸਾਲ 2025 ਵਿੱਚ 144 ਦੋਸ਼ੀਆਂ ਦੀ ਸਪੰਤੀਆਂ ਕੁਰਕ ਕੀਤੀਆਂ ਗਈਆਂ, ਜਦੋਂ ਕਿ ਪਿਛਲੇ ਸਾਲ ਇਹ ਗਿਣਤੀ 54 ਸੀ। ਕੁਰਕ ਕੀਤੀ ਗਈ ਸੰਪਤੀਆਂ ਦਾ ਮੁੱਲ 7.55 ਕਰੋੜ ਰੁਪਏ ਤੋਂ ਵੱਧ ਕੇ 13.59 ਕਰੋੜ ਰੁਪਏ ਹੋ ਗਿਆ, ਜੋ ਲਗਭਗ 80 ਫੀਸਦੀ ਵਾਧਾ ਹੈ।

ਮੀਟਿੰਗ ਦੌਰਾਨ ਸ਼ੱਕੀ ਨਸ਼ੇ ਕਾਰਨ ਹੋਣ ਵਾਲੀ ਮੌਤਾਂ ਦੇ ਮਾਮਲਿਆਂ ਦੀ ਵੀ ਸਮੀਖਿਆ ਕੀਤੀ ਗਈ। ਪ੍ਰਭਾਵਿਤ ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ, ਪੁਲਿਸ ਸੁਪਰਡੈਂਟਾਂ, ਸੀਨੀਅਰ ਔਸ਼ਧੀ ਕੰਟਰੋਲ ਅਧਿਕਾਰੀਆਂ ਅਤੇ ਜਿਲ੍ਹਾ ਸਮਾਜ ਭਲਾਈ ਅਧਿਕਾਰੀਆਂ ਨੂੰ ਨਸ਼ਾ ਪੀੜਤਾਂ ਦੇ ਇਲਾਜ ਅਤੇ ਪੁਨਰਵਾਸ ਲਈ ਪ੍ਰਤੀਕ੍ਰਿਆ ਪ੍ਰਣਾਲੀ ਨੂੰ ਹੋਰ ਮਜਬੂਤ ਕਰਨ ਦੇ ਨਿਰਦੇਸ਼ ਦਿੱਤੇ ਗਏ।

ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਨੇ ਪਿਛਲੀ ਮੀਟਿੰਗ ਦੀ ਕਾਰਵਾਈ ਦੀ ਸਮੀਖਿਆ ਕਰਦੇ ਹੋਏ ਨਿਯਮਤ ਉਪਾਆਂ ਦਾ ਸਖਤੀ ਨਾਲ ਪਾਲਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਨਿਰਦੇਸ਼ ਦਿੱਤੇ ਕਿ ਵਿਦਿਅਕ ਅਦਾਰਿਆਂ ਵਿੱਚ ਸਥਾਪਿਤ ਪ੍ਰਹਿਰੀ ਕਲੱਬਾਂ ਨੂੰ ਸਰਗਰਮ ਭੂਮਿਕਾ ਨਿਭਾਉਣ ਅਤੇ ਨਸ਼ਾ ਤਸਕਰਾਂ ਦੀ ਸੂਚਨਾ ਸਾਂਝੀ ਕਰਨ ਲਈ ਪ੍ਰੋਤਸਾਹਿਤ ਕੀਤਾ ਜਾਵੇ। ਸੱਭ ਤੋਂ ਵੱਧ ਸਟੀਕ ਸੂਚਨਾ ਦੇਣ ਵਾਲੇ ਕਲੱਬਾਂ ਨੂੰ ਸੁਤੰਤਰਤਾ ਦਿਵਸ ’ਤੇ ਸਨਮਾਨਿਤ ਕੀਤਾ ਜਾਵੇਗਾ।

ਮੀਟਿੰਗ ਦੌਰਾਨ ਦਸਿਆ ਗਿਆ ਕਿ ਡਿਊਲ ਯੂਜ਼ ਵਾਲੀ ਦਵਾਈਆਂ ਦੀ ਵਿਕਰੀ ਕਰਨ ਵਾਲੀ ਕੈਮਿਸਟ ਦੁਕਾਨਾਂ ਵਿੱਚ ਸੀਸੀਟੀਵੀ ਕੈਮਰੇ ਲਗਾਉਣਾ ਜਰੂਰੀ ਕੀਤਾ ਗਿਆ ਹੈ। ਨਿਯਮਾਂ ਦਾ ਪਾਲਣ ਨਾ ਕਰਨ ’ਤੇ ਲਾਇਸੈਂਸ ਮੁਅਤੱਲ ਕੀਤਾ ਜਾ ਸਕਦਾ ਹੈ। ਸਿਰਸਾ ਜਿਲ੍ਹਾ ਵਿੱਚ ਪਿਛਲੇ ਤਿੰਨ ਮਹੀਨਿਆਂ ਵਿੱਚ 1,737 ਮੈਡੀਕਲ ਸਟੋਰਾਂ ਦਾ ਨਿਰੀਖਣ ਕੀਤਾ ਗਿਆ, ਜਿਨ੍ਹਾਂ ਵਿੱਚ ਲਗਭਗ 18 ਫੀਸਦੀ ਵਿੱਚ ਸੀਸੀਟੀਵੀ ਖਰਾਬ ਪਾਏ ਗਏ ਅਤੇ ਲਗਭਗ 27 ਫੀਸਦੀ ਦੁਕਾਨਾਂ ਵਿੱਚ ਰਜਿਸਟਰਡ ਫਾਰਮਸਿਸਟ ਨਾ ਮਿਲਣ ’ਤੇ ਸੁਧਾਰਾਤਮਕ ਕਾਰਵਾਈ ਕੀਤੀ ਗਈ।

ਮੀਟਿੰਗ ਵਿੱਚ ਇਹ ਵੀ ਦਸਿਆ ਗਿਆ ਕਿ ਨਸ਼ੇ ਨਾਲ ਜੁੜੀ ਗਤੀਵਿਧੀਆਂ ਵਿੱਚ ਵਾਰ-ਵਾਰ ਸ਼ਾਮਿਲ ਪਾਏ ਗਏ 63 ਨਸ਼ਾ ਦੋਸ਼ੀਆਂ ਦੀ ਸਮਾਜਿਕ ਸੁਰੱਖਿਆ ਪੈਨਸ਼ਨ ਬੰਦ ਕੀਤੀ ਗਈ ਹੈ। ਫੂਡ ਐਂਡ ਡਰੱਗ ਪ੍ਰਸਾਸ਼ਨ ਨੂੰ ਪ੍ਰਿਸਕ੍ਰਿਪਸ਼ਨ ਦਵਾਈਆਂ ਦੀ ਨਿਗਰਾਨੀ ਲਈ ਵਿਸ਼ੇਸ਼ ਸਾਫਟਵੇਅਰ ਵਿਕਸਿਤ ਕਰਨ ਲਈ ਕਿਹਾ ਗਿਆ ਹੈ। ਨਾਲ ਹੀ, ਸਾਰੇ ਨਸ਼ਾ ਮੁਕਤੀ ਕੇਂਦਰਾਂ ਦਾ ਨਿਰੀਖਣ ਨਿਰਧਾਰਿਤ ਮਾਨਕਾਂ ਅਨੁਸਾਰ ਕੀਤਾ ਜਾ ਰਿਹਾ ਹੈ।

ਜਨਵਰੀ, 2026 ਵਿੱਚ ਹੋਈ ਸਿਖਰ ਪੱਧਰ ਦੀ ਐਨਸੀਓਆਰਡੀ ਮੀਟਿੰਗ ਦੇ ਨਿਰਦੇਸ਼ਾਂ ਅਨੁਰੂਪ, ਹਰਿਆਣਾ ਨੈਟਵਰਕ ਅਧਾਰਿਤ ਏਨਫੋਰਸਮੈਂਟ, ਵਿੱਤੀ ਟ੍ਰੇਲ ਦੀ ਜਰੂਰੀ ਜਾਂਚ ਅਤੇ ਨਤੀਜੇ ਅਧਾਰਿਤ ਨਿਗਰਾਨੀ ਪ੍ਰਣਾਲੀ ਦੀ ਦਿਸ਼ਾ ਵਿੱਚ ਅੱਗੇ ਵੱਧ ਰਿਹਾ ਹੈ। ਜਿਲ੍ਹਾ ਪੱਧਰ ’ਤੇ ਕਾਰਜ ਯੋਜਨਾਵਾਂ ਨੂੰ ਅੰਤਮ ਰੂਪ ਦਿੱਤਾ ਜਾ ਰਿਹਾ ਹੈ, ਜਿਨ੍ਹਾਂ ਨੂੰ 31 ਮਾਰਚ, 2026 ਤੱਕ ਲਾਗੂ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਏਨਡੀਪੀਐਸ ਐਕਟ ਤਹਿਤ ਸਮੇਂਬੱਧ ਅਭਿਯੋਜਨ ਟੀਚਾ ਨਿਰਧਾਰਿਤ ਕੀਤੇ ਗਏ ਹਨ।

# ਜਦੋਂ ਡੀਸੀ ਕਣਕ ਦੇ ਖੇਤਾਂ ਵਿੱਚ ਗਏ... ਤਾਂ ਉਨ੍ਹਾਂ ਨੇ ਡਿਜੀਟਲ ਫਸਲ ਸਰਵੇਖਣ ਲਈ ਨਿੱਜੀ ਤੌਰ ’ਤੇ ਐਂਟਰੀਆਂ ਕੀਤੀਆਂ

## ਪਟਵਾਰੀਆਂ ਸਮੇਤ ਮਾਲ ਅਧਿਕਾਰੀਆਂ ਨੂੰ 31 ਮਾਰਚ ਤੱਕ ਡਿਜੀਟਲ ਫਸਲ ਸਰਵੇਖਣ ਪੂਰਾ ਕਰਨ ਦੇ ਨਿਰਦੇਸ਼ ਦਿੱਤੇ

ਕੈਥਲ, 25 ਮਾਰਚ (ਸੁਰੇਂਦਰ ਕੁਮਾਰ): ਡੀਸੀ ਅਪਰਾਜਿਤਾ ਨੇ ਬੁੱਧਵਾਰ ਨੂੰ ਜ਼ਿਲ੍ਹੇ ਦੇ ਕੁਲਤਾਰਨ ਅਤੇ ਉਝਾਨਾ ਪਿੰਡਾਂ ਦਾ ਦੌਰਾ ਕੀਤਾ ਅਤੇ ਹਾੜੀ ਦੀ ਫਸਲ ਸਰਵੇਖਣ ਦਾ ਮੌਕੇ ’ਤੇ ਨਿਰੀਖਣ ਕੀਤਾ। ਇਸ ਦੌਰਾਨ, ਉਹ ਨਿੱਜੀ ਤੌਰ ’ਤੇ ਮਾਲ ਵਿਭਾਗ ਦੇ ਅਧਿਕਾਰੀਆਂ ਨਾਲ ਕਣਕ ਦੇ ਖੇਤਾਂ ਵਿੱਚ ਗਈ ਅਤੇ ਡਿਜੀਟਲ ਫਸਲ ਸਰਵੇਖਣ ਤਹਿਤ ਪਟਵਾਰੀਆਂ ਦੁਆਰਾ ਕੀਤੀਆਂ ਜਾ ਰਹੀਆਂ ਐਂਟਰੀਆਂ ਦਾ ਨਿਰੀਖਣ ਕੀਤਾ। ਉਸਨੇ ਨਿੱਜੀ ਤੌਰ ’ਤੇ ਕਈ ਏਕੜ ਵਿੱਚ ਵੀ ਦਾਖਲਾ ਲਿਆ ਅਤੇ ਐਪ ’ਤੇ ਡੇਟਾ ਅਪਲੋਡ ਕੀਤਾ। ਡੀਸੀ ਨੇ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਸਰਵੇਖਣ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਕਿਸਾਨ ਸਰਵੇਖਣ ਅਨੁਸਾਰ ਯੋਜਨਾਵਾਂ ਦਾ ਲਾਭ ਲੈ ਸਕਣ।



ਦੌਰੇ ਦੌਰਾਨ, ਡੀਸੀ ਨੇ ਪਹਿਲਾਂ ਕੁਲਤਾਰਨ ਪਿੰਡ ਦੇ ਖੇਤਾਂ ਦਾ ਨਿਰੀਖਣ ਕੀਤਾ। ਉਹ ਮੁੱਖ ਸੜਕ ਤੋਂ ਅੱਗੇ ਵਧੀ ਅਤੇ ਪਟਵਾਰੀਆਂ ਦੁਆਰਾ ਤਿਆਰ ਕੀਤੇ ਗਏ ਜ਼ਮੀਨੀ ਰਿਕਾਰਡ ਦੀ ਜਾਂਚ ਕੀਤੀ। ਡੀਸੀ ਖੁਦ ਕਈ ਏਕੜ ਕਣਕ ਦੇ ਖੇਤਾਂ ਵਿੱਚ ਘੁੰਮੀ ਅਤੇ ਪਲਾਟ ਨੰਬਰ ਦੇ ਆਧਾਰ ’ਤੇ ਡਿਜੀਟਲ ਸਰਵੇਖਣ ਵਿੱਚ ਐਂਟਰੀਆਂ ਦਾ ਨਿਰੀਖਣ ਕੀਤਾ। ਇਸ ਦੌਰਾਨ, ਉਸਨੇ ਸਜਰਾ ਅਤੇ ਟੈਬ ’ਤੇ ਦਰਜ ਡੇਟਾ ਦੀ ਤੁਲਨਾ ਵੀ ਕੀਤੀ, ਜੋ ਸਹੀ ਪਾਏ ਗਏ।

ਡੀਸੀ ਨੇ ਫਿਰ ਪਿੰਡ ਉਝਾਨਾ ਦੇ ਖੇਤਾਂ ਦਾ ਦੌਰਾ ਕੀਤਾ, ਜਿੱਥੇ ਸਬੰਧਤ ਪਟਵਾਰੀ ਦੁਆਰਾ ਤਿਆਰ ਕੀਤੇ ਗਏ ਜ਼ਮੀਨੀ ਰਿਕਾਰਡ ਸਹੀ ਪਾਏ ਗਏ। ਡੀਸੀ ਨੇ ਸਬੰਧਤ ਅਧਿਕਾਰੀਆਂ ਨੂੰ ਪੂਰੀ ਸ਼ੁੱਧਤਾ ਅਤੇ ਪਾਰਦਰਸ਼ਤਾ ਨਾਲ ਫਸਲ ਰਿਪੋਰਟਾਂ ਤਿਆਰ ਕਰਨ ਦੇ ਨਿਰਦੇਸ਼ ਦਿੱਤੇ। ਉਸਨੇ ਸਪੱਸ਼ਟ ਤੌਰ ’ਤੇ ਕਿਹਾ ਕਿ ਜ਼ਮੀਨੀ ਰਿਕਾਰਡ ਸਿਰਫ਼ ਕਾਗਜ਼ੀ ਪ੍ਰਕਿਰਿਆ ਨਹੀਂ ਹੋਣੇ ਚਾਹੀਦੇ ਸਗੋਂ ਅਸਲ ਸਥਿਤੀ ’ਤੇ ਅਧਾਰਤ ਹੋਣੇ ਚਾਹੀਦੇ ਹਨ। ਡਿਜੀਟਲ ਫਸਲ ਸਰਵੇਖਣ ਦੇ ਨਿਰੀਖਣ ਦੌਰਾਨ, ਉਸਨੇ ਦੇਖਿਆ ਕਿ ਕਿਵੇਂ ਪਟਵਾਰੀ, ਨਾਇਬ ਤਹਿਸੀਲਦਾਰ ਅਤੇ ਤਹਿਸੀਲਦਾਰ ਦੀ ਟੀਮ ਖੇਤਾਂ ਵਿੱਚ ਗਈ ਅਤੇ ਇੱਕ ਵਿਸ਼ੇਸ਼ ਐਪ ਰਾਹੀਂ ਫਸਲ ਦੀ ਕਿਸਮ, ਇਸਦੀ ਸਥਿਤੀ ਅਤੇ ਹੋਰ ਜ਼ਰੂਰੀ ਜਾਣਕਾਰੀ ਦਰਜ ਕੀਤੀ। ਡੀਸੀ ਨੇ ਕਿਹਾ ਕਿ ਅਧਿਕਾਰੀਆਂ ਨੂੰ ਇਸ ਸਰਵੇਖਣ ਨੂੰ ਹਰ ਕੀਮਤ ’ਤੇ 31 ਮਾਰਚ ਤੱਕ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਨੂੰ ਸਿਰਫ਼ ਖੇਤਾਂ ਵਿੱਚ ਅਸਲ ਵਿੱਚ ਖੜ੍ਹੀਆਂ ਫਸਲਾਂ ਨੂੰ ਹੀ ਰਿਕਾਰਡ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਨੇ ਸਰਵੇਖਣ ਦੌਰਾਨ ਪੈਦਾ ਹੋਣ ਵਾਲੀਆਂ ਤਕਨੀਕੀ ਅਤੇ ਵਿਹਾਰਕ ਸਮੱਸਿਆਵਾਂ ਬਾਰੇ ਵੀ ਪੁੱਛਗਿੱਛ ਕੀਤੀ ਅਤੇ ਉਨ੍ਹਾਂ ਦੇ ਹੱਲ ਲਈ ਜ਼ਰੂਰੀ ਨਿਰਦੇਸ਼ ਦਿੱਤੇ। ਇਸ ਮੌਕੇ ਤਹਿਸੀਲਦਾਰ ਰਵਿੰਦਰ ਹੁੱਡਾ ਅਤੇ ਹੋਰ ਸਬੰਧਤ ਪਟਵਾਰੀ ਮੌਜੂਦ ਸਨ।



# ਆਦਿੱਤਿਆ ਸੁਰਜੇਵਾਲਾ ਨੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਸਰਕਾਰ ਦੀ ਤਿੱਖੀ ਆਲੋਚਨਾ

➢ ਹਰਿਆਣਾ ਵਿੱਚ ਗੈਰ-ਕਾਨੂੰਨੀ ਮਾਈਨਿੰਗ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵੱਡੇ ਪੱਧਰ ’ਤੇ ਫੈਲੀ ਹੋਈ ਹੈ

ਨਰਵਾਣਾ, 25 ਮਾਰਚ (ਨਰਿੰਦਰ ਕੁਮਾਰ): ਕੈਥਲ ਦੇ ਵਿਧਾਇਕ ਆਦਿੱਤਿਆ ਸੁਰਜੇਵਾਲਾ ਨੇ ਬੁੱਧਵਾਰ ਨੂੰ ਹਰਿਆਣਾ ਸਰਕਾਰ ’ਤੇ ਗੰਭੀਰ ਦੋਸ਼ ਲਗਾਏ, ਦੋਸ਼ ਲਗਾਇਆ ਕਿ ਰਾਜ ਵਿੱਚ ਗੈਰ-ਕਾਨੂੰਨੀ ਮਾਈਨਿੰਗ, ਜੰਗਲ ਲੁੱਟ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਗਾਤਾਰ ਵੱਧ ਰਹੀ ਹੈ।

ਉਨ੍ਹਾਂ ਕਿਹਾ ਕਿ ਭਾਜਪਾ ਸਰਕਾਰ ਦੀ ਸੁਰੱਖਿਆ ਹੇਠ ਮਾਈਨਿੰਗ ਮਾਫੀਆ ਅਤੇ ਨਸ਼ੀਲੇ ਪਦਾਰਥਾਂ ਦੇ ਤਸਕਰੀ ਕਰਨ ਵਾਲੇ ਬੇਖੌਫ਼ ਹੋ ਕੇ ਕੰਮ ਕਰ ਰਹੇ ਹਨ। ਨਰਵਾਣਾ ਸਥਿਤ ਆਪਣੇ ਨਿਵਾਸ ਸਥਾਨ ’ਤੇ ਵਰਕਰਾਂ ਨਾਲ ਮੁਲਾਕਾਤ ਕਰਨ ਅਤੇ ਜਨਤਕ ਸ਼ਿਕਾਇਤਾਂ ਸੁਣਨ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਰਜੇਵਾਲਾ ਨੇ ਕਿਹਾ ਕਿ ਰਾਜ ਵਿੱਚ ਕੁਦਰਤੀ ਸਰੋਤਾਂ ਦੀ ਖੁੱਲ੍ਹੇਆਮ ਲੁੱਟ ਕੀਤੀ ਜਾ ਰਹੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਯਮੁਨਾ ਨਦੀ ਅਤੇ ਘੱਗਰ ਨਦੀ ਖੇਤਰ ਦੇ ਕਈ ਘਾਟਾਂ ਵਿੱਚ ਲੰਬੇ ਸਮੇਂ ਤੋਂ ਗੈਰ-ਕਾਨੂੰਨੀ ਮਾਈਨਿੰਗ ਚੱਲ ਰਹੀ ਹੈ, ਪਰ ਸਰਕਾਰ ਇਸ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ।

ਮੁੱਖ ਮੰਤਰੀ ’ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ ਕਿ ਸਰਕਾਰ ਵਿਕਾਸ ਦੀ ਬਜਾਏ ਰਾਜਨੀਤਿਕ ਗਤੀਵਿਧੀਆਂ ਵਿੱਚ ਰੁੱਝੀ ਹੋਈ ਹੈ, ਜਦੋਂ ਕਿ ਰਾਜ ਦੇ ਕਈ ਜ਼ਿਲ੍ਹਿਆਂ ਵਿੱਚ ਗੈਰ-ਕਾਨੂੰਨੀ ਮਾਈਨਿੰਗ ਅਤੇ ਜੰਗਲਾਂ ਦੀ ਕਟਾਈ ਦਾ ਮੁੱਦਾ ਗੰਭੀਰ ਹੋ ਗਿਆ ਹੈ। ਸੁਰਜੇਵਾਲਾ ਨੇ ਕਿਹਾ ਕਿ ਅਰਾਵਲੀ ਖੇਤਰ ਸਮੇਤ ਵੱਖ-ਵੱਖ ਜੰਗਲੀ ਖੇਤਰਾਂ ਵਿੱਚ ਗੈਰ-ਕਾਨੂੰਨੀ ਮਾਈਨਿੰਗ ਅਤੇ ਰੁੱਖਾਂ ਦੀ ਕਟਾਈ ਜਾਰੀ ਹੈ, ਜਿਸ ਨਾਲ ਵਾਤਾਵਰਣ ਨੂੰ ਕਾਫ਼ੀ ਨੁਕਸਾਨ ਹੋ ਰਿਹਾ ਹੈ।

ਵਿਧਾਇਕ ਸੁਰਜੇਵਾਲਾ ਨੇ ਕਿਹਾ ਕਿ ਹਰਿਆਣਾ ਵਿੱਚ ਨਸ਼ੇ ਦਾ ਖ਼ਤਰਾ ਤੇਜ਼ੀ ਨਾਲ ਫੈਲ ਰਿਹਾ ਹੈ, ਜਿਸ ਵਿੱਚ ਨੌਜਵਾਨ ਸਭ ਤੋਂ ਵੱਧ ਇਸਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਨਸ਼ਾ ਮਾਫੀਆ ਪਿੰਡਾਂ ਤੋਂ ਸ਼ਹਿਰਾਂ ਤੱਕ ਸਰਗਰਮ ਹਨ, ਅਤੇ ਸਰਕਾਰ ਇਸ ਨੂੰ ਰੋਕਣ ਵਿੱਚ ਅਸਫਲ ਰਹੀ ਹੈ। ਉਨ੍ਹਾਂ ਕਿਹਾ ਕਿ ਮੈਡੀਕਲ ਦਵਾਈਆਂ ਦੀ ਵਿਕਰੀ ਵੀ ਤੇਜ਼ੀ ਨਾਲ ਵਧੀ ਹੈ, ਜਿਸ ਨਾਲ ਨੌਜਵਾਨਾਂ ਦਾ ਭਵਿੱਖ ਖ਼ਤਰੇ ਵਿੱਚ ਪੈ ਗਿਆ ਹੈ। ਨਰਵਾਣਾ ਵਿੱਚ ਆਪਣੇ ਨਿਵਾਸ ਸਥਾਨ ’ਤੇ ਹੋਈ ਇੱਕ ਜਨਤਕ ਸੁਣਵਾਈ ਦੌਰਾਨ, ਸੁਰਜੇਵਾਲਾ ਨੇ ਵੱਖ-ਵੱਖ ਜਨਤਕ ਚਿੰਤਾਵਾਂ ਸੁਣੀਆਂ ਅਤੇ ਕਈਆਂ ਦਾ ਮੌਕੇ ’ਤੇ ਹੀ ਹੱਲ ਕੀਤਾ। ਵੱਡੀ ਗਿਣਤੀ ਵਿੱਚ ਕਾਰਕੁਨ ਅਤੇ ਸਥਾਨਕ ਨਿਵਾਸੀ ਮੌਜੂਦ ਸਨ। ਸੁਰਜੇਵਾਲਾ ਨੇ ਕਿਹਾ ਕਿ ਸਰਕਾਰ ਨੂੰ ਰਾਜ ਵਿੱਚ ਵੱਧ ਰਹੀ ਗੈਰ-ਕਾਨੂੰਨੀ ਮਾਈਨਿੰਗ, ਜੰਗਲੀ ਸਰੋਤਾਂ ਦੀ ਲੁੱਟ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਜਵਾਬ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਸਮੇਂ ਸਿਰ ਸਖ਼ਤ ਕਾਰਵਾਈ ਨਹੀਂ ਕੀਤੀ ਗਈ, ਤਾਂ ਰਾਜ ਦੇ ਨੌਜਵਾਨਾਂ ਅਤੇ ਕੁਦਰਤੀ ਸਰੋਤਾਂ ਨੂੰ ਕਾਫ਼ੀ ਨੁਕਸਾਨ ਹੋਵੇਗਾ। ਉਨ੍ਹਾਂ ਇਹ ਕਹਿ ਕੇ ਸਮਾਪਤ ਕੀਤਾ ਕਿ ਉਹ ਲੋਕਾਂ ਦੀ ਆਵਾਜ਼ ਬੁਲੰਦ ਕਰਦੇ ਰਹਿਣਗੇ ਅਤੇ ਰਾਜ ਦੇ ਹਿੱਤਾਂ ਲਈ ਲੜਦੇ ਰਹਿਣਗੇ।

# ਨੋਵੀਰਾ ਵਿਖੇ ਪ੍ਰਤਿਭਾ ਚਮਕਦੀ ਹੈ: ਵੇਦਾਂਤਾ ਕਿਡਜ਼ ਇੰਟਰਨੈਸ਼ਨਲ ਸਕੂਲ, ਨਰਵਾਣਾ ਦਾ ਸਾਲਾਨਾ ਤਿਉਹਾਰ ਸ਼ਾਨੋ-ਸ਼ੌਕਤ ਨਾਲ ਮਨਾਇਆ

### ਸਿੱਖਿਆ, ਸੱਭਿਆਚਾਰ ਅਤੇ ਪ੍ਰਾਪਤੀਆਂ ਦਾ ਇੱਕ ਸ਼ਾਨਦਾਰ ਸੰਗਮ, ਨੌਜਵਾਨ ਕਲਾਕਾਰਾਂ ਨੇ ਦਰਸ਼ਕਾਂ ਨੂੰ ਮੋਹਿਤ ਕੀਤਾ

ਨਰਵਾਣਾ, 25 ਮਾਰਚ (ਨਰਿੰਦਰ ਕੁਮਾਰ): ਸਾਲਾਨਾ ਤਿਉਹਾਰ, ਨੋਵੀਰਾ – ਚਮਕ ਦਾ ਇੱਕ ਨਵਾਂ ਯੁੱਗ, ਬਸੰਤ ਵਿਹਾਰ ਵਿੱਚ ਸਥਿਤ ਵੇਦਾਂਤਾ ਕਿਡਜ਼ ਇੰਟਰਨੈਸ਼ਨਲ ਸਕੂਲ, ਨਰਵਾਣਾ ਵਿਖੇ ਬਹੁਤ ਧੂਮਧਾਮ, ਉਤਸ਼ਾਹ ਅਤੇ ਸ਼ਾਨ ਨਾਲ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਨੇ ਸਿੱਖਿਆ, ਸੱਭਿਆਚਾਰ ਅਤੇ ਵਿਦਿਆਰਥੀ ਪ੍ਰਤਿਭਾ ਦਾ ਇੱਕ ਸ਼ਾਨਦਾਰ ਮਿਸ਼ਰਣ ਪ੍ਰਦਰਸ਼ਿਤ ਕੀਤਾ, ਜਿਸ ਨੇ ਸਾਰੇ ਮਹਿਮਾਨਾਂ ਅਤੇ ਮੌਜੂਦ ਮਾਪਿਆਂ ਨੂੰ ਮੋਹਿਤ ਕੀਤਾ। ਸੁਰੇਸ਼ ਨੈਨ, ਬਲਾਕ ਸਿੱਖਿਆ ਅਧਿਕਾਰੀ, ਕਲਾਇਤ, ਮੁੱਖ ਮਹਿਮਾਨ ਸਨ, ਜਦੋਂ ਕਿ ਬਾਬਾ ਗੱਬੀ ਸਾਹਿਬ ਮੰਦਰ, ਨਰਵਾਣਾ ਦੇ ਮਹੰਤ ਅਜੇ ਗਿਰੀ ਮਹਾਰਾਜ, ਵਿਸ਼ੇਸ਼ ਅਧਿਆਤਮਿਕ ਮਹਿਮਾਨ ਵਜੋਂ ਇਸ ਪ੍ਰੋਗਰਾਮ ਵਿੱਚ ਸ਼ਾਮਲ ਹੋਏ। ਕਈ ਪਤਵੰਤੇ, ਜਿਨ੍ਹਾਂ ਵਿੱਚ ਐਮਡੀਐਨ ਗਲੋਬਲ ਸਕੂਲ, ਕੈਥਲ ਦੇ ਡਾਇਰੈਕਟਰ ਵਿਨੋਦ ਕੁਮਾਰ; ਸੇਵਾਮੁਕਤ ਪ੍ਰਿੰਸੀਪਲ ਪ੍ਰਿਥਵੀ ਸਿੰਘ ਚੋਪੜਾ; ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਪੁਨੀਤ ਜੈਨ; ਨਰਵਾਣਾ ਦੇ ਐਸਐਮਓ ਡਾ. ਦੇਵੇਂਦਰ ਬਿੰਦਲਿਸ਼; ਕਲੋਦਾ ਖੁਰਦ ਦੇ ਐਸਐਮਓ ਰਘੁਬੀਰ ਸਰਪੰਚ; ਮਨਜੀਤ, ਜਨ ਸਿਹਤ ਵਿਭਾਗ; ਅਤੇ ਡਾ. ਬਬੀਤਾ ਮੌਜੂਦ ਸਨ। ਪ੍ਰੋਗਰਾਮ ਦੀ ਸ਼ੁਰੂਆਤ ਦੀਵੇ ਜਗਾਉਣ ਅਤੇ ਮਹਿਮਾਨਾਂ ਦਾ ਸ਼ਾਨਦਾਰ ਸਵਾਗਤ ਕਰਨ ਨਾਲ ਹੋਈ। ਸਕੂਲ ਦੇ ਚੇਅਰਮੈਨ ਰਵੀ ਸ਼ਯੋਕੰਦ, ਡਾਇਰੈਕਟਰ ਇੰਜੀਨੀਅਰ ਪ੍ਰਦੀਪ ਨੈਨ ਅਤੇ ਪ੍ਰਿੰਸੀਪਲ ਰਸ਼ਮੀ ਜੈਨ ਨੇ ਸਾਰੇ ਮਹਿਮਾਨਾਂ ਦਾ ਸਵਾਗਤ ਕੀਤਾ।



ਪ੍ਰੋਗਰਾਮ ਦੀ ਇੱਕ ਵਿਸ਼ੇਸ਼ ਵਿਸ਼ੇਸ਼ਤਾ ਨੌਜਵਾਨ ਐਂਕਰ – ਯਸ਼ੀ, ਰੇਯਾਂਸ਼, ਉਰਵੀ, ਸਾਵਿਆ, ਮੰਨਤ, ਸੀਰਤ, ਸੁਰੈਨਾ ਅਤੇ ਸ਼ਾਨਵੀ ਸਨ – ਜਿਨ੍ਹਾਂ ਨੇ ਪੂਰੇ ਪ੍ਰੋਗਰਾਮ ਨੂੰ ਆਤਮਵਿਸ਼ਵਾਸ ਨਾਲ ਸੰਚਾਲਿਤ ਕਰਕੇ ਸਾਰਿਆਂ ਦਾ ਦਿਲ ਜਿੱਤ ਲਿਆ। ਵਿਦਿਆਰਥੀਆਂ ਦੀਆਂ ਪਾਵਰਪੁਆਇੰਟ ਪੇਸ਼ਕਾਰੀਆਂ ਨੇ ਸਕੂਲ ਦੀਆਂ ਪ੍ਰਾਪਤੀਆਂ ਅਤੇ ਸ਼ਾਨਦਾਰ ਯਾਤਰਾ ਨੂੰ ਪ੍ਰਦਰਸ਼ਿਤ ਕੀਤਾ, ਜਿਸ ਨਾਲ ਮਾਪਿਆਂ ਨੂੰ ਮਾਣ ਨਾਲ ਭਰ ਦਿੱਤਾ ਗਿਆ। ਇਸ ਤੋਂ ਬਾਅਦ, ਨੌਜਵਾਨ ਕਲਾਕਾਰਾਂ ਨੇ ਆਪਣੀਆਂ ਪੇਸ਼ਕਾਰੀਆਂ ਵਿੱਚ ਇੱਕ ਤਿਉਹਾਰ ਵਾਲਾ ਮਾਹੌਲ ਜੋੜਿਆ, ਜਿਸ ਵਿੱਚ ਸਵਾਗਤ ਨਾਚ, ਰਾਜਸਥਾਨੀ, ਹਰਿਆਣਵੀ, ਪੰਜਾਬੀ ਅਤੇ ਯੋਗਾ ਪ੍ਰਦਰਸ਼ਨ ਸ਼ਾਮਲ ਸਨ। ਸਕੂਲ ਦੇ ਅਧਿਆਪਕਾਂ ਨੇ ਖੁਦ ਸਾਰੇ ਪ੍ਰਦਰਸ਼ਨਾਂ ਲਈ ਸਿਖਲਾਈ ਦਿੱਤੀ, ਆਪਣੀ ਸਮਰਪਣ ਅਤੇ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਮੁੱਖ ਮਹਿਮਾਨ ਸੁਰੇਸ਼ ਨੈਨ ਨੇ ਸਕੂਲ ਦੇ ਯਤਨਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਵੇਦਾਂਤ ਵਿਦਿਆਲਿਆ ਸਿਰਫ਼ ਸਿੱਖਿਆ ’ਤੇ ਹੀ ਨਹੀਂ ਸਗੋਂ ਨੈਤਿਕ ਕਦਰਾਂ-ਕੀਮਤਾਂ ਦੇ ਵਿਕਾਸ ’ਤੇ ਵੀ ਧਿਆਨ ਕੇਂਦਰਿਤ ਕਰਦਾ ਹੈ, ਜੋ ਕਿ ਅੱਜ ਦੇ ਸਮੇਂ ਵਿੱਚ ਇੱਕ ਮਹੱਤਵਪੂਰਨ ਲੋੜ ਹੈ। ਆਪਣੇ ਸੰਬੋਧਨ ਵਿੱਚ, ਡਾਇਰੈਕਟਰ ਇੰਜੀਨੀਅਰ ਪ੍ਰਦੀਪ ਨੈਨ ਨੇ ਕਿਹਾ ਕਿ ਵੇਦਾਂਤਾ ਪਿਛਲੇ 11 ਸਾਲਾਂ ਤੋਂ ਸਿੱਖਿਆ ਦੇ ਖੇਤਰ ਵਿੱਚ ਲਗਾਤਾਰ ਉੱਤਮ ਰਿਹਾ ਹੈ, ਅਤੇ ਇਹ ਯਾਤਰਾ ਵਿਸ਼ਵਾਸ ਅਤੇ ਸਮਰਪਣ ਦਾ ਪ੍ਰਤੀਕ ਹੈ। ਪ੍ਰਿੰਸੀਪਲ ਰਸ਼ਮੀ ਜੈਨ ਨੇ ਕਿਹਾ ਕਿ ਹਰ ਬੱਚਾ ਵਿਲੱਖਣ ਹੁੰਦਾ ਹੈ, ਅਤੇ ਸਾਡਾ ਟੀਚਾ ਉਨ੍ਹਾਂ ਦੀ ਪ੍ਰਤਿਭਾ ਨੂੰ ਪਛਾਣਨਾ ਅਤੇ ਉਨ੍ਹਾਂ ਨੂੰ ਸਹੀ ਦਿਸ਼ਾ ਵਿੱਚ ਮਾਰਗਦਰਸ਼ਨ ਕਰਨਾ ਹੈ। ਇਸ ਮੌਕੇ ਸਾਲਾਨਾ ਨਤੀਜਿਆਂ ਦੀ ਘੋਸ਼ਣਾ ਅਤੇ ਇਨਾਮ ਵੰਡ ਸਮਾਰੋਹ ਵੀ ਆਯੋਜਿਤ ਕੀਤਾ ਗਿਆ, ਜਿੱਥੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਅਤੇ ਉਤਸ਼ਾਹਿਤ ਕੀਤਾ ਗਿਆ। ਅੰਤ ਵਿੱਚ, ਸਕੂਲ ਪ੍ਰਬੰਧਨ ਨੇ ਮੁੱਖ ਮਹਿਮਾਨ ਅਤੇ ਹੋਰ ਵਿਸ਼ੇਸ਼ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹਾਂ ਨਾਲ ਸਨਮਾਨਿਤ ਕੀਤਾ। ਪ੍ਰੋਗਰਾਮ ਇੱਕ ਸ਼ਾਨਦਾਰ ਸਮਾਪਤੀ ਨਾਲ ਸਮਾਪਤ ਹੋਇਆ ਜਿਸਨੇ ਸਾਰਿਆਂ ’ਤੇ ਇੱਕ ਅਭੁੱਲ ਛਾਪ ਛੱਡੀ। ਸਕੂਲ ਪਰਿਵਾਰ ਨੇ ਇਸ ਸਫਲ ਸਮਾਗਮ ਲਈ ਮਾਪਿਆਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਅਜਿਹੇ ਪ੍ਰੇਰਨਾਦਾਇਕ ਪ੍ਰੋਗਰਾਮ ਆਯੋਜਿਤ ਕਰਨ ਦਾ ਵਾਅਦਾ ਕੀਤਾ।

# ਰੁਜ਼ਗਾਰ ਮੇਲਾ ਆਤਮਨਿਰਭਰਤਾ ਵੱਲ ਇੱਕ ਸਕਾਰਾਤਮਕ ਕਦਮ: ਸੰਜੀਵ ਸਿੰਗਲਾ




ਬਾਬੈਨ, 25 ਮਾਰਚ (ਰਾਜੇਸ਼ ਕੁਮਾਰ): ਐਮ3ਐਮ ਫਾਊਂਡੇਸ਼ਨ ਦੁਆਰਾ ਚਲਾਈ ਜਾ ਰਹੀ ਐਂਪਾਵਰ ਅਕੈਡਮੀ ਫਾਰ ਸਕਿੱਲਜ਼ ਦੁਆਰਾ ਬਾਬੈਨ ਵਿੱਚ ਇੱਕ ਵਿਸ਼ਾਲ ਰੁਜ਼ਗਾਰ ਮੇਲਾ ਲਗਾਇਆ ਗਿਆ। ਇਸ ਸਮਾਗਮ ਨੂੰ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ, ਲਾਡਵਾ ਵਿਧਾਨ ਸਭਾ ਤੋਂ ਮੁੱਖ ਮੰਤਰੀ ਦੇ ਪ੍ਰਤੀਨਿਧੀ ਕੈਲਾਸ਼ ਸੈਨੀ ਅਤੇ ਬਾਬੈਨ ਸਰਪੰਚ ਸੰਜੀਵ ਸਿੰਗਲਾ ਗੋਲਡੀ ਦਾ ਵਿਸ਼ੇਸ਼ ਸਮਰਥਨ ਪ੍ਰਾਪਤ ਹੋਇਆ। ਅਕੈਡਮੀ ਵਿੱਚ ਵੱਖ-ਵੱਖ ਕੋਰਸਾਂ ਵਿੱਚ ਸਿਖਲਾਈ ਪ੍ਰਾਪਤ ਕਰਨ ਵਾਲੇ ਉਮੀਦਵਾਰਾਂ ਨੇ ਰੁਜ਼ਗਾਰ ਮੇਲੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਕੁੱਲ 80 ਉਮੀਦਵਾਰ ਇੰਟਰਵਿਊ ਲਈ ਆਏ। ਕੈਸ਼ ਕ੍ਰੌਪ, ਡੀ ਮਾਰਟ ਅਤੇ ਮਿਲੋ ਮਾਰਟ ਵਰਗੀਆਂ ਨਾਮਵਰ ਕੰਪਨੀਆਂ ਨੇ ਡੇਟਾ ਐਂਟਰੀ ਆਪਰੇਟਰ, ਪੈਕਰ, ਸਕੈਨਰ ਅਤੇ ਕੈਸ਼ੀਅਰ ਵਰਗੇ ਵੱਖ-ਵੱਖ ਅਹੁਦਿਆਂ ਲਈ ਚੋਣ ਪ੍ਰਕਿਰਿਆ ਵਿੱਚ ਹਿੱਸਾ ਲਿਆ। ਰੁਜ਼ਗਾਰ ਮੇਲੇ ਦੀ ਇੱਕ ਵਿਸ਼ੇਸ਼ ਪ੍ਰਾਪਤੀ ਇਹ ਸੀ ਕਿ ਕੁੱਲ 75 ਉਮੀਦਵਾਰਾਂ ਦੀ ਚੋਣ ਕੀਤੀ ਗਈ, ਜਿਨ੍ਹਾਂ ਵਿੱਚੋਂ 45 ਨੂੰ ਮੌਕੇ ’ਤੇ ਹੀ ਪੇਸ਼ਕਸ਼ ਪੱਤਰ ਪ੍ਰਦਾਨ ਕੀਤੇ ਗਏ। ਚੁਣੇ ਗਏ ਉਮੀਦਵਾਰਾਂ ਨੂੰ 10,000 ਤੋਂ 18,000 ਪ੍ਰਤੀ ਮਹੀਨਾ ਤਨਖਾਹ ’ਤੇ ਅਹੁਦੇ ਦੀ ਪੇਸ਼ਕਸ਼ ਕੀਤੀ ਗਈ, ਜਿਸ ਨਾਲ ਨੌਜਵਾਨਾਂ ਵਿੱਚ ਉਤਸ਼ਾਹ ਪੈਦਾ ਹੋਇਆ। ਇਸ ਮੌਕੇ ਬੋਲਦਿਆਂ, ਐਮ3ਐਮ ਫਾਊਂਡੇਸ਼ਨ ਦੀ ਚੇਅਰਪਰਸਨ ਅਤੇ ਟਰੱਸਟੀ ਡਾ. ਪਾਇਲ ਕਨੋਡੀਆ ਨੇ ਕਿਹਾ ਕਿ ਇਹ ਪਹਿਲਕਦਮੀ ਖੇਤਰ ਦੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਅਤੇ ਉਨ੍ਹਾਂ ਨੂੰ ਵੱਖ-ਵੱਖ ਖੇਤਰਾਂ ਵਿੱਚ ਰੁਜ਼ਗਾਰ ਲਈ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਐਮ3ਐਮ ਫਾਊਂਡੇਸ਼ਨ ਦੀ ਪ੍ਰਧਾਨ ਅਤੇ ਮੈਨੇਜਿੰਗ ਟਰੱਸਟੀ ਡਾ. ਐਸ਼ਵਰਿਆ ਮਹਾਜਨ ਨੇ ਕਿਹਾ ਕਿ ਅਜਿਹੇ ਨੌਕਰੀ ਮੇਲੇ ਨਿਯਮਿਤ ਤੌਰ ’ਤੇ ਆਯੋਜਿਤ ਕੀਤੇ ਜਾਂਦੇ ਹਨ, ਜਿਸਦਾ ਉਦੇਸ਼ ਨੌਜਵਾਨਾਂ ਅਤੇ ਉਦਯੋਗ ਵਿਚਕਾਰ ਪਾੜੇ ਨੂੰ ਪੂਰਾ ਕਰਨਾ ਹੈ। ਉਨ੍ਹਾਂ ਅੱਗੇ ਕਿਹਾ ਕਿ ਸੰਸਥਾ ਸਕਿੱਲ ਇੰਡੀਆ ਮਿਸ਼ਨ ਦੇ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਇਹ ਸਮਾਗਮ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਉਨ੍ਹਾਂ ਨੂੰ ਸਵੈ-ਨਿਰਭਰ ਬਣਾਉਣ ਲਈ ਇੱਕ ਸ਼ਲਾਘਾਯੋਗ ਪਹਿਲਕਦਮੀ ਸਾਬਤ ਹੋਇਆ।







# ਸਕੂਲ ਸਿੱਖਿਆ ਦੇ ਨਾਲ-ਨਾਲ ਕਦਰਾਂ-ਕੀਮਤਾਂ ਅਤੇ ਸ਼ਖਸੀਅਤ ਵਿਕਾਸ ਵੱਲ ਵਿਸ਼ੇਸ਼ ਧਿਆਨ ਦਿੰਦਾ ਹੈ : ਬਸੰਤ ਬੱਤਰਾ

ਰਤੀਆ, 25 ਮਾਰਚ (ਅਮਨ ਸੇਠੀ): ਮਦਰ ਇੰਡੀਆ ਕਾਨਵੈਂਟ ਸਕੂਲ, ਰਤੀਆ ਵਿਖੇ ਸਾਲਾਨਾ ਪ੍ਰੀਖਿਆ ਦੇ ਨਤੀਜੇ ਐਲਾਨੇ ਗਏ। ਇਸ ਮੌਕੇ ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਉਤਸ਼ਾਹ ਦਾ ਮਾਹੌਲ ਸੀ।

ਸਕੂਲ ਪਰਿਵਾਰ ਨੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਆਪਣੇ ਸੰਬੋਧਨ ਵਿੱਚ ਪ੍ਰਿੰਸੀਪਲ ਲੋਕੇਸ਼ ਖੁਰਾਨਾ ਨੇ ਵਿਦਿਆਰਥੀਆਂ ਨੂੰ ਮਿਹਨਤੀ, ਅਨੁਸ਼ਾਸਿਤ ਅਤੇ ਆਪਣੇ ਟੀਚਿਆਂ ਪ੍ਰਤੀ ਸਮਰਪਿਤ ਰਹਿਣ ਲਈ ਉਤਸ਼ਾਹਿਤ ਕੀਤਾ।

ਉਨ੍ਹਾਂ ਕਿਹਾ ਕਿ ਪ੍ਰੀਖਿਆ ਦੇ ਨਤੀਜੇ ਸਿਰਫ਼ ਅੰਕ ਨਹੀਂ ਹਨ, ਸਗੋਂ ਵਿਦਿਆਰਥੀਆਂ ਦੀ ਸਾਲ ਭਰ ਦੀ ਮਿਹਨਤ ਅਤੇ ਸਮਰਪਣ ਦਾ ਪ੍ਰਤੀਬਿੰਬ ਹਨ। ਸਕੂਲ ਮੈਨੇਜਰ ਬਸੰਤ ਲਾਲ ਬੱਤਰਾ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸਕੂਲ ਵਿੱਦਿਅਕ ਦੇ ਨਾਲ-ਨਾਲ ਕਦਰਾਂ-ਕੀਮਤਾਂ ਅਤੇ ਸ਼ਖਸੀਅਤ ਵਿਕਾਸ ’ਤੇ ਵਿਸ਼ੇਸ਼ ਜ਼ੋਰ ਦਿੰਦਾ ਹੈ।

ਵਾਈਸ-ਪ੍ਰਿੰਸੀਪਲ ਸਾਕਸ਼ੀ ਬੱਤਰਾ ਨੇ ਵਿਦਿਆਰਥੀਆਂ ਨੂੰ ਆਉਣ ਵਾਲੀਆਂ ਕਲਾਸਾਂ ਲਈ ਹੋਰ ਵੀ ਉਤਸ਼ਾਹ ਨਾਲ ਤਿਆਰੀ ਕਰਨ ਲਈ ਉਤਸ਼ਾਹਿਤ ਕੀਤਾ ਅਤੇ ਉਨ੍ਹਾਂ ਦੀ ਨਿਰੰਤਰ ਤਰੱਕੀ ਦੀ ਕਾਮਨਾ ਕੀਤੀ। ਸਕੂਲ ਪ੍ਰਬੰਧਨ ਨੇ ਉਨ੍ਹਾਂ ਦੀਆਂ ਕਲਾਸਾਂ ਵਿੱਚ ਚੋਟੀ ਦੇ ਵਿਦਿਆਰਥੀਆਂ ਨੂੰ ਸ਼ੀਲਡਾਂ ਅਤੇ ਸਰਟੀਫਿਕੇਟਾਂ ਨਾਲ ਸਨਮਾਨਿਤ ਵੀ ਕੀਤਾ, ਜਿਸ ਨਾਲ ਵਿਦਿਆਰਥੀਆਂ ਵਿੱਚ ਕਾਫ਼ੀ ਉਤਸ਼ਾਹ ਪੈਦਾ ਹੋਇਆ। ਸਕੂਲ ਪ੍ਰਿੰਸੀਪਲ ਲੋਕੇਸ਼ ਖੁਰਾਨਾ ਨੇ ਇਹ ਵੀ ਦੱਸਿਆ ਕਿ ਸਕੂਲ ਨੇ ਆਉਣ ਵਾਲੇ ਅਕਾਦਮਿਕ ਸੈਸ਼ਨ ਲਈ ਰੱਤਾਖੇੜਾ ਵਿੱਚ ਇੱਕ ਵੱਡਾ ਅਤੇ ਪ੍ਰਭਾਵਸ਼ਾਲੀ ਖੇਡ ਕੰਪਲੈਕਸ ਬਣਾਇਆ ਹੈ, ਜਿੱਥੇ ਵਿਦਿਆਰਥੀ ਨਿਯਮਿਤ ਤੌਰ ’ਤੇ ਵੱਖ-ਵੱਖ ਖੇਡਾਂ ਦਾ ਅਭਿਆਸ ਕਰ ਸਕਣਗੇ। ਉਨ੍ਹਾਂ ਅੱਗੇ ਕਿਹਾ ਕਿ ਹਰੇਕ ਖੇਡ ਲਈ ਸਿਖਲਾਈ ਪ੍ਰਾਪਤ ਕੋਚਾਂ ਦਾ ਵੀ ਪ੍ਰਬੰਧ ਕੀਤਾ ਗਿਆ ਹੈ, ਜਿਸ ਨਾਲ ਇਹ ਯਕੀਨੀ ਬਣਾਇਆ ਜਾ ਸਕੇ ਕਿ ਬੱਚੇ ਬਿਹਤਰ ਸਿਖਲਾਈ ਪ੍ਰਾਪਤ ਕਰਨ ਅਤੇ ਰਾਜ ਅਤੇ ਰਾਸ਼ਟਰੀ ਪੱਧਰ ’ਤੇ ਉੱਤਮਤਾ ਪ੍ਰਾਪਤ ਕਰਨ। ਸਕੂਲ ਪ੍ਰਸ਼ਾਸਨ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਸਿੱਖਿਆ ਅਤੇ ਖੇਡਾਂ ਦੋਵਾਂ ਵਿੱਚ ਇਹ ਨਵੀਂ ਪਹਿਲ ਵਿਦਿਆਰਥੀਆਂ ਦੇ ਸਮੁੱਚੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।




# ਡੀਸੀ ਨੇ ਮੁੱਖ ਮੰਤਰੀ ਦੇ ਪ੍ਰਸਤਾਵਿਤ ਦੌਰੇ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਕੀਤੀ

ਸੋਨੀਪਤ, 25 ਮਾਰਚ (ਬਿਊਰੋ): ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੇ 29 ਮਾਰਚ ਨੂੰ ਪ੍ਰਸਤਾਵਿਤ ਦੌਰੇ ਸਬੰਧੀ ਬੁੱਧਵਾਰ ਨੂੰ ਮਿੰਨੀ ਸਕੱਤਰੇਤ ਵਿਖੇ ਇੱਕ ਮੀਟਿੰਗ ਹੋਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇਹਾ ਸਿੰਘ ਨੇ ਸਾਰੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਤਿਆਰੀਆਂ ਦਾ ਜਾਇਜ਼ਾ ਲਿਆ। ਮੀਟਿੰਗ ਵਿੱਚ ਮੁੱਖ ਮੰਤਰੀ ਵੱਲੋਂ ਕੀਤੇ ਜਾਣ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਅਤੇ ਨੀਂਹ ਪੱਥਰ ਰੱਖਣ ਨਾਲ ਸਬੰਧਤ ਪ੍ਰੋਜੈਕਟਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਇਨ੍ਹਾਂ ਵਿੱਚ ਸਿਹਤ ਵਿਭਾਗ, ਬਿਜਲੀ ਵਿਭਾਗ, ਸਿੱਖਿਆ ਵਿਭਾਗ, ਸਿੰਚਾਈ ਵਿਭਾਗ ਅਤੇ ਹੋਰ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਪ੍ਰੋਜੈਕਟ ਸ਼ਾਮਲ ਸਨ। ਡੀਸੀ ਨੇਹਾ ਸਿੰਘ ਨੇ ਅਧਿਕਾਰੀਆਂ ਨੂੰ ਨੀਂਹ ਪੱਥਰ ਰੱਖਣ ਵਾਲੇ ਪ੍ਰੋਜੈਕਟਾਂ ਨਾਲ ਸਬੰਧਤ ਸਾਰੀਆਂ ਰਸਮਾਂ ਨੂੰ ਜਲਦੀ ਪੂਰਾ ਕਰਨ ਅਤੇ ਆਪਣੇ ਸਬੰਧਤ ਹੈੱਡਕੁਆਰਟਰ ਤੋਂ ਪ੍ਰਵਾਨਗੀ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਤਾਕੀਦ ਕੀਤੀ ਕਿ ਉਦਘਾਟਨ ਲਈ ਪ੍ਰਸਤਾਵਿਤ ਥਾਵਾਂ ’ਤੇ ਸੁੰਦਰੀਕਰਨ, ਸਫਾਈ ਅਤੇ ਜ਼ਰੂਰੀ ਪ੍ਰਬੰਧ ਸਮੇਂ ਸਿਰ ਪੂਰੇ ਕੀਤੇ ਜਾਣ ਤਾਂ ਜੋ ਪ੍ਰੋਗਰਾਮ ਨੂੰ ਸੁਚਾਰੂ ਢੰਗ ਨਾਲ ਚਲਾਇਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਮੁੱਖ ਮੰਤਰੀ ਦੇ ਪ੍ਰਸਤਾਵਿਤ ਪ੍ਰੋਗਰਾਮ ਦੇ ਮੱਦੇਨਜ਼ਰ, ਸਾਰੇ ਵਿਭਾਗ ਇੱਕ ਦੂਜੇ ਨਾਲ ਤਾਲਮੇਲ ਨਾਲ ਕੰਮ ਕਰਨ ਅਤੇ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਹੋਣੀ ਚਾਹੀਦੀ। ਮੀਟਿੰਗ ਦੌਰਾਨ ਅਧਿਕਾਰੀਆਂ ਨੂੰ ਪ੍ਰੋਗਰਾਮ ਨਾਲ ਸਬੰਧਤ ਹੋਰ ਜ਼ਰੂਰੀ ਪ੍ਰਬੰਧਾਂ ਬਾਰੇ ਵੀ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ।

